ਕੇਂਦਰ ਸਰਕਾਰ,
ਪੰਜਾਬ ਸਰਕਾਰ,
ਹਰਿਆਣਾ ਸਰਕਾਰ
ਤੋਂ ਹਰ ਤਰ੍ਹਾਂ ਦੇ ਸਰਕਾਰੀ
ਇਸ਼ਤਿਹਾਰਾਂ ਲਈ ਮਨਜ਼ੂਰ।
ਇਸ਼ਤਿਹਾਰ ਪ੍ਰਕਾਸ਼ਿਤ
ਕਰਵਾਉਣ ਲਈ ਸੰਪਰਕ ਕਰੋ।
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਪੰਜਾਬ ਸੰਸਕਰਣ
PUNJAB EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਅੰਮ੍ਰਿਤਸਰ 'ਚ ਏਐਸਆਈ ਦੀ ਕਤਲ ਤੋਂ ਬਾਅਦ ਪੁਲਿਸ ਦੀ 'ਵਰਦੀ ਐਡਵਾਈਜ਼ਰੀ' 'ਤੇ ਸਿਆਸਤ ਹੋਈ ਗਰਮ 07

ਸਾਲ 36, ਅੰਕ 265 Ph (Mohali Office) : 0160-2990739; (M) : +91-98156-16078 ਬੁੱਧਵਾਰ, 23 ਸਤੰਬਰ 2026 (7 ਅੱਸੂ, ਨਾਨਕਸ਼ਾਹੀ ਸੰਮਤ 558) RNI NO. PBPUN/25/RAA36(51354/90) ਸਫ਼ੇ – 8 ਮੁੱਲ :₹2

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰੂਪ ਰਾਣੀ ਸਰਕਾਰੀ ਕਾਲਜ ਵਿਖੇ ਵਿਦਿਆਰਥਣਾਂ ਨਾਲ ਰੂ-ਬਰੂ ਹੋਏ

ਦੇਸ਼ ਪ੍ਰਦੇਸ਼ ਅੰਮ੍ਰਿਤਸਰ, 22 ਸਤੰਬਰ (ਰਾਜੇਸ਼ ਡੈਨੀ) : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੱਜ ਸਰੂਪ ਰਾਣੀ ਸਰਕਾਰੀ ਕਾਲਜ, ਅੰਮ੍ਰਿਤਸਰ ਵਿਖੇ ਵਿਦਿਆਰਥਣਾਂ ਨਾਲ ਰੂ-ਬਰੂ ਹੋਏ। ਕਾਲਜ ਦੀ ਪ੍ਰਿੰਸੀਪਲ ਸ੍ਰੀਮਤੀ ਕਿਰਨਜੀਤ ਬੱਲ ਵੱਲੋਂ ਮੁੱਖ ਮੰਤਰੀ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਵਿੱਦਿਅਕ, ਸਭਿਆਚਾਰਕ ਅਤੇ ਖੇਡ ਗਤੀਵਿਧੀਆਂ ਵਿੱਚ ਕੀਤੇ ਜਾ ਰਹੇ ਸ਼ਾਨਦਾਰ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ।

ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਲੜਕੀਆਂ ਹਰ ਖੇਤਰ ਵਿੱਚ ਆਪਣੀ ਪ੍ਰਤਿਭਾ ਦਾ ਲੋਹਾ ਮਨਵਾ ਰਹੀਆਂ ਹਨ ਅਤੇ ਵਿਦਿਆਰਥਣਾਂ ਨੂੰ ਜੀਵਨ ਵਿੱਚ ਨਿਰੰਤਰ ਅੱਗੇ ਵਧਣ ਲਈ ਉਤਸ਼ਾਹ ਅਤੇ ਦ੍ਰਿੜ੍ਹ ਸੰਕਲਪ ਨਾਲ ਆਪਣੇ ਟੀਚਿਆਂ ਦੀ ਪ੍ਰਾਪਤੀ ਲਈ ਯਤਨਸ਼ੀਲ ਰਹਿਣਾ ਚਾਹੀਦਾ ਹੈ। ਮੁੱਖ ਮੰਤਰੀ ਨੇ ਵਿਦਿਆਰਥਣਾਂ ਨਾਲ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਅਤੇ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਕਾਲਜ ਦੀਆਂ ਵਿੱਦਿਅਕ ਅਤੇ ਸਭਿਆਚਾਰਕ ਗਤੀਵਿਧੀਆਂ ਨੂੰ ਧਿਆਨ ਵਿੱਚ ਰੱਖਦਿਆਂ ਕਾਲਜ ਵਿਖੇ ਆਡੀਟੋਰੀਅਮ ਦੇ ਸੁਚੱਜੇ ਪ੍ਰਬੰਧ ਅਤੇ

ਬਾਕੀ ਸਫ਼ਾ 7 'ਤੇ

ਮਾਝੇ 'ਚ ਆਮ ਆਦਮੀ ਪਾਰਟੀ ਨੂੰ ਵੱਡਾ ਹੁੰਗਾਰਾ: ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਸਾਥੀਆਂ ਸਮੇਤ 'ਆਪ' ਵਿੱਚ ਸ਼ਾਮਲ

ਅੰਮ੍ਰਿਤਸਰ, 22 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਮਾਝਾ ਖੇਤਰ ਵਿੱਚ ਆਮ ਆਦਮੀ ਪਾਰਟੀ (ਆਪ) ਦੀਆਂ ਰਾਜਨੀਤਿਕ ਜੜ੍ਹਾਂ ਹੋਰ ਮਜ਼ਬੂਤ ਹੋਈਆਂ ਹਨ। ਸਾਬਕਾ ਸੰਸਦ ਮੈਂਬਰ ਸਵਰਗੀ ਰਣਜੀਤ ਸਿੰਘ ਬ੍ਰਹਮਪੁਰਾ ਦੇ ਸਪੁੱਤਰ ਅਤੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਅੱਜ ਮੁੱਖ ਮੰਤਰੀ ਭਗਵੰਤ ਮਾਨ ਦੀ ਪ੍ਰੇਰਨਾ ਨਾਲ ਆਮ ਆਦਮੀ ਪਾਰਟੀ ਵਿੱਚ ਰਸਮੀ ਤੌਰ 'ਤੇ ਸ਼ਮੂਲੀਅਤ ਕਰ ਲਈ ਹੈ। ਰਵਿੰਦਰ ਸਿੰਘ ਬ੍ਰਹਮਪੁਰਾ ਦੇ ਨਾਲ ਉਨ੍ਹਾਂ ਦੇ ਕਈ ਪ੍ਰਮੁੱਖ ਸਾਥੀਆਂ ਅਤੇ ਸਥਾਨਕ ਆਗੂਆਂ ਨੇ ਵੀ 'ਆਪ' ਦਾ ਪੱਲਾ ਫੜਿਆ। ਇਨ੍ਹਾਂ ਵਿੱਚ ਕੰਵਰਦੀਪ ਸਿੰਘ ਬ੍ਰਹਮਪੁਰਾ, ਅਮਰੀਕ ਸਿੰਘ ਸਰਪੰਚ, ਹਰਜਿੰਦਰ ਸਿੰਘ ਬਾਦਸ਼ਾਹ, ਡਾਇਰੈਕਟਰ ਬਲਬੀਰ ਸਿੰਘ ਬੱਲੀ,

ਬਾਕੀ ਸਫ਼ਾ 7 'ਤੇ

150 ਕਰੋੜ ਦੇ ਸੀਐਲਯੂ ਘੁਟਾਲੇ ਤਹਿਤ ਈਡੀ ਨੇ ਮੁਹਾਲੀ 'ਚ ਗਮਾਡਾ ਦਫ਼ਤਰ 'ਤੇ ਮਾਰਿਆ ਛਾਪਾ, ਰਿਕਾਰਡ ਕੀਤੇ ਜ਼ਬਤ

ਦੇਸ਼ ਪ੍ਰਦੇਸ਼ ਮੋਹਾਲੀ, 22 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਇਨਫੋਰਸਮੈਂਟ ਡਾਇਰੈਕਟੋਰੇਟ ਨੇ ਮੰਗਲਵਾਰ ਨੂੰ ਪ੍ਰਾਈਵੇਟ ਬਿਲਡਰਾਂ ਨੂੰ ਭੂਮੀ ਵਰਤੋਂ ਵਿੱਚ ਤਬਦੀਲੀ (ਸੀਐਲਯੂ) ਦੀ ਇਜਾਜ਼ਤ ਦੇਣ ਦੇ ਕਥਿਤ ਗਲਤ ਤਰੀਕੇ ਦੇ ਸਬੰਧ ਵਿੱਚ ਮੁਹਾਲੀ ਵਿੱਚ ਗ੍ਰੇਟਰ ਮੁਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ ਦੇ ਦਫ਼ਤਰ 'ਤੇ ਛਾਪਾ ਮਾਰਿਆ। ਕੇਂਦਰੀ ਏਜੰਸੀ ਦੇ ਅਧਿਕਾਰੀਆਂ ਦੇ ਨਾਲ ਸੀਆਰਪੀਐਫ ਦੇ ਜਵਾਨਾਂ ਦੀ ਇੱਕ ਵੱਡੀ ਟੁਕੜੀ ਵੀ ਸੀ। ਜਲੰਧਰ, ਚੰਡੀਗੜ੍ਹ ਅਤੇ ਦਿੱਲੀ ਦੀਆਂ ਟੀਮਾਂ ਇਸ ਕਾਰਵਾਈ ਵਿੱਚ ਸ਼ਾਮਲ ਹੋਣ ਦੀ ਖ਼ਬਰ ਹੈ। ਈਡੀ ਦੀਆਂ ਟੀਮਾਂ ਨੇ ਦਫ਼ਤਰ ਦੀ ਤਲਾਸ਼ੀ ਸ਼ੁਰੂ ਕਰ ਦਿੱਤੀ ਹੈ ਅਤੇ ਮਾਮਲੇ ਨਾਲ ਸਬੰਧਤ ਦਸਤਾਵੇਜ਼ਾਂ ਦੀ ਜਾਂਚ ਕਰ ਰਹੀਆਂ ਹਨ। ਘੱਟੋ-ਘੱਟ ਤਿੰਨ ਮੰਜ਼ਿਲਾਂ ਸੀਲ ਕਰ ਦਿੱਤੀਆਂ ਗਈਆਂ ਹਨ, ਜਦੋਂ ਕਿ ਉੱਚ ਅਧਿਕਾਰੀਆਂ ਦੇ ਮੋਬਾਈਲ ਫੋਨ ਕਬਜ਼ੇ ਵਿੱਚ ਲੈ ਲਏ ਗਏ ਹਨ। ਅਧਿਕਾਰੀਆਂ ਨੇ ਕਿਹਾ ਕਿ ਈਡੀ ਕਈ ਕਥਿਤ ਬੇਨਿਯਮੀਆਂ ਦੀ ਜਾਂਚ ਕਰ ਰਹੀ ਹੈ, ਜਿਸ ਵਿੱਚ ਜ਼ਮੀਨ

ਪ੍ਰਾਪਤੀ, ਜ਼ਮੀਨ ਵਰਤੋਂ ਵਿੱਚ ਤਬਦੀਲੀ ਦੇ ਮਾਮਲੇ, ਨਿੱਜੀ ਬਿਲਡਰਾਂ ਨੂੰ ਦਿੱਤੇ ਗਏ ਕਥਿਤ ਲਾਭ ਅਤੇ ਜਾਇਦਾਦਾਂ ਦੀ ਨਿਲਾਮੀ ਸ਼ਾਮਲ ਹੈ। ਏਜੰਸੀ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ (ਗਮਾਡਾ) ਨਾਲ ਸਬੰਧਤ 150 ਕਰੋੜ ਰੁਪਏ ਦੇ ਜ਼ਮੀਨ ਵਰਤੋਂ ਵਿੱਚ ਤਬਦੀਲੀ ਘੁਟਾਲੇ ਅਤੇ ਫੀਸ ਚੋਰੀ ਦੇ ਮਾਮਲੇ ਦੀ ਜਾਂਚ ਕਰ ਰਹੀ ਹੈ। ਨਿਊ ਚੰਡੀਗੜ੍ਹ ਵਿੱਚ ਸਨਟੇਕ ਸਿਟੀ ਸਮੇਤ ਕਈ ਪ੍ਰੋਜੈਕਟ ਕਥਿਤ ਤੌਰ 'ਤੇ ਜਾਂਚ ਅਧੀਨ ਹਨ। ਈਡੀ ਨੇ ਪਹਿਲਾਂ ਇਨ੍ਹਾਂ ਪ੍ਰੋਜੈਕਟਾਂ ਦੇ ਸਬੰਧ ਵਿੱਚ ਦੋ ਬਿਲਡਰਾਂ ਦੇ ਅਹਾਤੇ ਦੀ ਤਲਾਸ਼ੀ ਲਈ ਸੀ। ਮੰਨਿਆ ਜਾ ਰਿਹਾ ਹੈ ਕਿ ਤਾਜ਼ਾ ਕਾਰਵਾਈ ਉਸੇ ਮਾਮਲੇ ਨਾਲ ਜੁੜੀ ਹੋਈ ਹੈ। ਬਿਕਰਮ ਸਿੰਘ ਮਜੀਠੀਆ ਨੇ ਗਮਾਡਾ ਦਫ਼ਤਰ 'ਤੇ ਈਡੀ ਦੀ ਰੇਡ ਨੂੰ ਲੈ ਕੇ ਪੰਜਾਬ ਸਰਕਾਰ 'ਤੇ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਇਸ ਕਾਰਵਾਈ ਨਾਲ ਪੰਜਾਬ ਵਿੱਚ ਆਈਏਐਸ-ਆਪ ਗਠਜੋੜ ਅਤੇ ਸਰਕਾਰੀ ਭ੍ਰਿਸ਼ਟਾਚਾਰ ਨਾਲ ਜੁੜੇ ਕਈ ਮਾਮਲੇ ਸਾਹਮਣੇ ਆਏ ਹਨ। ਮਜੀਠੀਆ ਨੇ ਦੋਸ਼ ਲਾਇਆ ਕਿ ਪੰਜਾਬ ਦੇ ਖਜ਼ਾਨੇ, ਕੀਮਤੀ ਜ਼ਮੀਨਾਂ ਅਤੇ ਸਰੋਤਾਂ ਦੀ ਕਥਿਤ ਲੁੱਟ ਪਿੱਛੇ ਇੱਕ ਵੱਡਾ ਨੇਕਸਸ ਕੰਮ ਕਰ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਸਰਕਾਰੀ ਅਧਿਕਾਰੀਆਂ ਅਤੇ ਉਨ੍ਹਾਂ ਵੱਲੋਂ ਜ਼ਿਕਰ ਕੀਤੇ ਆਪ ਆਗੂਆਂ ਦੀ ਨਿਰਪੱਖ ਜਾਂਚ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੋਂ ਇਨਸਾਫ਼ ਦੀ ਉਮੀਦ ਨਹੀਂ ਹੈ ਅਤੇ ਕੇਂਦਰੀ ਏਜੰਸੀਆਂ ਨੂੰ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਕੇ ਸੱਚ ਪੰਜਾਬੀਆਂ ਦੇ ਸਾਹਮਣੇ ਲਿਆਉਣਾ ਚਾਹੀਦਾ ਹੈ। ਮਜੀਠੀਆ ਨੇ ਕਿਹਾ ਕਿ ਪੰਜਾਬ ਨੂੰ ਕਥਿਤ ਤੌਰ 'ਤੇ ਲੁੱਟਣ ਵਾਲੇ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਣਾ ਚਾਹੀਦਾ।

ਭਾਰਤੀ ਮਹਿਲਾ ਕ੍ਰਿਕਟ ਨੇ ਏਸ਼ੀਅਨ ਖੇਡਾਂ 'ਚ ਜਿੱਤਿਆ ਸੋਨ ਤਗਮਾ, ਸ਼੍ਰੀਲੰਕਾ ਨੂੰ 147 ਦੌੜਾਂ ਨਾਲ ਹਰਾਇਆ

ਦੇਸ਼ ਪ੍ਰਦੇਸ਼ ਏਚੀ (ਨਗੋਯਾ), 22 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਭਾਰਤ ਨੇ ਮੰਗਲਵਾਰ ਨੂੰ ਮਹਿਲਾ ਕ੍ਰਿਕਟ ਫਾਈਨਲ ਵਿੱਚ ਸ਼੍ਰੀਲੰਕਾ ਨੂੰ 147 ਦੌੜਾਂ ਨਾਲ ਹਰਾ ਕੇ ਆਪਣੀ ਏਸ਼ੀਆਈ ਖੇਡਾਂ 2026 ਦੀ ਮੁਹਿੰਮ ਦੀ ਸ਼ੁਰੂਆਤ ਸੋਨੇ ਦੇ ਤਗਮੇ ਨਾਲ ਕੀਤੀ। ਭਾਰਤ, ਜਿਸਨੇ ਟਾਸ ਜਿੱਤ ਕੇ ਬੱਲੇਬਾਜ਼ੀ ਕਰਨ ਦਾ ਫੈਸਲਾ ਕੀਤਾ, ਨੇ 3 ਵਿਕਟਾਂ 'ਤੇ 216 ਦੌੜਾਂ ਦਾ ਵੱਡਾ ਸਕੋਰ ਬਣਾਇਆ। ਸ਼੍ਰੀਲੰਕਾ ਫਿਰ ਸਿਰਫ਼ 69 ਦੌੜਾਂ 'ਤੇ ਆਲ ਆਊਟ ਹੋ ਗਿਆ। ਇਸ ਜਿੱਤ ਨਾਲ ਭਾਰਤ ਨੇ ਪਿਛਲੀਆਂ ਏਸ਼ੀਆਈ ਖੇਡਾਂ ਵਿੱਚ ਜਿੱਤੇ ਗਏ ਮਹਿਲਾ ਕ੍ਰਿਕਟ ਖਿਤਾਬ ਦਾ ਸਫਲਤਾਪੂਰਵਕ ਬਚਾਅ ਕੀਤਾ ਹੈ। ਸਮ੍ਰਿਤੀ ਮੰਧਾਨਾ ਨੇ 79 ਦੌੜਾਂ ਦੀ ਸ਼ਾਨਦਾਰ ਪਾਰੀ ਖੇਡੀ, ਜਦੋਂ ਕਿ ਸ਼ੈਫਾਲੀ ਵਰਮਾ ਨੇ 48 ਦੌੜਾਂ ਬਣਾਈਆਂ ਅਤੇ ਗੇਂਦ ਨਾਲ ਵੀ ਯੋਗਦਾਨ ਪਾਇਆ। ਓਪਨਿੰਗ ਜੋੜੀ ਨੇ 60 ਗੇਂਦਾਂ 'ਤੇ 99

ਦੌੜਾਂ ਜੋੜੀਆਂ, ਜਿਸ ਨਾਲ ਭਾਰਤ ਨੂੰ ਮਜ਼ਬੂਤ ਸ਼ੁਰੂਆਤ ਮਿਲੀ। ਸ਼ੈਫਾਲੀ ਨੇ ਸ਼੍ਰੀਲੰਕਾ ਦੇ ਗੇਂਦਬਾਜ਼ਾਂ 'ਤੇ ਸ਼ਕਤੀਸ਼ਾਲੀ ਸ਼ਾਟਾਂ ਨਾਲ ਹਮਲਾ ਕੀਤਾ, ਜਦੋਂ ਕਿ ਮੰਧਾਨਾ ਨੇ ਆਪਣੇ ਮੌਕੇ ਲੱਭੇ ਅਤੇ ਮੈਦਾਨ ਵਿੱਚ ਪਾੜੇ ਲੱਭਦੀ ਰਹੀ। ਭਾਰਤ ਪਹਿਲਾਂ ਹੀ ਛੇ ਓਵਰਾਂ ਤੋਂ ਬਾਅਦ 59 ਦੌੜਾਂ ਤੱਕ ਪਹੁੰਚ ਗਿਆ ਸੀ, ਜਿਸ ਨਾਲ ਦਿਖਾਇਆ ਗਿਆ ਕਿ ਉਨ੍ਹਾਂ ਨੇ ਪਾਰੀ ਦੀ ਸ਼ੁਰੂਆਤ ਕਿੰਨੀ ਹਮਲਾਵਰ ਢੰਗ ਨਾਲ ਕੀਤੀ। ਭਾਰਤ ਦੀ ਕਪਤਾਨ ਹਰਮਨਪ੍ਰੀਤ ਕੌਰ ਨੇ 17 ਗੇਂਦਾਂ 'ਤੇ ਸਿਰਫ਼ 19 ਦੌੜਾਂ ਬਣਾਈਆਂ। ਬੱਲੇ ਨਾਲ ਉਸਦੀਆਂ ਹਾਲੀਆ ਮੁਸ਼ਕਲਾਂ ਏਸ਼ੀਆ ਕੱਪ ਅਤੇ ਏਸ਼ੀਆਈ ਖੇਡਾਂ ਵਿੱਚ ਜਾਰੀ ਰਹੀਆਂ, ਇੱਕ ਹੋਰ ਘੱਟ ਸਕੋਰ ਨੇ ਉਸ ਦੇ ਮੌਜੂਦਾ ਫਾਰਮ ਬਾਰੇ ਚਰਚਾ ਵਿੱਚ ਵਾਧਾ ਕੀਤਾ। ਭਾਰਤ ਦੀ ਪ੍ਰਭਾਵਸ਼ਾਲੀ ਜਿੱਤ ਨੇ ਉਨ੍ਹਾਂ ਨੂੰ 2026 ਏਸ਼ੀਆਈ ਖੇਡਾਂ ਦਾ ਆਪਣਾ ਪਹਿਲਾ ਸੋਨ ਤਗਮਾ ਦਿਵਾਇਆ।

ਭਾਜਪਾ ਓਬੀਸੀ ਮੋਰਚਾ ਦੇ ਨਵੇਂ ਸੂਬਾ ਪ੍ਰਧਾਨ ਨੇ ਸੰਭਾਲਿਆ ਅਹੁਦਾ

ਪੰਚਕੂਲਾ ਵਿੱਚ ਆਯੋਜਿਤ ਸਮਾਗਮ ਵਿੱਚ ਮੁੱਖ ਮੰਤਰੀ ਸੈਣੀ ਅਤੇ ਹੋਰ ਆਗੂ ਸ਼ਾਮਲ ਹੋਏ

ਦੇਸ਼ ਪ੍ਰਦੇਸ਼ ਪੰਚਕੂਲਾ, 22 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਮੰਗਲਵਾਰ ਨੂੰ ਭਾਰਤੀ ਜਨਤਾ ਪਾਰਟੀ ਦੇ ਸੂਬਾਈ ਦਫ਼ਤਰ 'ਪੰਚਕਮਲ' ਵਿਖੇ ਇੱਕ ਸਮਾਰੋਹ ਆਯੋਜਿਤ ਕੀਤਾ ਗਿਆ, ਜਿਸ ਵਿੱਚ ਇੰਜੀਨੀਅਰ ਸੁਨੀਲ ਸੇਨ ਨੇ ਪੱਛੜੀਆਂ ਸ਼੍ਰੇਣੀਆਂ (ਓਬੀਸੀ) ਮੋਰਚਾ ਦੇ ਨਵੇਂ ਨਿਯੁਕਤ ਸੂਬਾ ਪ੍ਰਧਾਨ ਵਜੋਂ ਅਹੁਦਾ ਸੰਭਾਲਿਆ। ਮੁੱਖ ਮੰਤਰੀ ਸੈਣੀ ਨੇ ਮੁੱਖ ਮਹਿਮਾਨ ਵਜੋਂ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਕਰਦਿਆਂ, ਭਾਜਪਾ ਦੀ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਨੇ ਸੰਗਠਨਾਤਮਕ ਵਿਸਥਾਰ ਅਤੇ ਬੂਥ ਪੱਧਰ 'ਤੇ ਓਬੀਸੀ ਭਾਈਚਾਰੇ ਦੀ ਭਾਗੀਦਾਰੀ ਵਧਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਭਾਜਪਾ ਵਿੱਚ ਸੌਂਪੀ ਗਈ ਭੂਮਿਕਾ ਸਿਰਫ਼ ਇੱਕ 'ਅਹੁਦਾ' ਨਹੀਂ, ਸਗੋਂ ਜਨਤਕ ਸੇਵਾ ਅਤੇ ਸੰਗਠਨ

ਪ੍ਰਤੀ ਇੱਕ ਜ਼ਿੰਮੇਵਾਰੀ ਹੈ। ਉਨ੍ਹਾਂ ਦੱਸਿਆ ਕਿ 7 ਅਕਤੂਬਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਤਕ ਜੀਵਨ ਵਿੱਚ ਸੇਵਾ ਅਤੇ ਚੰਗੇ ਸ਼ਾਸਨ (ਗੁੱਡ ਗਵਰਨੈਂਸ) ਦੇ 25 ਸਾਲ ਪੂਰੇ ਹੋ ਰਹੇ ਹਨ। ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ 17 ਸਤੰਬਰ ਤੋਂ 17 ਅਕਤੂਬਰ ਤੱਕ ਚੱਲਣ ਵਾਲੀ 'ਸੇਵਾ ਸੰਕਲਪ ਮੁਹਿੰਮ' ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਪ੍ਰਧਾਨ ਮੰਤਰੀ ਮੋਦੀ ਦੇ ਚੰਗੇ ਸ਼ਾਸਨ ਦਾ ਸੰਦੇਸ਼ ਹਰ ਘਰ ਤੱਕ ਪਹੁੰਚਾਉਣ। ਸਮਾਗਮ ਦੀ ਪ੍ਰਧਾਨਗੀ ਕਰਦਿਆਂ ਭਾਜਪਾ ਦੀ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਨੇ ਕਿਹਾ ਕਿ ਕਿਉਂਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੋਵੇਂ ਓਬੀਸੀ ਭਾਈਚਾਰੇ ਨਾਲ ਸਬੰਧਤ ਹਨ, ਇਸ ਲਈ ਇਸ ਮੋਰਚੇ ਦੀ ਜ਼ਿੰਮੇਵਾਰੀ ਹੋਰ ਵੀ ਵੱਧ ਜਾਂਦੀ ਹੈ। 42 ਵਿਧਾਨ ਸਭਾ ਅਤੇ 5 ਲੋਕ ਸਭਾ ਸੀਟਾਂ 'ਤੇ ਧਿਆਨ: ਡਾ. ਗੁਪਤਾ ਨੇ ਓਬੀਸੀ ਮੋਰਚਾ ਨੂੰ ਸੱਦਾ ਦਿੱਤਾ ਕਿ ਉਹ ਖਾਸ ਤੌਰ 'ਤੇ ਉਨ੍ਹਾਂ 42 ਵਿਧਾਨ ਸਭਾ ਅਤੇ 5 ਲੋਕ ਸਭਾ ਹਲਕਿਆਂ ਵਿੱਚ ਸੰਗਠਨ ਨੂੰ ਮਜ਼ਬੂਤ

ਬਾਕੀ ਸਫ਼ਾ 7 'ਤੇ

ਅਮਰੀਕਾ ਦੀ ਧਰਤੀ 'ਤੇ ਸਿੱਖੀ ਦੀ ਸੇਵਾ ਨੂੰ ਮਿਲਿਆ ਵੱਡਾ ਮਾਣ, ਬਾਬਾ ਨਰਿੰਦਰ ਸਿੰਘ ਜੀ ਦਾ ਨਾਸਾ ਕਾਊਂਟੀ ਵੱਲੋਂ ਸਨਮਾਨ

ਦੇਸ਼ ਪ੍ਰਦੇਸ਼ ਨਾਭਾ, 22 ਸਤੰਬਰ (ਰਾਕੇਸ਼ ਜਿੰਦਲ/ਸ਼ੁਭਮ ਜਿੰਦਲ) : ਵਿਦੇਸ਼ ਦੀ ਧਰਤੀ 'ਤੇ ਸਿੱਖੀ ਦੇ ਪ੍ਰਚਾਰ ਅਤੇ ਮਨੁੱਖਤਾ ਦੀ ਸੇਵਾ ਲਈ ਨਿਭਾਈਆਂ ਜਾ ਰਹੀਆਂ ਸੇਵਾਵਾਂ ਨੂੰ ਉਸ ਵੇਲੇ ਹੋਰ ਵੱਡੀ ਪਛਾਣ ਮਿਲਦੀ ਹੈ, ਜਦੋਂ ਉਨ੍ਹਾਂ ਦੀ ਗੂੰਜ ਸਥਾਨਕ ਪ੍ਰਸ਼ਾਸਨ ਤੱਕ ਪਹੁੰਚੇ। ਅਮਰੀਕਾ ਦੇ ਨਿਊਯਾਰਕ ਸੂਬੇ ਦੀ ਨਾਸਾ ਕਾਊਂਟੀ ਵੱਲੋਂ ਬਾਬਾ ਨਰਿੰਦਰ ਸਿੰਘ ਜੀ ਨੂੰ ਮਿਲਿਆ ਵਿਸ਼ੇਸ਼ ਸਨਮਾਨ

ਇਸੇ ਮਾਣ ਵਾਲੀ ਕੜੀ ਦਾ ਹਿੱਸਾ ਹੈ। ਸਤੰਬਰ 2026 ਨੂੰ ਜਾਰੀ ਕੀਤੇ ਅਧਿਕਾਰਤ ਸਨਮਾਨ-ਪੱਤਰ ਵਿੱਚ ਨਾਸਾ ਕਾਊਂਟੀ ਦੇ ਕਾਰਜਕਾਰੀ ਅਧਿਕਾਰੀ ਬਰੂਸ ਏ. ਬਲੇਕਮੈਨ ਵੱਲੋਂ ਬਾਬਾ ਨਰਿੰਦਰ ਸਿੰਘ ਜੀ ਦੀਆਂ ਸੇਵਾਵਾਂ ਦੀ

ਬਾਕੀ ਸਫ਼ਾ 7 'ਤੇ

ਮੋਹਾਲੀ ਪਹੁੰਚੀ ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ', ਸੀਨੀਅਰ ਆਗੂਆਂ ਨੇ ਨਸ਼ਿਆਂ ਵਿਰੁੱਧ ਸਮਾਜਿਕ ਲਾਮਬੰਦੀ ਦਾ ਦਿੱਤਾ ਸੱਦਾ

ਦੇਸ਼ ਪ੍ਰਦੇਸ਼ ਮੋਹਾਲੀ, 22 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਬਚਾਉਣ ਦੇ ਉਦੇਸ਼ ਨਾਲ ਭਾਰਤੀ ਜਨਤਾ ਪਾਰਟੀ ਵੱਲੋਂ ਕੱਢੀ ਜਾ ਰਹੀ 'ਨਸ਼ਾ ਮੁਕਤ ਪੰਜ

ਸਰਕਾਰੀ ਥਰਮਲ ਪਲਾਂਟਾਂ ਦੇ ਯੂਨਿਟ ਬੰਦ ਹੋਣ ਦਾ ਪਾਵਰਕਾਮ ਦੇ ਡਾਇਰੈਕਟਰ ਜਨਰੇਸ਼ਨ ਵਲੋਂ ਖੰਡਨ

ਪਟਿਆਲਾ, 22 ਸਤੰਬਰ (ਰਾਜਿੰਦਰ ਸਿੰਘ): ਬਿਜਲੀ ਨਿਗਮ ਦੇ ਡਾਇਰੈਕਟਰ ਜਨਰੇਸ਼ਨ ਪੁਨਰਦੀਪ ਸਿੰਘ ਬਰਾੜ ਨੇ ਵੱਖ-ਵੱਖ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਸਰਕਾਰੀ ਥਰਮਲ ਪਲਾਂਟਾਂ ਦੇ ਬਿਜਲੀ ਉਤਪਾਦਨ ਯੂਨਿਟਾਂ ਦੇ ਬੰਦ ਹੋਣ ਸਬੰਧੀ ਪ੍ਰਸਾਰਿਤ ਕੀਤੀਆਂ ਜਾ ਰਹੀਆਂ ਖ਼ਬਰਾਂ ਨੂੰ ਸਪੱਸ਼ਟ ਕਰਦਿਆਂ ਕਿਹਾ ਕਿ ਇਨ੍ਹਾਂ ਵਿੱਚ ਦਰਸਾਈ ਜਾ ਰਹੀ ਸਥਿਤੀ ਤੱਥਾਂ ਅਨੁਸਾਰ ਨਹੀਂ ਹੈ। ਉਨ੍ਹਾਂ ਕਿਹਾ ਕਿ ਬਿਜਲੀ ਨਿਗਮ ਦੇ ਸਾਰੇ ਚਾਲੂ ਉਤਪਾਦਨ ਯੂਨਿਟ ਆਪਣੀ ਸਮਰੱਥਾ ਅਨੁਸਾਰ ਸੂਬੇ ਦੀ ਬਿਜਲੀ ਲੋੜ ਨੂੰ ਪੂਰਾ ਕਰਨ ਵਿੱਚ ਯੋਗਦਾਨ ਪਾ ਰਹੇ ਹਨ ਅਤੇ ਸੂਬੇ ਭਰ ਵਿੱਚ ਬਿਜਲੀ ਸਪਲਾਈ ਸੁਚਾਰੂ ਢੰਗ ਨਾਲ ਜਾਰੀ ਹੈ। ਇੰਜ ਪੁਨਰਦੀਪ ਸਿੰਘ ਬਰਾੜ ਨੇ ਦੱਸਿਆ ਕਿ ਪਹਿਲਾਂ ਤਲਵੰਡੀ ਸਾਬੋ ਥਰਮਲ ਪਲਾਂਟ ਵਿਚ ਤਕਨੀਕੀ ਖਰਾਬੀ ਕਾਰਨ ਇਕ ਯੂਨਿਟ ਅਤੇ ਰੋਪੜ ਥਰਮਲ ਪਲਾਂਟ ਦੇ ਇਕ ਯੂਨਿਟ ਤੋਂ ਬਿਜਲੀ ਦੀ ਮੰਗ ਘੱਟ ਹੋਣ ਕਾਰਨ ਉਤਪਾਦਨ ਬੰਦ ਪਿਆ ਸੀ ਪਰੰਤੂ ਹੁਣ ਤਲਵੰਡੀ ਸਾਬੋ ਅਤੇ ਰੋਪੜ ਥਰਮਲ ਪਲਾਂਟ ਦੇ ਸਾਰੇ ਯੂਨਿਟਾਂ ਤੋਂ ਬਿਜਲੀ ਉਤਪਾਦਨ ਹੋ ਰਿਹਾ ਹੈ। ਜਦੋਂਕਿ ਸੂਬੇ ਦੀ ਘਟੀ ਬਿਜਲੀ ਦੀ ਮੰਗ ਕਾਰਨ ਪਹਿਲਾਂ ਵਾਂਗੂ ਰੋਪੜ ਦੇ ਥਰਮਲ ਪਲਾਂਟ ਦੇ ਇਕ ਯੂਨਿਟ ਬੰਦ ਕਰ ਦਿੱਤਾ ਜਾਂਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਨ੍ਹਾਂ ਯੂਨਿਟਾਂ ਦੇ ਬੰਦ ਹੋਣ ਦਾ ਕਾਰਨ ਬਿਜਲੀ ਦੀ ਘਾਟ ਜਾਂ ਬਿਜਲੀ ਸਪਲਾਈ ਵਿੱਚ ਕਿਸੇ ਤਰ੍ਹਾਂ ਦੀ ਸਮੱਸਿਆ ਨਹੀਂ ਸਗੋਂ ਸੂਬੇ ਦੀ ਬਿਜਲੀ ਦੀ ਮੰਗ ਤੇ ਨਿਰਭਰ ਕਰਦੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਕਿਸਾਨਾਂ ਨੂੰ ਦਿੱਤੀ ਗਈ ਵਾਧੂ ਬਿਜਲੀ ਸਪਲਾਈ ਦੇ ਤਹਿਤ ਅੱਠ ਘੰਟਿਆਂ ਦੇ ਮੁਕਾਬਲੇ ਕਿਸਾਨਾਂ ਨੂੰ ਇਸ ਵੇਲੇ ਲਗਭਗ ਦਸ ਘੰਟੇ ਬਿਜਲੀ ਸਪਲਾਈ ਮਿਲ ਰਹੀ ਹੈ। ਇਸ ਤੋਂ ਇਲਾਵਾ ਘਰੇਲੂ, ਵਪਾਰਕ ਅਤੇ ਉਦਯੋਗਿਕ ਖਪਤਕਾਰਾਂ ਲਈ ਬਿਜਲੀ ਸਪਲਾਈ ਵਿੱਚ ਕਿਸੇ ਤਰ੍ਹਾਂ ਦੀ ਕਮੀ ਨਹੀਂ ਹੈ ਅਤੇ ਇਨ੍ਹਾਂ ਸਾਰੇ ਵਰਗਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮੁਹੱਈਆ ਕਰਵਾਈ ਜਾ ਰਹੀ ਹੈ। ਡਾਇਰੈਕਟਰ ਜਨਰੇਸ਼ਨ ਬਰਾੜ ਨੇ ਦੱਸਿਆ ਕਿ ਸੂਬੇ ਵਿੱਚ ਬਿਜਲੀ ਦੀ ਮੰਗ ਅਤੇ ਉਪਲਬਧਤਾ ਨੂੰ ਧਿਆਨ ਵਿੱਚ ਰੱਖਦਿਆਂ ਬਿਜਲੀ ਸਪਲਾਈ ਦਾ ਸੁਚੱਜਾ ਪ੍ਰਬੰਧਨ ਕੀਤਾ ਜਾ ਰਿਹਾ ਹੈ। ਇੰਜ ਪੁਨਰਦੀਪ ਸਿੰਘ ਬਰਾੜ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਬਿਜਲੀ ਉਤਪਾਦਨ ਯੂਨਿਟਾਂ ਜਾਂ ਬਿਜਲੀ ਸਪਲਾਈ ਸਬੰਧੀ ਕਿਸੇ ਵੀ ਜਾਣਕਾਰੀ 'ਤੇ ਵਿਸ਼ਵਾਸ ਕਰਨ ਜਾਂ ਉਸ ਨੂੰ ਅੱਗੇ ਸਾਂਝਾ ਕਰਨ ਤੋਂ ਪਹਿਲਾਂ ਉਸ ਦੀ ਪੁਸ਼ਟੀ ਅਧਿਕਾਰਤ ਸਰੋਤਾਂ ਤੋਂ ਜ਼ਰੂਰ ਕੀਤੀ ਜਾਵੇ।

ਨਸ਼ਿਆਂ 'ਤੇ ਡਰਾਮੇ ਕਰਨ ਵਾਲੀ ਸਰਕਾਰ ਨੂੰ ਸੂਬੇ ਦੇ ਹਾਲਾਤ ਦੀ ਕੋਈ ਚਿੰਤਾ ਨਹੀਂ : ਰਾਜਨ ਗਰਗ/ਪ੍ਰੀਤਮ ਸਿੰਘ ਕੋਟਭਾਈ

ਬਠਿੰਡਾ, 22 ਸਤੰਬਰ (ਰਾਣਾ ਸ਼ਰਮਾ): ਨਸ਼ਿਆਂ ਦੇ ਮੁੱਦੇ 'ਤੇ ਸਵਾਲ ਉਠਾਉਣ ਵਾਲੇ ਸਵਰਗੀ ਗੁਲਜ਼ਾਰ ਸਿੰਘ ਦੀ ਮੌਤ ਅਤੇ ਮੋਹਨਜੀਤ ਸਿੰਘ ਨਾਲ ਹੋਈ ਕਥਿਤ ਕੁੱਟਮਾਰ ਦਾ ਮਾਮਲਾ ਲਗਾਤਾਰ ਭਖਦਾ ਜਾ ਰਿਹਾ ਹੈ। ਇਸ ਮਾਮਲੇ ਨੂੰ ਲੈ ਕੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀਆਂ ਹਦਾਇਤਾਂ 'ਤੇ ਅੱਜ ਕਾਂਗਰਸ ਵੱਲੋਂ ਸੂਬੇ ਭਰ ਵਿੱਚ ਜ਼ਿਲ੍ਹਾ ਪੱਧਰੀ ਰੋਸ ਪ੍ਰਦਰਸ਼ਨ ਕੀਤੇ ਗਏ। ਇਸੇ ਲੜੀ ਤਹਿਤ ਜ਼ਿਲ੍ਹਾ ਕਾਂਗਰਸ ਬਠਿੰਡਾ ਦਿਹਾਤੀ ਅਤੇ ਸ਼ਹਿਰੀ ਵੱਲੋਂ ਸਾਂਝੇ ਤੌਰ 'ਤੇ ਐਸਐਸਪੀ ਦਫ਼ਤਰ ਬਠਿੰਡਾ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ, ਅਹੁਦੇਦਾਰ ਅਤੇ ਵਰਕਰ ਹਾਜ਼ਰ ਹੋਏ। ਪ੍ਰਦਰਸ਼ਨਕਾਰੀਆਂ ਵੱਲੋਂ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਅਸਤੀਫ਼ੇ ਦੀ ਮੰਗ ਕੀਤੀ ਗਈ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਕਾਂਗਰਸ ਸ਼ਹਿਰੀ ਦੇ ਪ੍ਰਧਾਨ ਰਾਜਨ ਗਰਗ ਅਤੇ ਜ਼ਿਲ੍ਹਾ ਕਾਂਗਰਸ ਦਿਹਾਤੀ ਦੇ ਪ੍ਰਧਾਨ ਪ੍ਰੀਤਮ ਸਿੰਘ ਕੋਟਭਾਈ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਅਤੇ ਅਮਨ-ਕਾਨੂੰਨ ਦੀ ਸਥਿਤੀ ਨੂੰ ਲੈ ਕੇ ਸਰਕਾਰ ਦੇ ਦਾਅਵਿਆਂ ਅਤੇ ਜ਼ਮੀਨੀ ਹਕੀਕਤ ਵਿੱਚ ਵੱਡਾ ਫ਼ਰਕ ਨਜ਼ਰ ਆ ਰਿਹਾ ਹੈ। ਕਾਂਗਰਸੀ ਆਗੂਆਂ ਨੇ ਦੋਸ਼ ਲਗਾਇਆ ਕਿ ਗੁਲਜ਼ਾਰ ਸਿੰਘ ਵੱਲੋਂ ਨਸ਼ਿਆਂ ਦੇ ਮੁੱਦੇ 'ਤੇ ਸਵਾਲ ਉਠਾਏ ਜਾਣ ਤੋਂ ਬਾਅਦ ਉਸ ਦੀ ਜਾਨ ਚਲੀ ਗਈ, ਜਦਕਿ ਪਿੰਡ ਸ਼ੇਰੋਂ ਵਿਖੇ ਮੁੱਖ ਮੰਤਰੀ ਨੂੰ ਨਸ਼ਿਆਂ ਸਬੰਧੀ ਸਵਾਲ ਕਰਨ ਵਾਲੇ ਮੋਹਨਜੀਤ ਸਿੰਘ ਨਾਲ ਕਥਿਤ ਤੌਰ 'ਤੇ ਕੁੱਟਮਾਰ ਕੀਤੀ ਗਈ। ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ ਮਾਮਲਿਆਂ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਜ਼ਿੰਮੇਵਾਰ ਵਿਅਕਤੀਆਂ ਖ਼ ?ਲਾਫ਼ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ। ਰਾਜਨ ਗਰਗ ਅਤੇ ਪ੍ਰੀਤਮ ਸਿੰਘ ਕੋਟਭਾਈ ਨੇ ਪੰਜਾਬ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਸੂਬੇ ਵਿੱਚ ਲੁੱਟਾਂ-ਖੋਹਾਂ, ਕਤਲ, ਡਕੈਤੀਆਂ ਅਤੇ ਗੈਂਗਸਟਰਾਂ ਵੱਲੋਂ ਫਾਇਰਿੰਗ ਵਰਗੀਆਂ ਘਟਨਾਵਾਂ ਦੀਆਂ ਖ਼ਬਰਾਂ ਸਾਹਮਣੇ ਆ ਰਹੀਆਂ ਹਨ। ਇਸ ਮੌਕੇ ਸਾਬਕਾ ਮੇਅਰ ਅਸ਼ੋਕ ਕੁਮਾਰ, ਡਾਇਰੈਕਟਰ ਮਾਰਕਫੈਡ ਟਹਿਲ ਸਿੰਘ ਸੰਧੂ, ਅੰਮ੍ਰਿਤ ਗਿੱਲ, ਮੀਤ ਪ੍ਰਧਾਨ ਤੇ ਪ੍ਰੈਸ ਮੀਡੀਆ ਇੰਚਾਰਜ ਰੁਪਿੰਦਰ ਬਿੰਦਰਾ, ਦਰਸ਼ਨ ਸਿੰਘ ਸੰਧੂ, ਲਖਵਿੰਦਰ ਸਿੰਘ ਲੱਖਾ, ਕਿਰਨਜੀਤ ਸਿੰਘ ਗਹਿਰੀ, ਬਲਾਕ ਪ੍ਰਧਾਨ ਸੁਰਜੀਤ ਸਿੰਘ ਸਿੱਧੂ, ਪਿੰਡ ਪਿੱਥੋ ਦੇ ਸੀਨੀਅਰ ਕਾਂਗਰਸੀ ਆਗੂ ਸੁਖਦੀਪ ਸਿੰਘ, ਕੁਲਵੰਤ ਸਿੰਘ, ਗਗਨਦੀਪ ਸਿੰਘ ਪਿੱਥੋ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।

ਭਾਰਤੀ ਹਾਕੀ ਟੀਮ ਦੀ ਖਿਡਾਰਨ ਸੁਖਵੀਰ ਕੌਰ ਨੂੰ ਕਾਲਜ ਪਹੁੰਚਣ ਤੇ ਸਨਮਾਨਿਤ ਕੀਤਾ

ਬਠਿੰਡਾ, 22 ਸਤੰਬਰ (ਰਾਣਾ ਸ਼ਰਮਾ): ਡੀ.ਏ.ਵੀ ਕਾਲਜ, ਬਠਿੰਡਾ ਲਈ ਇਹ ਬਹੁਤ ਖੁਸ਼ੀ ਅਤੇ ਮਾਣ ਵਾਲੀ ਗੱਲ ਹੈ ਕਿ ਇਸਦੀ ਵਿਦਿਆਰਥਣ ਸੁਖਵੀਰ ਕੌਰ ਚੀਨ ਵਿੱਚ ਹੋਈ ਏਸ਼ੀਅਨ ਚੈਂਪੀਅਨਸ਼ਿਪ ਵਿੱਚ ਭਾਰਤੀ ਹਾਕੀ ਟੀਮ ਦਾ ਹਿੱਸਾ ਬਣ ਕੇ ਸੋਨ ਤਗਮਾ ਜਿੱਤ ਕੇ ਕਾਲਜ ਵਾਪਸ ਆਈ। ਸੁਖਵੀਰ ਕੌਰ ਦੀ ਇਸ ਪ੍ਰਾਪਤੀ ਨੇ ਉਸਦੇ ਮਾਪਿਆਂ ਅਤੇ ਸੰਸਥਾ ਲਈ ਮਾਣ ਵਧਾਇਆ ਹੈ। ਕਾਲਜ ਪਹੁੰਚਣ ;ਤੇ, ਪੂਰੇ ਸਟਾਫ ਨੇ ਸੁਖਵੀਰ ਕੌਰ ਦਾ ਬਹੁਤ ਧੂਮਧਾਮ ਨਾਲ ਸਵਾਗਤ ਕੀਤਾ। ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੇ ਉਸਨੂੰ ਵਧਾਈ ਦਿੱਤੀ। ਕਾਲਜ ਪ੍ਰਿੰਸੀਪਲ ਡਾ. ਰਾਜੀਵ ਕੁਮਾਰ ਸ਼ਰਮਾ ਨੇ ਇਸ ਪ੍ਰਤਿਭਾਸ਼ਾਲੀ ਵਿਦਿਆਰਥਣ ਨੂੰ ਉਸਦੀ ਸ਼ਾਨਦਾਰ ਪ੍ਰਾਪਤੀ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਕੁਲਦੀਪ ਸਿੰਘ, ਪ੍ਰੋ. ਨਿਰਮਲ ਸਿੰਘ, ਪ੍ਰੋ. ਅਜੇ ਵਾਲੀਆ, ਪ੍ਰੋ. ਲਵਪ੍ਰੀਤ ਕੌਰ ਅਤੇ ਹਾਕੀ ਕੋਚ ਰਾਜਵੰਤ ਸਿੰਘ ਦੀ ਵਿਦਿਆਰਥੀਆਂ ਨੂੰ ਸਹੀ ਮਾਰਗਦਰਸ਼ਨ ਪ੍ਰਦਾਨ ਕਰਨ ਲਈ ਪ੍ਰਸ਼ੰਸਾ ਕੀਤੀ।

ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਪਾਤੜਾਂ ਵਿਖੇ ਚਲਾਈ ਗਈ ਸਫ਼ਾਈ ਮੁਹਿੰਮ

ਪਾਤੜਾਂ, 22 ਸਤੰਬਰ (ਗਗਨ ਗਰਗ): ਸਰਕਾਰ ਦੀਆਂ ਹਦਾਇਤਾਂ ਅਨੁਸਾਰ 'ਸਵੱਛਤਾ ਹੀ ਸੇਵਾ-2026' ਮੁਹਿੰਮ ਤਹਿਤ ਨਗਰ ਕੌਂਸਲ ਪਾਤੜਾਂ ਵੱਲੋਂ ਸ਼ਹਿਰ ਵਿੱਚ ਸਫ਼ਾਈ ਮੁਹਿੰਮ ਚਲਾਈ ਗਈ। ਇਹ ਮੁਹਿੰਮ ਨਗਰ ਕੌਂਸਲ ਦੇ ਪ੍ਰਧਾਨ ਅੰਮ੍ਰਿਤਪਾਲ ਸਿੰਘ ਕਾਲੇਕਾ ਅਤੇ ਕਾਰਜ ਸਾਧਕ ਅਫ਼ਸਰ ਬਲਜਿੰਦਰ ਸਿੰਘ ਦੀ ਅਗਵਾਈ ਹੇਠ ਕਰਵਾਈ ਗਈ। ਇਸ ਦੌਰਾਨ ਨਗਰ ਕੌਂਸਲ ਦੇ ਸਫ਼ਾਈ ਕਰਮਚਾਰੀਆਂ ਵੱਲੋਂ ਜਨਤਕ ਥਾਵਾਂ ਅਤੇ ਬਾਜ਼ਾਰਾਂ ਵਿੱਚੋਂ ਕੂੜਾ-ਕਰਕਟ ਹਟਾ ਕੇ ਸਫ਼ਾਈ ਕੀਤੀ ਗਈ। ਇਸ ਮੌਕੇ ਸ਼ਹਿਰ ਵਾਸੀਆਂ ਨੂੰ ਆਪਣੇ ਆਲੇ-ਦੁਆਲੇ ਦੀ ਸਫ਼ਾਈ ਬਣਾਈ ਰੱਖਣ ਅਤੇ ਕੂੜਾ ਸੜਕਾਂ ਜਾਂ ਜਨਤਕ ਥਾਵਾਂ 'ਤੇ ਨਾ ਸੁੱਟਣ ਲਈ ਜਾਗਰੂਕ ਕੀਤਾ ਗਿਆ। ਨਗਰ ਕੌਂਸਲ ਦੇ ਅਧਿਕਾਰੀਆਂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕੂੜਾ ਨਿਰਧਾਰਤ ਥਾਵਾਂ 'ਤੇ ਹੀ ਪਾਉਣ ਅਤੇ ਪਲਾਸਟਿਕ ਦੇ ਲਿਫ਼ਾਫ਼ ?ਆਂ ਸਮੇਤ ਕਿਸੇ ਵੀ ਤਰ੍ਹਾਂ ਦਾ ਕੂੜਾ ਸੜਕਾਂ ਦੇ ਕਿਨਾਰਿਆਂ ਜਾਂ ਖਾਲੀ ਥਾਵਾਂ 'ਤੇ ਨਾ ਸੁੱਟਣ।

ਗੁਲਜ਼ਾਰ ਸਿੰਘ ਖੁਦਕੁਸ਼ੀ ਮਾਮਲੇ 'ਚ ਕਾਂਗਰਸ ਵੱਲੋਂ ਐੱਸਐੱਸਪੀ ਦਫ਼ਤਰ ਬਾਹਰ ਲਗਾਇਆ ਧਰਨਾ

ਸ੍ਰੀ ਮੁਕਤਸਰ ਸਾਹਿਬ, 22 ਸਤੰਬਰ (ਆਦੇਸ਼): ਕਾਂਗਰਸ ਪਾਰਟੀ ਦੇ ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਕਾਂਗਰਸ ਪ੍ਰਧਾਨ ਸ਼ੁਭਦੀਪ ਸਿੰਘ ਬਿੱਟੂ ਦੀ ਅਗਵਾਈ ਹੇਠ ਗੁਲਜ਼ਾਰ ਸਿੰਘ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਜ਼ਿਲ੍ਹਾ ਪੁਲਿਸ ਹੈੱਡਕੁਆਰਟਰ ਸਥਿਤ ਐੱਸਐੱਸਪੀ ਦਫ਼ਤਰ ਦੇ ਬਾਹਰ ਧਰਨਾ ਦਿੱਤਾ ਗਿਆ। ਇਸ ਮੌਕੇ ਸ਼ੁਭਦੀਪ ਸਿੰਘ ਬਿੱਟੂ ਅਤੇ ਬਲਾਕ ਕਾਂਗਰਸ ਪ੍ਰਧਾਨ ਮੁਕਤਸਰ ਦਿਹਾਤੀ ਸ਼ਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਦਿੜ੍ਹਬਾ ਹਲਕੇ ਦੇ ਪਿੰਡ ਤੂਰਬੰਨਜਾਰਾ ਦੇ ਵਸਨੀਕ ਗੁਲਜ਼ਾਰ ਸਿੰਘ ਨੇ ਨਸ਼ਿਆਂ ਦੇ ਮੁੱਦੇ 'ਤੇ ਸਵਾਲ ਚੁੱਕੇ ਸਨ, ਪਰਿਵਾਰ ਦਾ ਦੋਸ਼ ਹੈ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਕਹਿਣ 'ਤੇ ਸਬੰਧਿਤ ਪੁਲਿਸ ਵੱਲੋਂ ਗੁਲਜ਼ਾਰ ਸਿੰਘ ਨੂੰ ਤੰਗ ਪ੍ਰੇਸ਼ਾਨ ਕੀਤਾ ਗਿਆ, ਜਿਸ ਤੋਂ ਤੰਗ ਆ ਕੇ ਬਾਅਦ ਵਿੱਚ ਗੁਲਜ਼ਾਰ ਸਿੰਘ ਨੇ ਜ਼ਹਿਰੀਲੀ ਚੀਜ਼ ਨਿਗਲ ਲਈ ਸੀ। ਵੱਖ-ਵੱਖ ਰਿਪੋਰਟਾਂ ਮੁਤਾਬਕ ਉਸ ਦੇ ਪਰਿਵਾਰ ਅਤੇ ਹੋਰ ਧਿਰਾਂ ਵੱਲੋਂ ਦਬਾਅ ਅਤੇ ਧਮਕੀਆਂ ਦੇ ਦੋਸ਼ ਲਗਾਏ ਗਏ ਹਨ, ਜਦਕਿ ਮਾਮਲੇ ਦੀ ਜਾਂਚ ਲਈ ਪੁਲਿਸ ਵੱਲੋਂ SI" ਬਣਾਈ ਗਈ ਹੈ। ਕਾਂਗਰਸੀ ਆਗੂਆਂ ਨੇ ਮੰਗ ਕੀਤੀ ਕਿ ਗੁਲਜ਼ਾਰ ਸਿੰਘ ਵੱਲੋਂ ਮੌਤ ਤੋਂ ਪਹਿਲਾਂ ਲਗਾਏ ਗਏ ਦੋਸ਼ਾਂ ਦੀ ਨਿਰਪੱਖ ਜਾਂਚ ਕਰਕੇ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਭੂਮਿਕਾ ਦੀ ਵੀ ਜਾਂਚ ਦੀ ਮੰਗ ਕੀਤੀ। ਇਸ ਮੌਕੇ ਬਿੱਟੂ ਨੇ ਕਿਹਾ ਕਿ ਇਨਸਾਫ਼ ਮਿਲਣ ਤੱਕ ਕਾਂਗਰਸ ਦਾ ਸੰਘਰਸ਼ ਜਾਰੀ ਰਹੇਗਾ। ਧਰਨੇ ਵਿੱਚ ਗੁਰਪ੍ਰੀਤ ਸਿੰਘ ਪੀ ਏ ਰਾਜਾ ਵੜਿੰਗ, ਜਸਪ੍ਰੀਤ ਸਿੰਘ ਭਲਾਈਆਣਾ ਪੀ ਏ ਰਾਜਾ ਵੜਿੰਗ, ਤੇਜਿੰਦਰ ਕੁਮਾਰ ਬੱਬੂ ਬਾਂਸਲ, ਮੱਖਣ ਸਿੰਘ ਫੂਲੇਵਾਲਾ, ਸ਼ਿਵ ਕੁਮਾਰ ਸ਼ਿਵਾ, ਕੁਲਵੰਤ ਸਿੰਘ, ਨਵਦੀਪ ਨਵੀ ਸਰਾਵਾਂ ਬੋਦਲਾ, ਜਗਦੀਸ਼ ਕਟਾਰੀਆ, ਪਰਮਜੀਤ ਸਿੰਘ ਲੱਖੇਵਾਲੀ, ਰਣਬੀਰ ਸਿੰਘ ਸ਼ੇਰੇਵਾਲਾ, ਅਮਰਿੰਦਰ ਸੰਮੇਵਾਲੀ, ਹਰਜਿੰਦਰ ਸਿੰਘ ਸਰਪੰਚ ਪੰਜਾਵਾ, ਬਿੰਟਾ ਅਰੋੜਾ ਅਤੇ ਦਵਿੰਦਰ ਹੰਟੀ ਸਮੇਤ ਕਈ ਕਾਂਗਰਸੀ ਆਗੂ ਤੇ ਵਰਕਰ ਮੌਜੂਦ ਸਨ।

ਮਾਤਾ ਭਾਗ ਕੌਰ ਬਣਿਆ ਕੂੜੇ ਵਾਲੀਆਂ ਰੇੜੀਆਂ ਦਾ ਅੱਡਾ

ਸ੍ਰੀ ਮੁਕਤਸਰ ਸਾਹਿਬ, 22 ਸਤੰਬਰ (ਆਦੇਸ਼): ਧਾਰਮਿਕ ਸ਼ਖਸੀਅਤ ਮਾਤਾ ਭਾਗ ਕੌਰ ਦੇ ਨਾਮ ਉਪਰ ਬਣੇ ਪਾਰਕ ਦੀ ਹਾਲਤ ਮਾੜੀ ਹੋਣ ਦਾ ਤਾਂ ਨਗਰ ਕੌਂਸਲ ਵੱਲੋਂ ਕੋਈ ਹੱਲ ਕੀ ਕਰਨਾ ਸੀ ਸਗੋਂ ਹੁਣ ਉਥੇ ਸਫਾਈ ਸੇਵਕਾਂ ਨੇ ਆਪਣੀਆਂ ਕੂੜੇ ਵਾਲੀਆਂ ਰੇਹੜੀਆਂ ਖੜਾਉਣੀਆਂ ਸ਼ੁਰੂ ਕਰ ਦਿੱਤੀਆਂ ਹਨ। ਕਰੀਬ ਦਰਜਨ ਭਰ ਰੇਹੜੀਆਂ ਇਥੇ ਖੜਦੀਆਂ ਹਨ। ਜਿਸ ਕਰਕੇ ਇਹ ਪਾਰਕ ਘੱਟ ਤੇ ਰੇਹੜੀਆਂ ਦਾ ਅੱਡਾ ਵੱਧ ਲੱਗਦਾ ਹੈ। ਇਸੇ ਪਾਰਕ ਦੇ ਕੰਪਲੈਕਸ ਵਿੱਚ ਕੂੜੇ ਦਾ ਡੰਪ ਵੀ ਹੈ। ਸਫਾਈ ਸੇਵਕ ਉਥੇ ਕੂੜਾ ਢੇਰੀ ਕਰਕੇ ਰੇਹੜੀਆਂ ਇਥੇ ਲਿਆ ਖੜੀਆਂ ਕਰਦੇ ਹਨ। ਇਸ ਨਾਲ ਸਿੱਖ ਸੰਗਤਾਂ ਤੇ ਵਾਤਾਵਰਣ ਪ੍ਰੇਮੀਆ 'ਚ ਭਾਢਾ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਦੀ ਮੰਗ ਹੈ ਕਿ ਰੇਹੜੀਆਂ ਅਤੇ ਡੰਪ ਇਥੋਂ ਹਟਾਇਆ ਜਾਵੇ। ਇਸ ਦੌਰਾਨ ਕੌਂਸਲ ਦੇ ਕਾਰਜਸਾਧਕ ਅਫਸਰ ਵਰੁਣ ਸਹੋਤਾ ਨੇ ਦੱਸਿਆ ਕਿ ਡੰਪ ਹਟਾਉਣ ਅਤੇ ਪਾਰਕ ਦੀ ਦਸ਼ਾ ਸੰਵਾਰਨ ਲਈ ਯੋਜਨਾਬੰਦੀ ਚੱਲ ਰਹੀ ਹੈ। ਰੇਹੜੀਆਂ ਤੁਰੰਤ ਪ੍ਰਭਾਵ ਨਾਲ ਹਟਾ ਦਿੱਤੀਆਂ ਜਾਣਗੀਆਂ।

ਸੇਲਰ ਐਸੋਸੀਏਸ਼ਨ ਸ੍ਰੀ ਮਾਛੀਵਾੜਾ ਸਾਹਿਬ ਦੀ ਮੀਟਿੰਗ ਵਿੱਚ ਫ਼ੈਸਲਾ ਨਵਾਂ ਝੋਨਾਂ ਪਿੜਾਈ ਲਈ ਚੁੱਕਣ ਤੋਂ ਕੋਰਾ ਇਨਕਾਰ : ਸੂਦ, ਮੜਕਨ

ਸ੍ਰੀ ਮਾਛੀਵਾੜਾ ਸਾਹਿਬ, 22 ਸਤੰਬਰ (ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ): ਸੈਲਰ ਐਸੋਸੀਏਸ਼ਨ ਸ੍ਰੀ ਮਾਛੀਵਾੜਾ ਸਾਹਿਬ ਦੀ ਮੀਟਿੰਗ ਪ੍ਰਧਾਨ ਅਸ਼ੋਕ ਸੂਦ ਤੇ ਚੇਅਰਮੈਨ ਹੁਸਨ ਲਾਲ ਮੜਕਨ ਦੀ ਅਗੁਵਾਈ ਵਿੱਚ ਹੋਈ ਜਿਸ ਵਿੱਚ ਸੈਲਰ ਮਾਲਕਾਂ ਦੀਆਂ ਸਮੱਸਿਆਵਾਂ ਤੇ ਨਵੇਂ ਝੋਨੇ ਦੀ ਪਿੜਾਈ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ

ਹੋਣ ਵਾਲੀਆਂ ਚੋਣਾਂ ਕਿਸੇ ਇੱਕ ਪਾਰਟੀ ਦੀ ਜਿੱਤ ਦਾ ਸਵਾਲ ਨਹੀਂ ਬਲਕਿ ਸੂਬੇ ਦੇ ਪਾਣੀ, ਜਬਾਨੀ ਤੇ ਸਨਮਾਨ ਬਚਾਉਣ ਦਾ ਮੁੱਦਾ: ਕੈਬਨਿਟ ਮੰਤਰੀ

ਸ਼ਸ਼ੀ ਪਾਲ ਜੈਨ, ਖਰੜ, 22 ਸਤੰਬਰ: ਦਿੱਲੀ ਦੇ ਕੈਬਨਿਟ ਮੰਤਰੀ ਅਸ਼ੀਸ਼ ਸੂਦ ਨੇ ਅੱਜ ਖਰੜ ਵਿਖੇ ਭਾਜਪਾ ਵਲੋਂ ਆਯੋਜਿਤ ਨਸ਼ਾ ਮੁਕਤ ਪੰਜਾਬ ਯਾਤਰਾ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਉਣ ਵਾਲੀਆਂ ਪੰਜਾਬ ਚੋਣਾਂ ਕਿਸੇ ਇੱਕ ਪਾਰਟੀ ਦੀ ਜਿੱਤ ਹਾਰ ਦਾ ਪ੍ਰਸ਼ਨ ਨਹੀਂ ਬਲਕਿ ਰਾਜ ਦੇ ਪਾਣੀ, ਜਬਾਨੀ ਅਤੇ ਸਨਮਾਨ ਨੂੰ ਬਚਾਉਣ ਲਈ ਜ਼ਰੂਰੀ ਹਨ। ਉਨਾਂ ਕਿਹਾ ਕਿ ਜੇ ਅਸੀਂ ਆਪਣੇ ਬੱਚਿਆਂ ਦਾ ਭਵਿੱਖ ਬਚਾਉਣਾ ਚਾਹੁੰਦੇ ਹਾਂ ਅਤੇ ਆਪਣੀਆਂ ਨਸਲਾਂ ਦੀ ਰਾਖੀ ਕਰਨਾ ਚਾਹੁੰਦੇ ਹਾਂ ਤਾਂ ਅਸੀਂ ਅੱਗੇ ਆਈਏ ਅਤੇ ਰਾਜ ਵਿਚ ਭਾਜਪਾ ਦੀ ਸਰਕਾਰ ਬਣਾਈਏ। ਇਕੱਠ ਨੂੰ ਸੰਬੋਧਨ ਕਰਦਿਆ ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਭਾਜਪਾ ਦੀ ਸਰਕਾਰ ਨਸ਼ੇ ਦੇ ਕੋੜ ਨੂੰ ਜੜੋਂ ਖਤਮ ਕਰ ਦੇਵੇਗੀ। ਉਨਾਂ ਮੌਜੂਦਾ ਸਰਕਾਰ ਤੇ ਗੰਭੀਰ ਦੋਸ ਲਗਾਉਂਦਿਆ ਇਹ ਵਾਅਦਾ ਕੀਤਾ ਕਿ ਭਾਜਪਾ ਦੀ ਸਰਕਾਰ ਬਣਨ ਉਪਰੰਤ ਇਹ ਕੋੜ ਮੁਕੰਮਲ ਤੌਰ ਤੇ ਖਤਮ ਹੋ ਜਾਵੇਗਾ। ਭਾਜਪਾ ਆਗੂ ਰਣਜੀਤ ਸਿੰਘ ਗਿੱਲ ਨੇ ਕਿਹਾ ਕਿ ਮੌਜੂਦਾ ਸਰਕਾਰ ਦੇ ਸਮੇਂ ਇੱਕ ਵਿਧਾਇਕਾ ਦੇ ਪਰਿਵਾਰ ਨੇ ਬਹੁਤ ਲੁੱਟ-ਖਸੁੱਟ ਮਚਾਈ ਸੀ ਤੇ ਉਹ ਇਥੋਂ ਉਸ ਨੂੰ ਭੱਜਣ ਨਹੀ ਦਿੰਦੇ ਅਤੇ ਭਾਜਪਾ ਦੀ ਸਰਕਾਰ ਬਣਨ ਉਪਰੰਤ ਸਾਰੀ ਲੁੱਟੀ ਹੋਈ ਰਕਮ ਵਾਪਿਸ ਲਿਆਂਦੀ ਜਾਵੇਗੀ। ਇਕੱਠ ਨੂੰ ਹੋਰਨਾਂ ਤੋਂ ਇਲਾਵਾ ਪਰਮਿੰਦਰ ਸਿੰਘ ਬਰਾੜ, ਸੁਭਾਸ਼ ਸ਼ਰਮਾ, ਨਰਿੰਦਰ ਰਾਣਾ, ਸਤਵਿੰਦਰ ਸੱਤੀ, ਸੁਖਵਿੰਦਰ ਸਿੰਘ ਗੋਲਡੀ , ਵਨੀਤ ਜੋਸੀ ਆਦਿ ਨੇ ਵੀ ਸੰਬੋਧਨ ਕੀਤਾ। ਹੋਰਨਾਂ ਤੋ ਇਲਾਵਾ ਚਰਨਜੀਤ ਸਿੰਘ, ਰਾਕੇਸ਼ ਗੁਪਤਾ ਬੰਟੀ, ਕੁਸ਼ ਰਾਣਾ, ਖੁਸਵੰਤ ਰਾਏ ਗੀਗਾ, ਪ੍ਰੀਤੀ ਰਾਣਾ, ਭਾਨੂੰ ਪ੍ਰਤਾਪ ਰਾਣਾ, ਦਵਿੰਦਰ ਗੁਪਤਾ ਤੋਂ ਇਲਾਵਾ ਭਾਜਪਾ ਦੀ ਸਾਰੀ ਲੀਡਰਸ਼ਿਪ ਮੌਜੂਦ ਸੀ।

ਝੋਨੇ ਦੇ ਖਰੀਦ ਸੀਜ਼ਨ ਨੂੰ ਲੈ ਕੇ ਆੜ੍ਹਤੀਆ ਐਸੋਸੀਏਸ਼ਨ ਨੇ ਡੀਸੀ ਨਾਲ ਕੀਤੀ ਮੀਟਿੰਗ

ਰਾਜਪੁਰਾ, 22 ਸਤੰਬਰ (ਗੁਰਪ੍ਰੀਤ ਬੱਲ): ਆਉਣ ਵਾਲੇ ਝੋਨੇ ਦੇ ਖਰੀਦ ਸੀਜ਼ਨ ਨੂੰ ਸੁਚਾਰੂ ਅਤੇ ਨਿਰਵਿਘਨ ਢੰਗ ਨਾਲ ਨੇਪਰੇ ਚਾੜ੍ਹਨ ਲਈ ਆੜ੍ਹਤੀਆ ਐਸੋਸੀਏਸ਼ਨ ਦੇ ਇੱਕ ਉੱਚ ਪੱਧਰੀ ਵਫ਼ਦ ਨੇ ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਬੈਦਵਾਨ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਪਟਿਆਲਾ ਨਾਲ ਮਿੰਨੀ ਸਕੱਤਰੇਤ ਵਿਖੇ ਅਹਿਮ ਮੀਟਿੰਗ ਕੀਤੀ। ਮੀਟਿੰਗ ਵਿੱਚ ਸਮੂਹ ਖਰੀਦ ਏਜੰਸੀਆਂ ਜਿਵੇਂ ਪਨਗ੍ਰੇਨ, ਮਾਰਕਫੈੱਡ, ਐੱਫ.ਸੀ.ਆਈ. (639) ਦੇ ਜ਼ਿਲ੍ਹਾ ਮੈਨੇਜਰ ਅਤੇ ਜ਼ਿਲ੍ਹਾ ਮੰਡੀ ਬੋਰਡ ਦੇ ਉੱਚ ਅਧਿਕਾਰੀ ਵੀ ਮੌਕੇ 'ਤੇ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਐਸੋਸੀਏਸ਼ਨ ਵੱਲੋਂ ਡੀ.ਸੀ. ਸਾਹਿਬ ਨੂੰ ਇੱਕ ਮੰਗ ਪੱਤਰ ਦੇ ਕੇ ਮੰਡੀਆਂ ਵਿੱਚ ਆਉਣ ਵਾਲੀਆਂ ਮੁਸ਼ਕਿਲਾਂ ਵੱਲ ਧਿਆਨ ਦਿਵਾਇਆ ਗਿਆ। ਮੰਗ ਪੱਤਰ ਵਿੱਚ ਮੰਡੀਆਂ ਅਤੇ ਆੜ੍ਹਤੀਆ ਆਗੂਆਂ ਵੱਲੋਂ ਰੱਖੇ ਗਏ ਸਾਰੇ ਮਸਲਿਆਂ ਨੂੰ ਬੜੇ ਧਿਆਨ ਨਾਲ ਸੁਣਿਆ ਅਤੇ ਮੌਕੇ 'ਤੇ ਮੌਜੂਦ ਖਰੀਦ ਏਜੰਸੀਆਂ ਤੇ ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕਰਦਿਆਂ ਭਰੋਸਾ ਦਿੱਤਾ ਕਿ ਇਸ ਖਰੀਦ ਸੀਜ਼ਨ ਨੂੰ ਬਹੁਤ ਹੀ ਵਧੀਆ ਅਤੇ ਸੁਚੱਜੇ ਢੰਗ ਨਾਲ ਚਲਾਇਆ ਜਾਵੇਗਾ ਇਸ ਅਹਿਮ ਮੀਟਿੰਗ ਵਿੱਚ ਚੇਅਰਮੈਨ ਪਵਨ ਕੁਮਾਰ ਸਿੰਗਲਾ, ਦੀਪਕ ਬਾਂਸਲ, ਮਹੇਸ਼ ਪਾਹੂਜਾ , ਗੌਰਵ ਥੰਮਣ, ਕਰਮਜੀਤ ਸਿੰਘ ਅਲੌਹਰਾਂ, ਨਰਿੰਦਰ ਗਰਗ, ਪ੍ਰਿਥੀਪਾਲ ਸਿੰਘ , ਪ੍ਰਧਾਨ ਪਾਤੜਾਂ ਮੰਡੀ, ਕਰਮਜੀਤ, ਸਤਵਿੰਦਰ ਸੈਣੀ, ਸੰਜੀਵ ਗੋਇਲ, ਰਮੇਸ਼ ਵਧਵਾ ਅਤੇ ਵਿਜੇ ਕੱਕੜ ਸਮੇਤ ਜ਼ਿਲ੍ਹੇ ਭਰ ਦੀਆਂ ਵੱਖ-ਵੱਖ ਮੰਡੀਆਂ ਦੇ ਹੋਰ ਪ੍ਰਮੁੱਖ ਨੁਮਾਇੰਦੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਐਡਵੋਕੇਟ ਵਿਕਰਮਜੀਤ ਸਿੰਘ ਦੱਪਰ ਨੇ ਲਗਾਤਾਰ ਦੂਜੀ ਵਾਰ ਸੰਭਾਲਿਆ ਪ੍ਰਧਾਨ ਦਾ ਅਹੁਦਾ

ਡੇਰਾਬੱਸੀ, 22 ਸਤੰਬਰ (ਸੁਖਵਿੰਦਰ ਸੈਣੀ): ਡੇਰਾਬੱਸੀ ਬਾਰ ਐਸੋਸੀਏਸ਼ਨ ਦੀਆਂ 11 ਸਤੰਬਰ ਨੂੰ ਹੋਈਆਂ ਚੋਣਾਂ ਤੋਂ ਬਾਅਦ ਨਵੀਂ ਚੁਣੀ ਗਈ ਕਾਰਜਕਾਰਨੀ ਦਾ ਸਹੁੰ ਚੁੱਕ ਸਮਾਗਮ ਸੋਮਵਾਰ ਨੂੰ ਬਾਰ ਰੂਮ ਵਿਖੇ ਕਰਵਾਇਆ ਗਿਆ। ਸਮਾਗਮ ਰਿਟਰਨਿੰਗ ਅਫ਼ਸਰ ਐਡਵੋਕੇਟ ਰਵਿੰਦਰ ਬੱਤਰਾ ਦੀ ਅਗਵਾਈ ਹੇਠ ਹੋਇਆ। ਇਸ ਮੌਕੇ ਸਹਾਇਕ ਰਿਟਰਨਿੰਗ ਅਫ਼ਸਰ ਭਾਗ ਸਿੰਘ ਖਹਾਰੀ, ਰਾਮ ਧੀਮਾਨ, ਅਰੁਣ ਗੁਪਤਾ ਅਤੇ ਅਭਿਮਨਿਊ ਗਰਗ ਵੀ ਮੌਜੂਦ ਰਹੇ। ਰਿਟਰਨਿੰਗ ਅਫ਼ਸਰ ਰਵਿੰਦਰ ਬੱਤਰਾ ਨੇ ਨਵ-ਨਿਯੁਕਤ ਪ੍ਰਧਾਨ ਐਡਵੋਕੇਟ ਵਿਕਰਮਜੀਤ ਸਿੰਘ ਦੱਪਰ ਨੂੰ ਅਹੁਦੇ ਦੀ ਸਹੁੰ ਚੁਕਾਈ। ਐਡਵੋਕੇਟ ਦੱਪਰ ਲਗਾਤਾਰ ਦੂਜੀ ਵਾਰ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਚੁਣੇ ਗਏ ਹਨ। ਨਵੀਂ ਕਾਰਜਕਾਰਨੀ ਵਿੱਚ ਸ਼ਿਵ ਸ਼ਰਮਾ ਅਤੇ ਗੀਤਿਕਾ ਗੋਇਲ ਮੀਤ ਪ੍ਰਧਾਨ, ਜਗਤਾਰ ਸਿੰਘ ਬਾਛਲ ਜਨਰਲ ਸਕੱਤਰ, ਸੁਮਨ ਚੌਹਾਨ ਸੰਯੁਕਤ ਸਕੱਤਰ, ਵਿਪਨ ਸ਼ਰਮਾ ਕੈਸ਼ੀਅਰ, ਅਨੁਭਵ ਸਿੰਗਲਾ ਲਾਇਬ੍ਰੇਰੀ ਇੰਚਾਰਜ ਅਤੇ ਸੋਨੀਆ ਕਾਰਜਕਾਰਨੀ ਮੈਂਬਰ ਵਜੋਂ ਸ਼ਾਮਲ ਹਨ। ਇਸ ਮੌਕੇ ਬਾਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਰਾਜਬੀਰ ਸਿੰਘ ਮੁੰਦਰਾ, ਅਮਰਿੰਦਰ ਸਿੰਘ ਨਨਵਾ, ਵਿਕਰਾਂਤ ਪਵਾਰ ਅਤੇ ਜਸਬੀਰ ਸਿੰਘ ਚੌਹਾਨ ਸਮੇਤ ਜਸਵੰਤ ਸਿੰਘ ਤੂਰ, ਰਵੀ ਵਧਵਾ, ਗੁਰਜੰਟ ਸਿੰਘ ਚੌਹਾਨ, ਭਾਰਤ ਭੂਸ਼ਨ, ਮਿੱਤਰਪਾਲ ਸੈਣੀ, ਹਰਦੀਪ ਸੈਣੀ, ਰਾਜੇਸ਼ ਸਾਗਰ, ਅੰਕਿਤ ਰਾਣਾ, ਜਤਿੰਦਰ ਸੈਣੀ, ਦੀਪਿਕਾ ਹਸਤਪਾਲ, ਦੀਪਦੀਪ ਸ਼ਰਮਾ ਅਤੇ ਹੋਰ ਵਕੀਲ ਹਾਜ਼ਰ ਸਨ।

ਪਿੰਡ ਸੁੰਡਰਾਂ 'ਚ ਪਨੀਰ ਬਣਾਉਣ ਵਾਲੀ ਇਕਾਈ 'ਤੇ ਫੂਡ ਸੇਫਟੀ ਵਿਭਾਗ ਦੀ ਕਾਰਵਾਈ

ਡੇਰਾਬੱਸੀ, 22 ਸਤੰਬਰ (ਸੁਖਵਿੰਦਰ ਸੈਣੀ): ਤਿਉਹਾਰਾਂ ਦੇ ਮੱਦੇਨਜ਼ਰ ਖਾਣ-ਪੀਣ ਵਾਲੀਆਂ ਵਸਤਾਂ ਦੀ ਗੁਣਵੱਤਾ ਯਕੀਨੀ ਬਣਾਉਣ ਲਈ ਫੂਡ ਸੇਫਟੀ ਵਿਭਾਗ ਵੱਲੋਂ ਚਲਾਈ ਜਾ ਰਹੀ ਵਿਸ਼ੇਸ਼ ਜਾਂਚ ਮੁਹਿੰਮ ਤਹਿਤ ਪਿੰਡ ਸੁੰਡਰਾਂ ਵਿਖੇ ਪਨੀਰ ਤਿਆਰ ਕਰਨ ਵਾਲੀ ਇੱਕ ਇਕਾਈ ਦੀ ਜਾਂਚ ਕੀਤੀ ਗਈ। ਜਾਂਚ ਦੌਰਾਨ ਵਿਭਾਗ ਦੀ ਟੀਮ ਨੇ ਕਰੀਬ 1200 ਕਿਲੋ ਪਨੀਰ ਸੀਲ ਕਰ ਦਿੱਤਾ ਅਤੇ ਇਸ ਦੇ ਤਿੰਨ ਸੈਂਪਲ ਲੈਬਾਰਟਰੀ ਜਾਂਚ ਲਈ ਭੇਜੇ ਹਨ। ਫੂਡ ਸੇਫਟੀ ਜੁਆਇੰਟ ਕਮਿਸ਼ਨਰ ਡਾ. ਅਮਿਤ ਜੋਸ਼ੀ ਨੇ ਦੱਸਿਆ ਕਿ ਕਮਿਸ਼ਨਰ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਕੰਨਵਲਪ੍ਰੀਤ ਬਰਾੜ ਦੇ ਨਿਰਦੇਸ਼ਾਂ ਤਹਿਤ ਇਹ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਅਧਿਕਾਰੀਆਂ ਨੇ ਸੀਲ ਕੀਤਾ ਪਨੀਰ ਕੋਲਡ ਸਟੋਰੇਜ ਵਿੱਚ ਰੱਖਣ ਦੇ ਨਿਰਦੇਸ਼ ਦਿੱਤੇ ਹਨ। ਇਸ ਤੋਂ ਇਲਾਵਾ ਪਨੀਰ ਉਤਪਾਦਨ ਨਾਲ ਸਬੰਧਤ ਮਸ਼ੀਨਰੀ ਨੂੰ ਵੀ ਸੀਲ ਕਰ ਦਿੱਤਾ ਗਿਆ ਹੈ ਅਤੇ ਫਿਲਹਾਲ ਇਕਾਈ ਵਿੱਚ ਉਤਪਾਦਨ ਬੰਦ ਰਹੇਗਾ। ਵਿਭਾਗ ਅਨੁਸਾਰ ਲੈਬਾਰਟਰੀ ਰਿਪੋਰਟ ਮਿਲਣ ਤੋਂ ਬਾਅਦ ਨਤੀਜਿਆਂ ਦੇ ਆਧਾਰ 'ਤੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

ਵਿਧਾਇਕਾ ਨੀਨਾ ਮਿੱਤਲ ਨੇ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਵਾਰਡ ਨੰਬਰ 21 ਤੋਂ ਘਰ-ਘਰ ਕੀਤਾ ਪ੍ਰਚਾਰ

ਰਾਜਪੁਰਾ, 22 ਸਤੰਬਰ (ਗੁਰਪ੍ਰੀਤ ਬੱਲ): ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਅਤੇ ਸਹੂਲਤਾਂ ਬਾਰੇ ਜਾਗਰੂਕ ਕਰਨ ਲਈ ਆਮ ਆਦਮੀ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਹਲਕਾ ਰਾਜਪੁਰਾ ਵਿਧਾਇਕਾ ਨੀਨਾ ਮਿੱਤਲ ਨੇ ਵਾਰਡ ਨੰਬਰ 21 ਤੋਂ ਘਰ-ਘਰ ਪ੍ਰਚਾਰ ਮੁਹਿੰਮ ਦਾ ਆਗਾਜ਼ ਕੀਤਾ। ਇਸ ਦੌਰਾਨ ਉਨ੍ਹਾਂ ਨੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਦਿਆਂ ਪੰਜਾਬ ਸਰਕਾਰ ਦੇ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਲਏ ਗਏ ਲੋਕ ਹਿਤੈਸ਼ੀ ਫੈਸਲਿਆਂ ਅਤੇ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਵਿਧਾਇਕਾ ਨੀਨਾ ਮਿੱਤਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਪਣੇ ਕਾਰਜਕਾਲ ਦੌਰਾਨ ਕੀਤੇ ਗਏ ਕੰਮਾਂ ਅਤੇ ਲੋਕਾਂ ਨੂੰ ਦਿੱਤੀਆਂ ਸਹੂਲਤਾਂ ਦੀ ਜਾਣਕਾਰੀ ਸਿੱਧੇ ਘਰ-ਘਰ ਪਹੁੰਚਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਵਿਧਾਇਕਾ ਨੀਨਾ ਮਿੱਤਲ ਨੇ ਕਿਹਾ ਕਿ ਸਰਕਾਰ ਵੱਲੋਂ ਤਿਆਰ ਕੀਤੇ ਰਿਪੋਰਟ ਕਾਰਡ ਵਿੱਚ ਦਰਸਾਇਆ ਗਿਆ ਹੈ ਕਿ ਵੱਖ-ਵੱਖ ਸਹੂਲਤਾਂ ਅਤੇ ਸਕੀਮਾਂ ਰਾਹੀਂ ਪਰਿਵਾਰਾਂ ਨੂੰ ਸਾਲਾਨਾ ਲਗਭਗ 1.82 ਲੱਖ ਰੁਪਏ ਤੱਕ ਦਾ ਵਿੱਤੀ ਲਾਭ ਮਿਲ ਰਿਹਾ ਹੈ। 'ਮਾਨ ਦੇ ਮੁਨਾਫ਼ੇ' ਮੁਹਿੰਮ ਬਾਰੇ ਰਿਪੋਰਟਾਂ ਵਿੱਚ ਵੀ ਇਹ ਅੰਕੜਾ ਦਰਜ ਕੀਤਾ ਗਿਆ ਹੈ। ਇਸ ਮੌਕੇ ਰਿਤੇਸ਼ ਬਾਂਸਲ ਪ੍ਰਧਾਨ ਨਗਰ ਕੌਂਸਲ ਰਾਜਪੁਰਾ,ਕੱਲਪਨਾ ਕੁਕਰੇਜਾ ਸੀਨੀਅਰ ਵਾਈਸ ਪ੍ਰਧਾਨ ਨਗਰ ਕੌਂਸਲ ਰਾਜਪੁਰਾ, ਮੈਡਮ ਚਾਰੂ ਚੋਧਰੀ, ਸੁਰੰਧਾ ਮਿੱਤਲ ਮਹਿਲਾ ਪ੍ਰਧਾਨ ਰਾਜਪੁਰਾ, ਕੌਂਸਲਰ ਰਮਨ ਟਿਵਾਣਾ, ਕੌਂਸਲਰ ਕ੍ਰਿਸ਼ਨ ਕੁਮਾਰ ਫੌਜੀ, ਪ੍ਰਧਾਨ ਰਾਮੇਸ਼ ਪਾਹੁਜਾ, ਪ੍ਰਧਾਨ ਰਾਜੇਸ਼ ਬੋਵਾ, ਐਡਵੋਕੇਟ ਸੰਦੀਪ ਬਾਵਾ, ਚੀਮਾ , ਅਮਰਿੰਦਰ ਮੀਰੀ ਸਮੇਤ ਹੋਰ ਵੀ ਪਾਰਟੀ ਵਰਕਰ ਅਤੇ ਅਹੁਦੇਦਾਰ ਮੌਜੂਦ ਸਨ।

ਮਾਨ ਸਰਕਾਰ ਨੇ ਬਿਨਾਂ ਭੇਦਭਾਵ ਲੋਕਾਂ ਤੱਕ ਸਰਕਾਰੀ ਸਕੀਮਾਂ ਦਾ ਲਾਭ ਪਹੁੰਚਾਇਆ: ਗੁਰਲਾਲ ਘਨੌਰ

ਘਨੌਰ, 22 ਸਤੰਬਰ (ਗੁਰਪ੍ਰੀਤ ਬੱਲ): ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵੱਲੋਂ 20 ਸਤੰਬਰ ਤੋਂ ਸ਼ੁਰੂ ਕੀਤੀ ਗਈ 'ਮਾਨ ਦੇ ਮੁਨਾਫ਼ੇ' ਡੋਰ-ਟੂ-ਡੋਰ ਮੁਹਿੰਮ ਤਹਿਤ ਹਲਕਾ ਘਨੌਰ ਦੇ ਵਿਧਾਇਕ ਗੁਰਲਾਲ ਘਨੌਰ ਵੱਲੋਂ ਪਿੰਡ ਚੱਪੜ ਵਿਖੇ ਘਰ-ਘਰ ਜਾ ਕੇ ਲੋਕਾਂ ਨਾਲ ਮੁਲਾਕਾਤ ਕੀਤੀ ਗਈ। ਇਸ ਦੌਰਾਨ ਉਨ੍ਹਾਂ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਕੀਤੇ ਗਏ ਕੰਮਾਂ ਅਤੇ ਵੱਖ-ਵੱਖ ਲੋਕ ਭਲਾਈ ਸਕੀਮਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ 'ਮਾਨ ਦੇ ਮੁਨਾਫ਼ੇ' ਮੁਹਿੰਮ ਦਾ ਮਕਸਦ ਸਰਕਾਰ ਦੀਆਂ ਯੋਜਨਾਵਾਂ ਅਤੇ ਉਨ੍ਹਾਂ ਰਾਹੀਂ ਆਮ ਪਰਿਵਾਰਾਂ ਨੂੰ ਮਿਲ ਰਹੇ ਲਾਭਾਂ ਦੀ ਜਾਣਕਾਰੀ ਸਿੱਧੇ ਲੋਕਾਂ ਤੱਕ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੇ ਬੂਥ ਪੱਧਰੀ ਵਰਕਰ ਅਤੇ ਵਲੰਟੀਅਰ ਘਰ-ਘਰ ਜਾ ਕੇ ਲੋਕਾਂ ਨਾਲ ਸਿੱਧਾ ਸੰਪਰਕ ਕਰਨਗੇ। ਵਿਧਾਇਕ ਨੇ ਕਿਹਾ ਕਿ 'ਮਾਨ ਦੇ ਮੁਨਾਫ਼ੇ' ਮੁਹਿੰਮ ਦੌਰਾਨ ਲੋਕਾਂ ਨੂੰ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਅਤੇ ਸਹੂਲਤਾਂ ਬਾਰੇ ਜਾਣੂ ਕਰਵਾਇਆ ਜਾ ਰਿਹਾ ਹੈ। ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਪਰਕ ਲੋਕਤੰਤਰ ਦੀ ਮਜ਼ਬੂਤੀ ਲਈ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ 'ਮਾਨ ਦੇ ਮੁਨਾਫ਼ੇ' ਮੁਹਿੰਮ ਰਾਹੀਂ ਸਰਕਾਰ ਦੇ ਕੰਮਾਂ ਦਾ ਰਿਪੋਰਟ ਕਾਰਡ ਘਰ-ਘਰ ਪਹੁੰਚਾਇਆ ਜਾ ਰਿਹਾ ਹੈ ਅਤੇ ਲੋਕਾਂ ਨਾਲ ਸਰਕਾਰ ਦੀਆਂ ਨੀਤੀਆਂ ਤੇ ਯੋਜਨਾਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਜਾ ਰਿਹਾ ਹੈ। ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ ਅੱਜ ਮਾਨ ਸਰਕਾਰ ਦੀ ਮਾਨ ਦੇ ਮੁਨਾਫ਼ੇ ਮੁਹਿੰਮ ਦਾ ਮੁੱਖ ਮਕਸਦ ਲੋਕਾਂ ਨੂੰ ਜਾਗਰੂਕ ਕਰਨ ਕਿ ਰਵਾਇਤੀ ਪਾਰਟੀਆਂ 70 ਸਾਲ ਅਤੇ ਮਾਨ ਸਰਕਾਰ ਦੇ ਸਾਢੇ ਚਾਰ ਦੇ ਅਰਸੇ ਵਿਚ ਲੋਕਾਂ ਨੂੰ ਵੱਧ ਸਹੂਲਤਾਂ ਦੇਣ ਵਿਚ ਵੱਡਾ ਅੰਤਰ ਹੈ ਜਿਸ ਕਰਕੇ ਆਮ ਜਨਤਾ 2027 ਵਿਚ ਦੁਬਾਰਾ ਮਾਨ ਸਰਕਾਰ ਤੇ ਸੁਤੰਸਟੀ ਪ੍ਰਗਟਾ ਰਹੀ ਹੈ ਇਸ ਮੌਕੇ ਵੱਡੀ ਗਿਣਤੀ ਵਿਚ ਪਿੰਡ ਵਾਸੀ ਪੰਚ ਸਰਪੰਚ ਅਤੇ ਪਾਰਟੀ ਅਹੁਦੇਦਾਰ ਮੌਜੂਦ ਸਨ।

ਵਿਧਾਇਕ ਕੁਲਵੰਤ ਸਿੰਘ ਦੇਖ - ਰੇਖ ਹੇਠ 3 ਬੱਸਾਂ ਰਵਾਨਾ

ਮੋਹਾਲੀ, 22 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਅੱਜ ਵਿਧਾਨ ਸਭਾ ਹਲਕਾ ਮਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਦੀ ਦੇਖ-ਰੇਖ ਹੇਠ 3 ਬੱਸਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ, ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਅੱਜ ਪਿੰਡ ਮਾਣਕਮਾਜਰਾ ਤੋ ਇੱਕ ਜਦਕਿ ਪਿੰਡ ਮੋਟੇ ਮਾਜਰਾ ਤੋਂ 2 ਬੱਸਾਂ ਮਿਲਾ ਕੇ ਕੁੱਲ 160 ਬੱਸਾਂ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਸ਼੍ਰੀ ਅੰਮ੍ਰਿਤਸਰ ਸਾਹਿਬ ਸਥਿਤ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿ

ਸੰਪਾਦਕੀ

ਕਿਸਾਨ ਤੇ ਪਰਾਲੀ

ਪਰਾਲੀ ਸਾੜਨ ਦੀ ਸਮੱਸਿਆ ਨਾਲ ਨਜਿੱਠਣ ਲਈ ਕੇਂਦਰ ਵੱਲੋਂ ਇਕ ਵਾਰ ਫਿਰ ਸਖ਼ਤੀ ਦਾ ਰਾਹ ਚੁਣਿਆ ਗਿਆ ਹੈ। 16 ਸਤੰਬਰ ਨੂੰ ਜਾਰੀ ਨਵੇਂ ਡਰਾਫਟ ਨਿਯਮਾਂ ਤਹਿਤ ਪਰਾਲੀ ਸਾੜਨ ਵਾਲੇ ਕਿਸਾਨ ਦੀ ਜ਼ਮੀਨ ਦੇ ਮਾਲ ਰਿਕਾਰਡ 'ਚ 'ਰੈੱਡ ਐਂਟਰੀ' ਦਰਜ ਕਰਨ ਦਾ ਪ੍ਰਬੰਧ ਹੋਰ ਸਪੱਸ਼ਟ ਕੀਤਾ ਗਿਆ ਹੈ। ਇਹ ਐਂਟਰੀ 15 ਮਹੀਨਿਆਂ ਤੱਕ ਰਹੇਗੀ ਤੇ ਜੇ ਮੁੜ ਪਰਾਲੀ ਸਾੜੀ ਗਈ ਜਾਂ ਵਾਤਾਵਰਣੀ ਮੁਆਵਜ਼ਾ ਨਹੀਂ ਭਰਿਆ ਗਿਆ ਤਾਂ ਇਸ ਦੀ ਮਿਆਦ 15 ਮਹੀਨੇ ਹੋਰ ਵਧ ਸਕਦੀ ਹੈ। ਇਸ ਡਰਾਫਟ 'ਤੇ ਦੋ ਮਹੀਨਿਆਂ 'ਚ ਇਤਰਾਜ਼ ਤੇ ਸੁਝਾਅ ਮੰਗੇ ਹਨ। ਸਵਾਲ ਇਹ ਨਹੀਂ ਕਿ ਪਰਾਲੀ ਸਾੜਨੀ ਚਾਹੀਦੀ ਹੈ ਜਾਂ ਨਹੀਂ। ਪਰਾਲੀ ਸਾੜਨ ਨਾਲ ਹਵਾ, ਮਿੱਟੀ ਤੇ ਮਨੁੱਖੀ ਸਿਹਤ ਦਾ ਨੁਕਸਾਨ ਹੁੰਦਾ ਹੈ। ਅਸਲ ਸਵਾਲ ਇਹ ਹੈ ਕਿ ਇਸ ਸਮੱਸਿਆ ਦਾ ਹੱਲ ਕਿਵੇਂ ਕੀਤਾ ਜਾਵੇ। 'ਰੈੱਡ ਐਂਟਰੀ' ਸਿਰਫ਼ ਕਾਗਜ਼ 'ਤੇ ਲੱਗਣ ਵਾਲਾ ਨਿਸ਼ਾਨ ਨਹੀਂ ਹੈ। ਇਸ ਦੇ ਸੰਭਾਵੀ ਪ੍ਰਭਾਵ ਕਰਜ਼ੇ, ਜ਼ਮੀਨ ਗਿਰਵੀ ਰੱਖਣ ਤੇ ਸਰਕਾਰੀ ਸਹੂਲਤਾਂ ਤੱਕ ਪਹੁੰਚ ਨਾਲ ਜੁੜ ਸਕਦੇ ਹਨ। ਕੇਂਦਰ ਦਾ ਤਰਕ ਹੈ ਕਿ ਵਾਤਾਵਰਣੀ ਮੁਆਵਜ਼ੇ ਤੇ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਜਵਾਬਦੇਹੀ ਜ਼ਰੂਰੀ ਹੈ ਪਰ ਜਵਾਬਦੇਹੀ ਤੈਅ ਕਰਨ ਤੋਂ ਪਹਿਲਾਂ ਇਹ ਸਵਾਲ ਵੀ ਪੁੱਛਣਾ ਬਣਦਾ ਹੈ ਕਿ ਕਿਸਾਨ ਨੂੰ ਪਰਾਲੀ ਸੰਭਾਲਣ ਦਾ ਵਿਹਾਰਕ ਬਦਲ ਕਿੰਨਾ ਆਸਾਨੀ ਨਾਲ ਮਿਲ ਰਿਹਾ ਹੈ। ਇੱਥੇ ਸੁਪਰੀਮ ਕੋਰਟ ਦੀਆਂ ਟਿੱਪਣੀਆਂ ਬਹੁਤ ਮਹੱਤਵਪੂਰਨ ਹੋ ਜਾਂਦੀਆਂ ਹਨ। ਨਵੰਬਰ 2023 'ਚ ਅਦਾਲਤ 'ਚ ਸੁਝਾਅ ਰੱਖਿਆ ਗਿਆ ਸੀ ਕਿ ਛੋਟੇ ਕਿਸਾਨਾਂ ਲਈ ਪਰਾਲੀ ਪ੍ਰਬੰਧਨ ਦਾ ਬਦਲ ਮੁਫ਼ਤ ਕੀਤਾ ਜਾਵੇ, ਕਿਉਂਕਿ ਮਹਿੰਗੀ ਮਸ਼ੀਨਰੀ ਤੇ ਉਸ ਦੇ ਖ਼ਰਚੇ ਛੋਟੇ ਕਿਸਾਨਾਂ ਲਈ ਵੱਡੀ ਰੁਕਾਵਟ ਹਨ। ਅਦਾਲਤ ਨੇ ਇਹ ਵੀ ਨੋਟ ਕੀਤਾ ਕਿ ਛੋਟੇ ਕਿਸਾਨ ਟਰੈਕਟਰ, ਡਰਾਈਵਰ ਤੇ ਡੀਜ਼ਲ ਦਾ ਖ਼ਰਚਾ ਨਹੀਂ ਝੱਲ ਸਕਦੇ। ਸਵਾਲ ਇਹ ਹੈ ਕਿ ਅਦਾਲਤ 'ਚ ਇਹ ਮੁੱਦਾ ਉੱਠਣ ਤੋਂ ਬਾਅਦ ਜ਼ਮੀਨੀ ਪੱਧਰ 'ਤੇ ਕਿੰਨਾ ਬਦਲਾਅ ਆਇਆ ਹੈ? ਸੂਬੇ 'ਚ ਪਿਛਲੇ ਸਾਲਾਂ ਦੌਰਾਨ ਪਰਾਲੀ ਪ੍ਰਬੰਧਨ ਲਈ ਹਜ਼ਾਰਾਂ ਮਸ਼ੀਨਾਂ ਸਬਸਿਡੀ 'ਤੇ ਮੁਹੱਈਆ ਕਰਵਾਈਆਂ ਗਈਆਂ ਪਰ ਇੱਥੇ ਬੁਨਿਆਦੀ ਫ਼ਰਕ ਸਮਝਣ ਦੀ ਲੋੜ ਹੈ। ਮਸ਼ੀਨ ਦਾ ਸਬਸਿਡੀ 'ਤੇ ਉਪਲਬਧ ਹੋਣਾ ਤੇ ਛੋਟੇ ਕਿਸਾਨ ਨੂੰ ਪਰਾਲੀ ਪ੍ਰਬੰਧਨ ਦੀ ਸੇਵਾ ਮੁਫ਼ਤ ਜਾਂ ਬਹੁਤ ਘੱਟ ਖਰਚੇ 'ਤੇ ਸਮੇਂ ਸਿਰ ਮਿਲਣਾ ਇੱਕੋ ਗੱਲ ਨਹੀਂ। ਵਿਅਕਤੀਗਤ ਕਿਸਾਨ ਨੂੰ ਮਸ਼ੀਨ ਖ਼ਰੀਦਣ ਲਈ ਆਪਣਾ ਹਿੱਸਾ ਵੀ ਪਾਉਣਾ ਪੈਂਦਾ ਹੈ ਤੇ ਮਸ਼ੀਨ ਮਿਲ ਜਾਣ ਤੋਂ ਬਾਅਦ ਵੀ ਟਰੈਕਟਰ, ਡਰਾਈਵਰ ਤੇ ਡੀਜ਼ਲ ਦਾ ਖ਼ਰਚਾ ਵੱਖਰਾ ਹੁੰਦਾ ਹੈ। ਸਵਾਲ ਹੈ ਕਿ ਕੀ ਛੋਟੇ ਕਿਸਾਨ ਦੇ ਖੇਤ ਤੱਕ ਪਰਾਲੀ ਸੰਭਾਲਣ ਦੀ ਪੂਰੀ ਸਹੂਲਤ ਪਹੁੰਚੀ ਹੈ? ਜੇ ਕਿਸਾਨ ਨੂੰ ਉਸ ਛੋਟੀ ਜਿਹੀ ਮਿਆਦ 'ਚ ਮਸ਼ੀਨ ਨਾ ਮਿਲੇ ਤਾਂ ਉਸ ਦੇ ਸਾਹਮਣੇ ਪਰਾਲੀ ਨੂੰ ਅੱਗ ਲਗਾਉਣ ਤੋਂ ਇਲਾਵਾ ਹੋਰ ਕੋਈ ਫ਼ੌਰੀ ਰਸਤਾ ਨਹੀਂ ਬਚਦਾ। ਇਸੇ ਥਾਂ ਕੇਂਦਰ ਦੀ ਨਵੀਂ ਨੀਤੀ 'ਤੇ ਮੁੜ ਵਿਚਾਰ ਦੀ ਲੋੜ ਮਹਿਸੂਸ ਹੁੰਦੀ ਹੈ। ਜੇ ਸਰਕਾਰ ਪਰਾਲੀ ਸਾੜਨ 'ਤੇ 'ਰੈੱਡ ਐਂਟਰੀ' ਕਰਨ ਲਈ ਪ੍ਰਸ਼ਾਸਨਿਕ ਮਸ਼ੀਨਰੀ ਖੜ੍ਹੀ ਕਰ ਸਕਦੀ ਹੈ ਤਾਂ ਕੀ ਉਹੀ ਪ੍ਰਸ਼ਾਸਨਿਕ ਤਾਕਤ ਛੋਟੇ ਕਿਸਾਨ ਨੂੰ ਪਰਾਲੀ ਸੰਭਾਲਣ ਦੀ ਮਸ਼ੀਨਰੀ ਸਮੇਂ ਸਿਰ ਮੁਹੱਈਆ ਕਰਵਾਉਣ ਲਈ ਨਹੀਂ ਵਰਤੀ ਜਾ ਸਕਦੀ? ਜੇ ਕਿਸਾਨ ਨੂੰ ਸਜ਼ਾ ਦੇਣ ਲਈ ਪ੍ਰਣਾਲੀ ਕੋਲ ਸੈਟੇਲਾਈਟ, ਰਿਕਾਰਡ ਅਤੇ ਅਧਿਕਾਰੀ ਹਨ ਤਾਂ ਉਸ ਦੀ ਮਦਦ ਕਰਨ ਲਈ ਵੀ ਇਹੀ ਪ੍ਰਣਾਲੀ ਪਿੰਡ ਪੱਧਰ 'ਤੇ ਕਿਉਂ ਨਹੀਂ ਹੋ ਸਕਦੀ? ਇਕ ਹੋਰ ਰਸਤਾ ਹੱਲਾਸ਼ੇਰੀ ਦਾ ਹੈ। ਪਰਾਲੀ ਨੂੰ ਕੂੜਾ ਸਮਝਣ ਦੀ ਬਜਾਏ ਇਸ ਨੂੰ ਆਰਥਿਕ ਸਰੋਤ ਬਣਾਇਆ ਜਾ ਸਕਦਾ ਹੈ। ਕਿਸਾਨ ਨੂੰ ਇਹ ਛੋਟ ਨਹੀਂ ਦਿੱਤੀ ਜਾ ਸਕਦੀ ਹੈ ਕਿ ਵਾਤਾਵਰਣੀ ਨੁਕਸਾਨ ਦੇ ਬਾਵਜੂਦ ਪਰਾਲੀ ਸਾੜਦਾ ਰਹੇ। ਦੋਵਾਂ ਦੇ ਵਿਚਕਾਰ ਇਕ ਤੀਜਾ ਰਸਤਾ ਹੈ–ਸਰਕਾਰ ਪਹਿਲਾਂ ਬਦਲ ਦੀ ਗਾਰੰਟੀ ਦੇਵੇ ਤੇ ਉਸ ਤੋਂ ਬਾਅਦ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਵਾਏ।

ਕਰਜ਼ੇ ਦੀ ਵਸੂਲੀ ਦਾ ਕਾਨੂੰਨੀ ਦਾਇਰਾ

ਸੁਪਰੀਮ ਕੋਰਟ ਦਾ ਅਹਿਮ ਫੈਸਲਾ: ਵਾਹਨ ਜ਼ਬਤ ਕਰਨ ਦੌਰਾਨ ਮਨਮਾਨੀ, ਤਾਕਤ ਦੀ ਵਰਤੋਂ ਅਤੇ ਅਣਉਚਿਤ ਸਮੇਂ 'ਤੇ ਕਾਰਵਾਈ ਕਰਨ ਵਿਰੁੱਧ ਸਖ਼ਤ ਸੰਦੇਸ਼

— ਡਾ. ਸਤਿਆਵਾਨ ਸੌਰਭ

ਕਰਜ਼ਾ ਲੈਣਾ ਇੱਕ ਵਿੱਤੀ ਸਮਝੌਤਾ ਹੁੰਦਾ ਹੈ। ਜੇਕਰ ਕਰਜ਼ੇ ਦੀ ਰਕਮ ਸਮੇਂ ਸਿਰ ਵਾਪਸ ਨਹੀਂ ਕੀਤੀ ਜਾਂਦੀ, ਤਾਂ ਬੈਂਕ ਜਾਂ ਵਿੱਤੀ ਸੰਸਥਾ ਨੂੰ ਆਪਣੀ ਬਕਾਇਆ ਰਕਮ ਵਸੂਲਣ ਦਾ ਅਧਿਕਾਰ ਹੁੰਦਾ ਹੈ। ਹਾਲਾਂਕਿ, ਇਹ ਅਧਿਕਾਰ ਅਸੀਮਤ ਨਹੀਂ ਹੈ। ਕਰਜ਼ੇ ਦੀ ਵਸੂਲੀ ਲਈ ਅਪਣਾਈ ਜਾਣ ਵਾਲੀ ਪ੍ਰਕਿਰਿਆ ਕਾਨੂੰਨ, ਕਰਜ਼ਾ ਸਮਝੌਤੇ ਅਤੇ ਭਾਰਤੀ ਰਿਜ਼ਰਵ ਬੈਂਕ ਦੇ ਦਿਸ਼ਾ-ਨਿਰਦੇਸ਼ਾਂ ਦੇ ਅਨੁਕੂਲ ਹੋਣੀ ਚਾਹੀਦੀ ਹੈ। ਸਿਰਫ਼ ਇਸ ਲਈ ਕਿ ਕਿਸੇ ਵਿਅਕਤੀ ਸਿਰ ਕਰਜ਼ਾ ਬਕਾਇਆ ਹੈ, ਵਿੱਤੀ ਸੰਸਥਾ ਨੂੰ ਉਸ ਨਾਲ ਜ਼ਬਰਦਸਤੀ, ਅਪਮਾਨਜਨਕ ਜਾਂ ਮਨਮਾਨੇ ਢੰਗ ਨਾਲ ਪੇਸ਼ ਆਉਣ ਦੀ ਇਜਾਜ਼ਤ ਨਹੀਂ ਮਿਲ ਜਾਂਦੀ। ਸੁਪਰੀਮ ਕੋਰਟ ਦਾ ਹਾਲੀਆ ਫੈਸਲਾ ਇਸ ਅਹਿਮ ਸਿਧਾਂਤ 'ਤੇ ਜ਼ੋਰ ਦਿੰਦਾ ਹੈ।

ਇਹ ਮਾਮਲਾ ਉੱਤਰ ਪ੍ਰਦੇਸ਼ ਦੇ ਹਰੀ ਦੱਤ ਸ਼ਰਮਾ ਨਾਲ ਸਬੰਧਤ ਹੈ। 2019 ਵਿੱਚ, ਉਨ੍ਹਾਂ ਨੇ 'ਚੋਲਮੰਡਲਮ ਇਨਵੈਸਟਮੈਂਟ ਐਂਡ ਫਾਈਨਾਂਸ ਕੰਪਨੀ ਲਿਮਟਿਡ' ਤੋਂ 'ਟਾਟਾ ਐਸਐਫਸੀ 407' ਟਰੱਕ ਖਰੀਦਣ ਲਈ ਵਾਹਨ ਕਰਜ਼ਾ ਲਿਆ ਸੀ। ਉਨ੍ਹਾਂ ਲਈ, ਟਰੱਕ ਸਿਰਫ਼ ਇੱਕ ਵਾਹਨ ਨਹੀਂ, ਸਗੋਂ ਰੋਜ਼ੀ-ਰੋਟੀ ਦਾ ਇੱਕ ਅਹਿਮ ਸਾਧਨ ਸੀ। ਕਰਜ਼ੇ ਦੀਆਂ ਕੁਝ ਕਿਸ਼ਤਾਂ ਬਕਾਇਆ ਰਹਿ ਜਾਣ ਤੋਂ ਬਾਅਦ ਵਿੱਤੀ ਸੰਸਥਾ ਅਤੇ ਕਰਜ਼ਾ ਲੈਣ ਵਾਲੇ ਵਿਚਕਾਰ ਵਿਵਾਦ ਪੈਦਾ ਹੋ ਗਿਆ। ਸ਼ਰਮਾ ਨੇ ਦੋਸ਼ ਲਾਇਆ ਕਿ 9 ਅਪ੍ਰੈਲ 2023 ਨੂੰ ਰਾਤ ਕਰੀਬ 1:00 ਵਜੇ ਕੁਝ ਵਿਅਕਤੀਆਂ ਨੇ ਜ਼ਬਰਦਸਤੀ ਉਨ੍ਹਾਂ ਦਾ ਵਾਹਨ ਖੋਹ ਲਿਆ। ਇਹ ਵੀ ਦੋਸ਼ ਲਾਇਆ ਗਿਆ ਕਿ ਵਾਹਨ ਦਾ ਸਟੀਅਰਿੰਗ ਲਾਕ ਤੋੜ ਦਿੱਤਾ ਗਿਆ ਅਤੇ ਨਿਰਧਾਰਤ ਪ੍ਰਕਿਰਿਆ ਦੀ ਪਾਲਣਾ ਕੀਤੇ ਬਿਨਾਂ ਟਰੱਕ ਨੂੰ ਜ਼ਬਤ ਕਰ ਲਿਆ ਗਿਆ। ਇਸ ਤੋਂ ਬਾਅਦ, ਵਾਹਨ ਨੂੰ ਵੇਚ ਦਿੱਤਾ ਗਿਆ। ਇਹ ਮਾਮਲਾ ਪਹਿਲਾਂ ਹਾਈ ਕੋਰਟ ਪਹੁੰਚਿਆ, ਜਿੱਥੇ ਪਟੀਸ਼ਨ ਖਾਰਜ ਕਰ ਦਿੱਤੀ ਗਈ। ਫਿਰ ਪੀੜਤ ਧਿਰ ਨੇ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਇਆ। *ਹਰੀ ਦੱਤ ਸ਼ਰਮਾ ਬਨਾਮ ਉੱਤਰ ਪ੍ਰਦੇਸ਼ ਰਾਜ ਅਤੇ ਹੋਰ* ਦੇ ਮਾਮਲੇ ਵਿੱਚ, ਸੁਪਰੀਮ ਕੋਰਟ ਨੇ ਮਾਮਲੇ ਨੂੰ ਸਿਰਫ਼ ਬਕਾਇਆ ਕਰਜ਼ੇ ਦੀਆਂ ਕਿਸ਼ਤਾਂ ਦੇ ਨਜ਼ਰੀਏ ਤੋਂ ਨਹੀਂ ਦੇਖਿਆ। ਅਦਾਲਤ ਨੇ ਉਸ ਤਰੀਕੇ 'ਤੇ ਵਿਸ਼ੇਸ਼ ਧਿਆਨ ਦਿੱਤਾ ਜਿਸ ਨਾਲ ਵਸੂਲੀ ਦੀ ਪ੍ਰਕਿਰਿਆ ਨੂੰ ਅੰਜਾਮ ਦਿੱਤਾ ਗਿਆ ਸੀ।

ਸੁਪਰੀਮ ਕੋਰਟ ਨੇ ਸਪੱਸ਼ਟ ਕੀਤਾ ਕਿ ਹਾਲਾਂਕਿ ਕਰਜ਼ਾ ਦੇਣ ਵਾਲੇ ਨੂੰ ਆਪਣੇ ਜਾਇਜ਼ ਅਧਿਕਾਰਾਂ ਦੀ ਵਰਤੋਂ ਕਰਨ ਦੀ ਇਜਾਜ਼ਤ ਹੈ, ਪਰ ਅਜਿਹੇ ਅਧਿਕਾਰਾਂ ਦੀ ਵਰਤੋਂ ਸਖਤੀ ਨਾਲ ਕਾਨੂੰਨ ਦੇ ਦਾਇਰੇ ਵਿੱਚ ਹੀ ਕੀਤੀ ਜਾਣੀ ਚਾਹੀਦੀ ਹੈ। ਵਿੱਤੀ ਸੰਸਥਾ ਦੇ ਕਰਜ਼ਾ ਵਸੂਲਣ ਦੇ ਅਧਿਕਾਰ ਦਾ ਮਤਲਬ ਇਹ ਨਹੀਂ ਹੈ ਕਿ ਉਸਨੂੰ ਵਾਹਨ ਇਸ ਮਾਮਲੇ ਵਿੱਚ, ਕਰਜ਼ਾ ਸਮਝੌਤੇ ਵਿੱਚ ਵਾਹਨ ਦਾ ਕਬਜ਼ਾ ਲੈਣ ਤੋਂ ਪਹਿਲਾਂ ਸੱਤ ਦਿਨਾਂ ਦਾ ਨੋਟਿਸ ਦੇਣ ਦੀ ਸ਼ਰਤ ਰੱਖੀ ਗਈ ਸੀ। ਅਦਾਲਤ ਨੇ ਪਾਇਆ ਕਿ ਵਾਹਨ ਜ਼ਬਤ ਕਰਨ ਤੋਂ ਪਹਿਲਾਂ ਸੱਤ ਦਿਨਾਂ ਦੇ ਨੋਟਿਸ ਸੰਬੰਧੀ ਇਸ ਨਿਯਮ ਦੀ ਪਾਲਣਾ ਨਹੀਂ ਕੀਤੀ ਗਈ ਸੀ। ਇਸ ਤੋਂ ਇਲਾਵਾ, ਇਹ ਤੱਥ ਕਿ ਵਾਹਨ ਨੂੰ ਰਾਤ ਕਰੀਬ 1:00 ਵਜੇ ਲਿਜਾਇਆ ਗਿਆ ਅਤੇ ਇਸਦਾ ਸਟੀਅਰਿੰਗ ਲਾਕ ਤੋੜ ਦਿੱਤਾ ਗਿਆ, ਨੇ ਸਥਿਤੀ ਨੂੰ ਹੋਰ ਗੰਭੀਰ ਬਣਾ ਦਿੱਤਾ। ਅਦਾਲਤ ਨੇ ਅਜਿਹੀਆਂ ਕਾਰਵਾਈਆਂ ਨੂੰ ਕਾਨੂੰਨੀ ਜਾਂ ਸ਼ਾਂਤੀਪੂਰਵਕ ਕਬਜ਼ਾ ਵਾਪਸ ਲੈਣ ਦੀ ਪ੍ਰਕਿਰਿਆ ਦੇ ਅਨੁਕੂਲ ਨਹੀਂ ਮੰਨਿਆ। ਇਹ ਸਮਝਣਾ ਵੀ ਜ਼ਰੂਰੀ ਹੈ ਕਿ ਸੱਤ ਦਿਨਾਂ ਦੇ ਨੋਟਿਸ ਦੀ ਮਿਆਦ ਸਾਰੇ ਤਰ੍ਹਾਂ ਦੇ ਵਾਹਨ ਕਰਜ਼ਿਆਂ ਦੇ ਮਾਮਲੇ ਵਿੱਚ ਕਬਜ਼ਾ ਵਾਪਸ ਲੈਣ ਲਈ ਕੋਈ ਵਿਆਪਕ ਕਾਨੂੰਨੀ ਨਿਯਮ ਨਹੀਂ ਹੈ; ਇਸ ਖਾਸ ਮਾਮਲੇ ਵਿੱਚ, ਸੱਤ ਦਿਨਾਂ ਦੀ ਮਿਆਦ ਸੰਬੰਧਿਤ ਕਰਜ਼ਾ ਸਮਝੌਤੇ ਦੁਆਰਾ ਲਾਜ਼ਮੀ ਕੀਤੀ ਗਈ ਸੀ। ਇਸ ਲਈ, ਇਸ ਫੈਸਲੇ ਦਾ ਅਸਲ ਮਤਲਬ ਇਹ ਹੈ ਕਿ ਜੇਕਰ ਕੋਈ ਕਰਜ਼ਾ ਸਮਝੌਤਾ ਕਿਸੇ ਖਾਸ ਪ੍ਰਕਿਰਿਆ ਜਾਂ ਨੋਟਿਸ ਦੀ ਲੋੜ ਨੂੰ ਨਿਰਧਾਰਤ ਕਰਦਾ ਹੈ, ਤਾਂ ਵਿੱਤੀ ਸੰਸਥਾ ਇਸ ਦੀ ਪਾਲਣਾ ਕਰਨ ਲਈ ਪਾਬੰਦ ਹੈ। ਲਾਗੂ ਕਾਨੂੰਨਾਂ ਅਤੇ ਭਾਰਤੀ ਰਿਜ਼ਰਵ ਬੈਂਕ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨਾ ਵੀ ਲਾਜ਼ਮੀ ਹੈ।

ਸੁਪਰੀਮ ਕੋਰਟ ਨੇ ਕਰਜ਼ੇ ਦੀ ਵਸੂਲੀ ਦੌਰਾਨ ਬੇਲੋੜੇ ਦਬਾਅ, ਤੰਗ-ਪ੍ਰੇਸ਼ਾਨ ਕਰਨ ਅਤੇ ਤਾਕਤ ਦੀ ਵਰਤੋਂ ਨਾਲ ਜੁੜੇ ਮੁੱਦਿਆਂ 'ਤੇ ਵੀ ਗੰਭੀਰ ਰੁਖ ਅਪਣਾਇਆ। ਹਾਲਾਂਕਿ ਬੈਂਕ ਅਤੇ ਵਿੱਤੀ ਸੰਸਥਾਵਾਂ ਕਰਜ਼ੇ ਦੀ ਵਸੂਲੀ ਲਈ ਨੁਮਾਇੰਦਿਆਂ ਜਾਂ ਵਸੂਲੀ ਏਜੰਟਾਂ ਦੀ ਸੇਵਾ ਲੈ ?ਸਕਦੀਆਂ ਹਨ, ਪਰ ਅਜਿਹੇ ਨੁਮਾਇੰਦਿਆਂ ਨੂੰ ਸਖਤੀ ਨਾਲ ਕਾਨੂੰਨ ਦੇ ਦਾਇਰੇ ਵਿੱਚ ਰਹਿ ਕੇ ਕੰਮ ਕਰਨਾ ਚਾਹੀਦਾ ਹੈ। ਕਰਜ਼ਾ ਲੈਣ ਵਾਲੇ ਨੂੰ ਧਮਕਾਉਣਾ ਜਾਂ ਜ਼ਲੀਲ ਕਰਨਾ, ਅਜੀਬ ਸਮੇਂ 'ਤੇ ਤੰਗ-ਪ੍ਰੇਸ਼ਾਨ ਕਰਨਾ, ਜਾਂ ਜ਼ਬਰਦਸਤੀ ਜਾਇਦਾਦ ਜ਼ਬਤ ਕਰਨਾ ਜਾਇਜ਼ ਵਸੂਲੀ ਪ੍ਰਕਿਰਿਆ ਦਾ ਹਿੱਸਾ ਨਹੀਂ ਮੰਨਿਆ ਜਾ ਸਕਦਾ।

ਇਸ ਫੈਸਲੇ ਦਾ ਇੱਕ ਮਹੱਤਵਪੂਰਨ ਪਹਿਲੂ ਕਿਸੇ ਵਿਅਕਤੀ ਦੀ ਰੋਜ਼ੀ-ਰੋਟੀ ਨਾਲ ਜੁੜਿਆ ਹੋਇਆ ਹੈ। ਜੇਕਰ ਕੋਈ ਟਰੱਕ, ਟੈਕਸੀ, ਆਟੋ-ਰਿਕਸ਼ਾ ਜਾਂ ਕੋਈ ਹੋਰ ਵਪਾਰਕ ਵਾਹਨ ਕਿਸੇ ਵਿਅਕਤੀ ਦੀ ਆਮਦਨ ਦਾ ਮੁੱਖ ਸਾਧਨ ਹੈ, ਤਾਂ ਇਸਨੂੰ ਮਨਮਾਨੇ ਢੰਗ ਨਾਲ ਜ਼ਬਤ ਕਰਨ ਦਾ ਅਸਰ ਸਿਰਫ਼ ਜਾਇਦਾਦ ਦੇ ਨੁਕਸਾਨ ਤੱਕ ਸੀਮਤ ਨਹੀਂ ਰਹਿੰਦਾ; ਇਹ ਉਸ ਵਿਅਕਤੀ ਅਤੇ ਉਸਦੇ ਪਰਿਵਾਰ ਦੀ ਆਮਦਨ ਨੂੰ ਖਤਰੇ ਵਿੱਚ ਪਾ ਸਕਦਾ ਹੈ। ਇਸ ਸੰਦਰਭ ਵਿੱਚ, ਸੁਪਰੀਮ ਕੋਰਟ ਨੇ ਸੰਵਿਧਾਨ ਦੀਆਂ ਧਾਰਾਵਾਂ 14 ਅਤੇ 21 ਵਿੱਚ ਦਰਜ ਅਧਿਕਾਰਾਂ 'ਤੇ ਵੀ ਵਿਚਾਰ ਕੀਤਾ। ਅਦਾਲਤ ਨੇ ਵਾਹਨ—ਜੋ ਕਿ ਰੋਜ਼ੀ-ਰੋਟੀ ਦਾ ਸਾਧਨ ਸੀ—ਨੂੰ ਗਲਤ ਢੰਗ ਨਾਲ ਜ਼ਬਤ ਕਰਨ ਦੇ ਮਾਮਲੇ ਨੂੰ ਬਹੁਤ ਗੰਭੀਰਤਾ ਨਾਲ ਲਿਆ। ਸੁਪਰੀਮ ਕੋਰਟ ਨੇ ਪ੍ਰਭਾਵਿਤ ਕਰਜ਼ਾ ਲੈਣ ਵਾਲੇ ਨੂੰ ਵੱਡੀ ਰਾਹਤ ਵੀ ਇਸ ਤੋਂ ਇਲਾਵਾ, ਮਾਨਸਿਕ ਪੀੜਾ ਅਤੇ ਰੋਜ਼ੀ-ਰੋਟੀ ਦੇ ਨੁਕਸਾਨ ਲਈ ਮੁਆਵਜ਼ੇ ਵਜੋਂ 10 ਲੱਖ ਰੁਪਏ ਅਤੇ ਮੁਕੱਦਮੇ ਦੇ ਖਰਚਿਆਂ ਵਜੋਂ 50,000 ਰੁਪਏ ਅਦਾ ਕਰਨ ਦਾ ਹੁਕਮ ਦਿੱਤਾ ਗਿਆ।

ਇਸ ਫੈਸਲੇ ਦਾ ਇਹ ਮਤਲਬ ਨਹੀਂ ਹੈ ਕਿ ਜੇਕਰ ਕਰਜ਼ੇ ਦੀਆਂ ਕਿਸ਼ਤਾਂ ਦਾ ਭੁਗਤਾਨ ਨਹੀਂ ਕੀਤਾ ਜਾਂਦਾ ਤਾਂ ਕੋਈ ਵਿੱਤੀ ਸੰਸਥਾ ਵਾਹਨ ਜ਼ਬਤ ਨਹੀਂ ਕਰ ਸਕਦੀ। ਜੇਕਰ ਕਰਜ਼ਾ ਲੈਣ ਵਾਲਾ ਆਪਣੀਆਂ ਜ਼ਿੰਮੇਵਾਰੀਆਂ ਪੂਰੀਆਂ ਕਰਨ ਵਿੱਚ ਅਸਫਲ ਰਹਿੰਦਾ ਹੈ, ਤਾਂ ਕਰਜ਼ਾ ਦੇਣ ਵਾਲੇ ਕੋਲ ਕਾਨੂੰਨ ਅਤੇ ਸਮਝੌਤੇ ਅਨੁਸਾਰ ਕਾਰਵਾਈ ਕਰਨ ਦਾ ਅਧਿਕਾਰ ਹੁੰਦਾ ਹੈ। ਹਾਲਾਂਕਿ, ਅਜਿਹੀ ਕਾਰਵਾਈ ਦੀ ਪ੍ਰਕਿਰਿਆ ਕਾਨੂੰਨੀ, ਪਾਰਦਰਸ਼ੀ ਅਤੇ ਸਨਮਾਨਜਨਕ ਹੋਣੀ ਚਾਹੀਦੀ ਹੈ। ਇਸੇ ਤਰ੍ਹਾਂ, ਕਰਜ਼ਾ ਲੈਣ ਵਾਲਿਆਂ ਦੀ ਵੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਕਰਜ਼ੇ ਦੀਆਂ ਸ਼ਰਤਾਂ ਦੀ ਪਾਲਣਾ ਕਰਨ ਅਤੇ ਜੇਕਰ ਉਨ੍ਹਾਂ ਨੂੰ ਵਿੱਤੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਸਮੇਂ ਸਿਰ ਵਿੱਤੀ ਸੰਸਥਾ ਨਾਲ ਸੰਪਰਕ ਕਰਨ।

ਅੱਜ, ਦੇਸ਼ ਭਰ ਵਿੱਚ ਲੱਖਾਂ ਪਰਿਵਾਰ ਕਰਜ਼ੇ ਰਾਹੀਂ ਟਰੱਕ, ਟੈਕਸੀਆਂ, ਆਟੋ-ਰਿਕਸ਼ਾ, ਕਾਰਾਂ ਅਤੇ ਹੋਰ ਵਪਾਰਕ ਵਾਹਨ ਖਰੀਦਦੇ ਹਨ। ਇਹਨਾਂ ਵਿੱਚੋਂ ਬਹੁਤ ਸਾਰੇ ਲੋਕਾਂ ਲਈ, ਵਾਹਨ ਉਨ੍ਹਾਂ ਦੀ ਰੋਜ਼ੀ-ਰੋਟੀ ਦਾ ਮੁੱਖ ਸਾਧਨ ਹੁੰਦਾ ਹੈ। ਅਜਿਹੀ ਸਥਿਤੀ ਵਿੱਚ, ਕਰਜ਼ੇ ਦੀ ਵਸੂਲੀ ਦੀ ਪ੍ਰਕਿਰਿਆ ਵਿੱਚ ਮਨੁੱਖੀ ਹਮਦਰਦੀ ਅਤੇ ਕਾਨੂੰਨੀ ਜਵਾਬਦੇਹੀ ਦੋਵੇਂ ਹੀ ਜ਼ਰੂਰੀ ਹਨ।

ਸੁਪਰੀਮ ਕੋਰਟ ਦਾ ਇਹ ਫੈਸਲਾ ਇੱਕ ਵਿਆਪਕ ਸੰਦੇਸ਼ ਦਿੰਦਾ ਹੈ: ਭਾਵੇਂ ਕਰਜ਼ੇ ਦੀ ਵਸੂਲੀ ਵਿੱਤੀ ਪ੍ਰਣਾਲੀ ਦਾ ਇੱਕ ਅਹਿਮ ਹਿੱਸਾ ਹੈ, ਪਰ ਇਸ ਪ੍ਰਕਿਰਿਆ ਦੌਰਾਨ ਕਾਨੂੰਨ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਜੇਕਰ ਕਰਜ਼ਾ ਦੇਣ ਵਾਲੇ ਦੇ ਅਧਿਕਾਰ ਮਹੱਤਵਪੂਰਨ ਹਨ, ਤਾਂ ਕਰਜ਼ਾ ਲੈਣ ਵਾਲੇ ਦਾ ਸਨਮਾਨ ਵੀ ਓਨਾ ਹੀ ਅਹਿਮ ਹੈ। ਵਿੱਤੀ ਅਨੁਸ਼ਾਸਨ ਅਤੇ ਕਾਨੂੰਨ ਦਾ ਰਾਜ ਇੱਕ-ਦੂਜੇ ਦੇ ਵਿਰੋਧੀ ਨਹੀਂ ਹ

ਚਕਰੀ ਬਾਜ਼ਾਰ 'ਚ ਵਪਾਰੀਆਂ ਦੇ ਦਿਲ ਦੀ ਗੱਲ ਸੁਣਨ ਪਹੁੰਚੇ ਅਮਨਦੀਪ ਜੈਤੀਪੁਰੀਆ ਦੁਕਾਨ-ਦੁਕਾਨ ਜਾ ਕੇ ਪੁੱਛਿਆ ਹਾਲ

ਬਟਾਲਾ, 22 ਸਤੰਬਰ (ਸੰਜੀਵ ਨਈਅਰ) ਬਟਾਲਾ ਦੇ ਵਪਾਰਕ ਹਲਕਿਆਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਦੇ ਉਦੇਸ਼ ਨਾਲ ਕਾਂਗਰਸ ਦੇ ਸਿਰਕੱਢ ਆਗੂ ਐਡਵੋਕੇਟ ਅਮਨਦੀਪ ਜੈਤੀਪੁਰੀਆ ਨੇ ਸ਼ਹਿਰ ਦੇ ਪ੍ਰਮੁੱਖ ਬਾਜ਼ਾਰਾਂ ਦਾ ਦੌਰਾ ਕੀਤਾ। ਖ਼ਾਸ ਤੌਰ 'ਤੇ ਚਕਰੀ ਬਾਜ਼ਾਰ ਵਿੱਚ ਉਨ੍ਹਾਂ ਨੇ ਦੁਕਾਨਦਾਰਾਂ ਨਾਲ ਇੱਕ-ਇੱਕ ਕਰਕੇ ਮੁਲਾਕਾਤ ਕਰਦਿਆਂ ਨਾ ਸਿਰਫ਼ ਉਨ੍ਹਾਂ ਦਾ ਹਾਲ-ਚਾਲ ਜਾਣਿਆ, ਸਗੋਂ ਵਪਾਰ ਨਾਲ ਜੁੜੀਆਂ ਮੁਸ਼ਕਲਾਂ, ਬਾਜ਼ਾਰ ਦੀਆਂ ਜ਼ਮੀਨੀ ਸਮੱਸਿਆਵਾਂ ਅਤੇ ਰੋਜ਼ਾਨਾ ਕਾਰੋਬਾਰ ਦੌਰਾਨ ਆ ਰਹੀਆਂ ਦਿੱਕਤਾਂ ਬਾਰੇ ਵੀ ਵਿਸਥਾਰ ਨਾਲ ਗੱਲਬਾਤ ਕੀਤੀ। ਇਸ ਦੌਰੇ ਦੌਰਾਨ ਐਡਵੋਕੇਟ ਅਮਨਦੀਪ ਜੈਤੀਪੁਰੀਆ ਨੇ ਬਾਜ਼ਾਰ ਵਿੱਚ ਕਿਸੇ ਰਸਮੀ ਮੀਟਿੰਗ ਤੱਕ ਆਪਣੇ ਸੰਪਰਕ ਨੂੰ ਸੀਮਤ ਨਹੀਂ ਰੱਖਿਆ, ਬਲਕਿ ਖੁਦ ਦੁਕਾਨਾਂ 'ਤੇ ਪਹੁੰਚ ਕੇ ਵਪਾਰੀਆਂ ਨਾਲ ਰੂਬਰੂ ਗੱਲਬਾਤ ਕੀਤੀ। ਵਪਾਰੀਆਂ ਨੇ ਵੀ ਆਪਣੇ ਕਾਰੋਬਾਰ ਨਾਲ ਸਬੰਧਤ ਵੱਖ-ਵੱਖ ਮੁੱਦੇ ਉਨ੍ਹਾਂ ਦੇ ਸਾਹਮਣੇ ਰੱਖੇ। ਜੈਤੀਪੁਰੀਆ ਨੇ ਵਪਾਰੀਆਂ ਦੀਆਂ ਗੱਲਾਂ ਨੂੰ ਧਿਆਨ ਨਾਲ ਸੁਣਦਿਆਂ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਆਵਾਜ਼ ਨੂੰ ਬਣਦੀ ਥਾਂ ਤੱਕ ਪਹੁੰਚਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਇਸ ਮੌਕੇ ਐਡਵੋਕੇਟ ਅਮਨਦੀਪ ਜੈਤੀਪੁਰੀਆ ਨੇ ਕਿਹਾ ਕਿ ਵਪਾਰੀ ਵਰਗ ਬਟਾਲਾ ਦੀ ਆਰਥਿਕਤਾ ਦੀ ਮਹੱਤਵਪੂਰਨ ਕੜੀ ਹੈ ਅਤੇ ਵਪਾਰੀਆਂ ਦੀ ਖੁਸ਼ਹਾਲੀ ਨਾਲ ਹੀ ਸ਼ਹਿਰ ਦੀ ਆਰਥਿਕ ਤਰੱਕੀ ਜੁੜੀ ਹੋਈ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵਿਚਕਾਰ ਰਹਿ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਆਵਾਜ਼ ਉਠਾਉਣਾ ਉਨ੍ਹਾਂ ਦੀ ਪ੍ਰਮੁੱਖ ਤਰਜੀਹ ਹੈ। ਉਨ੍ਹਾਂ ਕਿਹਾ, ਮੇਰੇ ਲਈ ਲੋਕਾਂ ਨਾਲ ਰਾਬਤਾ ਸਿਰਫ਼ ਕਿਸੇ ਖ਼ਾਸ ਮੌਕੇ ਤੱਕ ਸੀਮਤ ਨਹੀਂ। ਮੈਂ ਹਰ ਸਮੇਂ ਆਪਣੇ ਲੋਕਾਂ ਦੇ ਵਿਚਕਾਰ ਰਹਿਣ ਅਤੇ ਉਨ੍ਹਾਂ ਦੇ ਦੁੱਖ-ਸੁੱਖ ਵਿੱਚ ਸਾਂਝੀਦਾਰ ਬਣਨ ਨੂੰ ਤਰਜੀਹ ਦਿੰਦਾ ਹਾਂ। ਵਪਾਰੀ ਭਰਾਵਾਂ ਨੇ ਜਿਹੜੀਆਂ ਵੀ ਸਮੱਸਿਆਵਾਂ ਮੇਰੇ ਧਿਆਨ ਵਿੱਚ ਲਿਆਂਦੀਆਂ ਹਨ, ਉਨ੍ਹਾਂ ਨੂੰ ਗੰਭੀਰਤਾ ਨਾਲ ਲਿਆ ਗਿਆ ਹੈ।' ਜੈਤੀਪੁਰੀਆ ਨੇ ਕਿਹਾ ਕਿ ਬਟਾਲਾ ਦੇ ਬਾਜ਼ਾਰਾਂ ਦੀ ਰੌਣਕ ਅਤੇ ਵਪਾਰੀਆਂ ਦੀ ਤਰੱਕੀ ਸ਼ਹਿਰ ਦੀ ਪਛਾਣ ਨਾਲ ਜੁੜੀ ਹੋਈ ਹੈ। ਇਸ ਲਈ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਦੇ ਹੱਲ ਲਈ ਸਾਰਿਆਂ ਨੂੰ ਮਿਲ ਕੇ ਯਤਨ ਕਰਨ ਦੀ ਲੋੜ ਹੈ। ਉਨ੍ਹਾਂ ਵਪਾਰੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਉਨ੍ਹਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੇ ਹਨ ਅਤੇ ਉਨ੍ਹਾਂ ਦੇ ਹੱਕਾਂ ਤੇ ਜਾਇਜ਼ ਮਸਲਿਆਂ ਲਈ ਹਰ ਸੰਭਵ ਪੱਧਰ 'ਤੇ ਆਵਾਜ਼ ਬੁਲੰਦ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਲੋਕਾਂ ਨਾਲ ਸਿੱਧਾ ਸੰਪਰਕ ਹੋਰ ਮਜ਼ਬੂਤ ਕੀਤਾ ਜਾਵੇਗਾ ਅਤੇ ਬਟਾਲਾ ਦੇ ਹਰੇਕ ਵਰਗ ਨਾਲ ਲਗਾਤਾਰ ਸੰਵਾਦ ਕਾਇਮ ਰੱਖਿਆ ਜਾਵੇਗਾ। ਉਨ੍ਹਾਂ ਦੇ ਇਸ ਬਾਜ਼ਾਰ ਦੌਰੇ ਦੌਰਾਨ ਵਪਾਰੀਆਂ ਨਾਲ ਹੋਈ ਗੱਲਬਾਤ ਨੇ ਆਪਸੀ ਸੰਪਰਕ ਅਤੇ ਸੰਵਾਦ ਨੂੰ ਹੋਰ ਮਜ਼ਬੂਤ ਕਰਨ ਦਾ ਮੌਕਾ ਪ੍ਰਦਾਨ ਕੀਤਾ। ਇਸ ਮੌਕੇ ਵਪਾਰੀਆਂ ਵੱਲੋਂ ਵੀ ਐਡਵੋਕੇਟ ਅਮਨਦੀਪ ਜੈਤੀਪੁਰੀਆ ਵੱਲੋਂ ਦੁਕਾਨ-ਦੁਕਾਨ ਪਹੁੰਚ ਕੇ ਉਨ੍ਹਾਂ ਨਾਲ ਗੱਲਬਾਤ ਕਰਨ ਅਤੇ ਸਮੱਸਿਆਵਾਂ ਸੁਣਨ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਗਈ। ਬਾਜ਼ਾਰ ਦੌਰੇ ਦੌਰਾਨ ਵੱਖ-ਵੱਖ ਦੁਕਾਨਦਾਰਾਂ ਨਾਲ ਲੰਬੇ ਸਮੇਂ ਤੱਕ ਵਿਚਾਰ-ਵਟਾਂਦਰਾ ਚੱਲਦਾ ਰਿਹਾ ।

ਡੀਡੀ ਰੋਕਸ ਪੰਜਾਬੀ ਵੱਲੋਂ ਸਰਕਾਰੀ ਕਾਲਜ ਗੁਰਦਾਸਪੁਰ ਦੇ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਮਿਲਿਆ ਵੱਡਾ ਮੰਚ

ਗੁਰਦਾਸਪੁਰ, 22 ਸਤੰਬਰ (ਗੁਲਸ਼ਨ ਕੁਮਾਰ ਰਣੀਆਂ) ਮਾਝੇ ਦੀ ਪ੍ਰਸਿੱਧ ਅਤੇ ਇਤਿਹਾਸਕ ਵਿੱਦਿਅਕ ਸੰਸਥਾ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਰਕਾਰੀ ਕਾਲਜ ਗੁਰਦਾਸਪੁਰ ਦੇ ਵਿਦਿਆਰਥੀਆਂ ਦੀ ਕਲਾ, ਪ੍ਰਤਿਭਾ ਅਤੇ ਰਚਨਾਤਮਕਤਾ ਨੂੰ ਵਿਸ਼ਾਲ ਦਰਸ਼ਕ ਵਰਗ ਤੱਕ ਪਹੁੰਚਾਉਣ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਦਿਆਂ ਡੀਡੀ ਰੋਕਸ ਪੰਜਾਬੀ, ਦੂਰਦਰਸ਼ਨ ਕੇਂਦਰ ਜਲੰਧਰ ਵੱਲੋਂ ਕਾਲਜ ਕੈਂਪਸ ਵਿੱਚ ਵਿਸ਼ੇਸ਼ ਐਪੀਸੋਡ ਦੀ ਸ਼ੂਟਿੰਗ ਕੀਤੀ ਗਈ।ਇਸ ਵਿਸ਼ੇਸ਼ ਪ੍ਰੋਗਰਾਮ ਦੌਰਾਨ ਕਾਲਜ ਦੇ ਵਿਦਿਆਰਥੀਆਂ ਨੇ ਆਪਣੀ ਬਹੁਪੱਖੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਗਿੱਧਾ, ਭੰਗੜਾ, ਗੀਤ-ਸੰਗੀਤ, ਕੋਰੀਓਗ੍ਰਾਫੀ, ਨਾਟਕ, ਮਾਈਮ ਸਕਿਟ, ਥੀਏਟਰ ਅਤੇ ਹੋਰ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਆਪਣੀ ਕਲਾ ਦਾ ਪ੍ਰਗਟਾਵਾ ਕੀਤਾ। ਵਿਦਿਆਰਥੀਆਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਜਿੱਥੇ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਦੀ ਝਲਕ ਪੇਸ਼ ਕੀਤੀ, ਉੱਥੇ ਆਪਣੇ ਕਾਲਜ ਪ੍ਰਤੀ ਭਾਵਨਾਵਾਂ, ਆਪਣੀਆਂ ਰੁਚੀਆਂ, ਸੁਪਨਿਆਂ ਅਤੇ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਵੀ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਗਟ ਕੀਤਾ।ਇਸ ਦੌਰਾਨ ਵਿਦਿਆਰਥੀਆਂ ਵਿੱਚ ਵਿਸ਼ੇਸ਼ ਉਤਸ਼ਾਹ ਦੇਖਣ ਨੂੰ ਮਿਲਿਆ। ਉਨ੍ਹਾਂ ਨੇ ਜਿੱਥੇ ਇਸ ਪੂਰੇ ਤਜਰਬੇ ਦਾ ਭਰਪੂਰ ਆਨੰਦ ਮਾਣਿਆ, ਉੱਥੇ ਉਨ੍ਹਾਂ ਨੂੰ ਇਹ ਮਹੱਤਵਪੂਰਨ ਮੌਕਾ ਵੀ ਮਿਲਿਆ ਕਿ ਉਹ ਆਪਣੀ ਕਲਾ ਅਤੇ ਪ੍ਰਤਿਭਾ ਨੂੰ ਇੱਕ ਵੱਡੇ ਮੰਚ ਰਾਹੀਂ ਸਮਾਜ ਅਤੇ ਵਿਸ਼ਾਲ ਦਰਸ਼ਕ ਵਰਗ ਦੇ ਸਾਹਮਣੇ ਪੇਸ਼ ਕਰ ਸਕਣ।ਕਾਲਜ ਦੇ ਪ੍ਰਿੰਸੀਪਲ ਡਾ. ਅਸ਼ਵਨੀ ਕੁਮਾਰ ਭੱਲਾ ਨੇ ਇਸ ਮੌਕੇ ਕਿਹਾ ਕਿ ਸਰਕਾਰੀ ਕਾਲਜ ਗੁਰਦਾਸਪੁਰ ਦਾ ਇਤਿਹਾਸ ਕੇਵਲ ਵਿੱਦਿਅਕ ਪ੍ਰਾਪਤੀਆਂ ਤੱਕ ਸੀਮਿਤ ਨਹੀਂ ਹੈ, ਸਗੋਂ ਇਸ ਸੰਸਥਾ ਨੇ ਦਹਾਕਿਆਂ ਤੋਂ ਸਿੱਖਿਆ, ਸੱਭਿਆਚਾਰ, ਕਲਾ, ਸਾਹਿਤ, ਖੇਡਾਂ, ਪ੍ਰਸ਼ਾਸਨ, ਫੌਜ ਅਤੇ ਸਮਾਜਿਕ ਖੇਤਰਾਂ ਵਿੱਚ ਉੱਚ ਪੱਧਰੀ ਪ੍ਰਤਿਭਾਵਾਂ ਪੈਦਾ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਅਜਿਹੇ ਮੰਚ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਸਿਰਜਣਾਤਮਕਤਾ ਅਤੇ ਆਪਣੀ ਸੰਸਥਾ ਪ੍ਰਤੀ ਮਾਣ ਦੀ ਭਾਵਨਾ ਨੂੰ ਵੀ ਮਜ਼ਬੂਤ ਕਰਦੇ ਹਨ।ਉਨ੍ਹਾਂ ਕਿਹਾ ਕਿ ਸਰਕਾਰੀ ਕਾਲਜ ਗੁਰਦਾਸਪੁਰ ਦੇ ਅਨੇਕਾਂ ਵਿਦਿਆਰਥੀਆਂ ਨੇ ਸਮੇਂ-ਸਮੇਂ 'ਤੇ ਵੱਖ-ਵੱਖ ਰਾਜਾਂ ਦੇ ਰਾਜਪਾਲ, ਮੁੱਖ ਸਕੱਤਰ, ਉੱਚ ਪ੍ਰਸ਼ਾਸਨਿਕ ਅਧਿਕਾਰੀ, ਫੌਜ ਵਿੱਚ ਬ੍ਰਿਗੇਡੀਅਰ ਅਤੇ ਜਨਰਲ ਅਤੇ ਹੋਰ ਮਹੱਤਵਪੂਰਨ ਅਹੁਦਿਆਂ 'ਤੇ ਸੇਵਾਵਾਂ ਨਿਭਾ ਕੇ ਕਾਲਜ ਅਤੇ ਗੁਰਦਾਸਪੁਰ ਦਾ ਨਾਮ ਰੌਸ਼ਨ ਕੀਤਾ ਹੈ। ਇਸੇ ਤਰ੍ਹਾਂ ਕਾਲਜ ਨੇ ਅਨੇਕਾਂ ਕਲਾਕਾਰਾਂ, ਸਾਹਿਤਕਾਰਾਂ ਅਤੇ ਸੱਭਿਆਚਾਰਕ ਖੇਤਰ ਦੀਆਂ ਪ੍ਰਤਿਭਾਵਾਂ ਨੂੰ ਵੀ ਜਨਮ ਦਿੱਤਾ ਹੈ, ਜਿਨ੍ਹਾਂ ਨੇ ਵੱਖ-ਵੱਖ ਖੇਤਰਾਂ ਵਿੱਚ ਆਪਣੀ ਵਿਲੱਖਣ ਪਛਾਣ ਬਣਾਈ ਹੈ।

ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਨੇ ਸਚਿਨ ਪਾਇਲਟ ਨਾਲ ਕੀਤੀ ਮੁਲਾਕਾਤ

ਬਲਾਚੌਰ 22 ਸੰਤਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਤੋਂ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਵੱਲੋਂ ਪੰਜਾਬ ਕਾਂਗਰਸ ਦੇ ਨਵ-ਨਿਯੁਕਤ ਇੰਚਾਰਜ ਸਚਿਨ ਪਾਇਲਟ ਨਾਲ ਮੁਲਾਕਾਤ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨੇ ਪੰਜਾਬ ਵਿੱਚ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਅਤੇ ਪਾਰਟੀ ਦੀ ਰਣਨੀਤੀ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਅਜੇ ਮੰਗੂਪੁਰ ਨੇ ਦੱਸਿਆ ਕਿ ਮੁਲਾਕਾਤ ਦੌਰਾਨ ਸੂਬੇ ਦੇ ਵੱਖ-ਵੱਖ ਮੁੱਦਿਆਂ ਦੇ ਨਾਲ-ਨਾਲ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਅਤੇ ਹਲਕਾ ਬਲਾਚੌਰ ਨਾਲ ਸਬੰਧਤ ਮਸਲਿਆਂ ਬਾਰੇ ਵੀ ਵਿਸਥਾਰ ਨਾਲ ਚਰਚਾ ਹੋਈ। ਪਾਰਟੀ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਹੋਰ ਸਰਗਰਮ ਅਤੇ ਮਜ਼ਬੂਤ ਕਰਨ ਸਬੰਧੀ ਵਿਚਾਰ ਸਾਂਝੇ ਕੀਤੇ ਗਏ। ਅਜੇ ਮੰਗੂਪੁਰ ਨੇ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਪਾਰਟੀ ਵਰਕਰਾਂ ਨਾਲ ਤਾਲਮੇਲ ਵਧਾਉਣ ਅਤੇ ਲੋਕਾਂ ਨਾਲ ਸਿੱਧਾ ਸੰਪਰਕ ਕਾਇਮ ਕਰਕੇ ਉਨ੍ਹਾਂ ਦੇ ਮੁੱਦਿਆਂ ਨੂੰ ਪ੍ਰਮੁੱਖਤਾ ਨਾਲ ਉਠਾਉਣ ਬਾਰੇ ਵੀ ਗੱਲਬਾਤ ਕੀਤੀ ਗਈ।

ਪਿੰਡ ਧੰਦੋਈ ਵਿਖੇ ਆਯੁਸ਼ ਕੈਂਪ ਲੱਗਾ-574 ਰੋਗੀਆਂ ਵਿੱਚੋਂ 312 ਨੇ ਆਯੁਰਵੈਦਿਕ ਅਤੇ 262 ਨੇ ਹੋਮਿਓਪੈਥਿਕ ਇਲਾਜ ਪ੍ਰਣਾਲੀ

ਗੁਰਦਾਸਪੁਰ, 22 ਸਤੰਬਰ (ਗੁਲਸ਼ਨ ਕੁਮਾਰ ਰਣੀਆਂ) ਡਾਇਰੈਕਟਰ ਆਯੁਰਵੇਦ, ਪੰਜਾਬ ਡਾਕਟਰ ਰਮਨ ਖੰਨਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫ਼ਸਰ(ਵਧੀਕ ਚਾਰਜ), ਡਾਕਟਰ ਸੀਮਾ ਗਰੇਵਾਲ ਜੀ ਦੀ ਯੋਗ ਅਗਵਾਈ ਹੇਠ, ਮੁਖੀ ਹੋਮਿਓ ਪੈਥਿਕ ਵਿਭਾਗ ਦੇ ਸਹਿਯੋਗ ਨਾਲ਼ ਗੁਰਦਾਸਪੁਰ ਜ਼ਿਲ੍ਹੇ ਵਿੱਚ 30 ਸਤੰਬਰ ਤੱਕ 10 ਆਯੁਸ਼ ਕੈਂਪ ਲਗਾਏ ਜਾ ਰਹੇ ਹਨ।ਇਸੇ ਸਿਲਸਿਲੇ ਤਹਿਤ ਆਯੁਸ਼ ਕੈਂਪ ਪਿੰਡ ਧੰਦੋਈ ਵਿਖੇ ਲਗਾਇਆ ਗਿਆ। ਡਾਕਟਰ ਸੀਮਾ ਗਰੇਵਾਲ, ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫ਼ਸਰ ਵੱਲੋਂ ਰਿਬਨ ਕੱਟ ਕੇ ਕੈਂਪ ਦੀ ਸ਼ੁਰੂਆਤ ਕੀਤੀ ਗਈ। ਜਯੋਤੀ ਪ੍ਰਜਵਲਨ ਤੋਂ ਉਪਰੰਤ ਧਨਵੰਤਰੀ ਪੂਜਾ ਕੀਤੀ ਗਈ।ਆਯੁਰਵੈਦਿਕ ਮੈਡੀਕਲ ਅਫਸਰਾਂ ਡਾਕਟਰ ਪਰਨੀਤ ਕੌਰ,ਡਾਕਟਰ ਮੰਜੂ ਅਤੇ ਹੋਮੀਓਪੈਥਿਕ ਮੈਡੀਕਲ ਅਫ਼ਸਰ ਡਾਕਟਰ ਹਰਜਿੰਦਰ ਕੌਰ ਅਤੇ ਡਾਕਟਰ ਨੇ ਰੋਗੀਆਂ ਦਾ ਮੁਆਇਨਾ ਕੀਤਾ।ਉਪਵੈਦ ਸ਼੍ਰੀਮਤੀ ਸੁਰਈਆ ਅਤੇ ਅਮਨਦੀਪ ਸ਼ਰਮਾ ਨੇ ਆਯੁਰਵੈਦਿਕ ਦਵਾਈਆਂ ਵੰਡੀਆਂ ਅਤੇ ਹੋਮੀਓਪੈਥਿਕ ਫਾਰਮਾਸਿਸਟ ਸ਼੍ਰੀਮਤੀ ਸੀਮਾ ਅਤੇ ਸ਼੍ਰੀਮਤੀ ਸੁਨੀਤਾ ਜੋਸ਼ੀ ਨੇ ਹੋਮੀਓਪੈਥਿਕ ਦਵਾਈਆਂ ਵੰਡੀਆਂ। ਸ਼੍ਰੀ ਬਿਕਰਮਜੀਤ ਸਿੰਘ ਅਤੇ ਸ਼੍ਰੀਮਤੀ ਮਨਦੀਪ ਕੌਰ ਦੁਆਰਾ ਆਏ ਹੋਏ ਰੋਗੀਆਂ ਅਤੇ ਬੱਚਿਆਂ ਨੂੰ ਯੋਗ ਦੀ ਤਕਨੀਕ ਸਿਖਾਈ ਗਈ। ਇੰਚਾਰਜ ਟੀਮ ਡਾਕਟਰ ਮਨਦੀਪ ਕੌਰ , ਉਪਵੈਦ ਸੰਦੀਪ ਕੁਮਾਰ ਸਮੁੱਚੇ ਪ੍ਰਬੰਧਾਂ ਦਾ ਇੰਤਜ਼ਾਮ ਕੀਤਾ। ਆਏ ਹੋਏ ਰੋਗੀਆਂ ਦੀ ਪਾਣੀ ਅਤੇ ਚਾਹ ਨਾਲ ਸੇਵਾ ਕੀਤੀ ਗਈ ਅਤੇ ਮੈਡੀਕਲ ਟੀਮ ਅਤੇ ਦੌਰੇ ਤੇ ਆਈ ਟੀਮ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਕੀਤਾ ਗਿਆ।ਕੈਂਪ ਵਿੱਚ ਕੁੱਲ ਆਏ 574 ਰੋਗੀਆਂ ਵਿੱਚੋਂ 312 ਨੇ ਆਯੁਰਵੈਦਿਕ ਅਤੇ 262 ਨੇ ਹੋਮਿਓਪੈਥਿਕ ਇਲਾਜ ਪ੍ਰਣਾਲੀ ਦਾ ਲਾਭ ਲਿਆ।

ਅੰਮ੍ਰਿਤਸਰ ਵਿੱਚ 23 ਸਤੰਬਰ ਨੂੰ ਹੋਵੇਗੀ ਐਨ.ਆਰ.ਆਈ. ਮਿਲਣੀ; ਚਾਰ ਜ਼ਿਲ੍ਹਿਆਂ ਦੇ ਪਰਵਾਸੀ ਪੰਜਾਬੀ ਲੈਣਗੇ ਭਾਗ: ਡਾ. ਰਵਜੋਤ ਸਿੰਘ

ਅੰਮ੍ਰਿਤਸਰ, 22 ਸਤੰਬਰ (ਰਾਜੇਸ਼ ਡੈਨੀ) ਪਰਵਾਸੀ ਪੰਜਾਬੀਆਂ ਨੂੰ ਦਰਪੇਸ਼ ਮਸਲਿਆਂ ਅਤੇ ਸ਼ਿਕਾਇਤਾਂ ਦਾ ਤੁਰੰਤ ਤੇ ਪ੍ਰਭਾਵਸ਼ਾਲੀ ਨਿਪਟਾਰਾ ਯਕੀਨੀ ਬਣਾਉਣ ਲਈ ਆਪਣੀਆਂ ਕੋਸ਼ਿਸ਼ਾਂ ਜਾਰੀ ਰੱਖਦਿਆਂ, ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ 23 ਸਤੰਬਰ, 2026 ਨੂੰ ਅੰਮ੍ਰਿਤਸਰ ਵਿਖੇ 'ਐਨ.ਆਰ.ਆਈ. ਮਿਲਣੀ' ਕਰਵਾਈ ਜਾਵੇਗੀ। ਇਸ ਸਬੰਧੀ ਵਿਸਥਾਰਤ ਜਾਣਕਾਰੀ ਦਿੰਦਿਆਂ ਪੰਜਾਬ ਦੇ ਐਨ. ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਇਹ ਐਨ. ਆਰ.ਆਈ. ਮਿਲਣੀ ਪਰਵਾਸੀ ਪੰਜਾਬੀਆਂ ਨੂੰ ਸੂਬਾ ਸਰਕਾਰ ਦੇ ਉੱਚ ਸਿਵਲ ਅਤੇ ਪੁਲਿਸ ਅਧਿਕਾਰੀਆਂ ਸਾਹਮਣੇ ਆਪਣੀਆਂ ਸ਼ਿਕਾਇਤਾਂ, ਮਸਲੇ ਅਤੇ ਸੁਝਾਅ ਸਿੱਧੇ ਤੌਰ 'ਤੇ ਰੱਖਣ ਦਾ ਮੌਕਾ ਪ੍ਰਦਾਨ ਕਰੇਗੀ। ਉਨ੍ਹਾਂ ਦੱਸਿਆ ਕਿ ਇਸ ਪਹਿਲ ਦਾ ਮਕਸਦ ਪਰਵਾਸੀ ਭਾਰਤੀਆਂ ਦੀਆਂ ਸਮੱਸਿਆਵਾਂ ਨੂੰ ਸਿੱਧੇ ਤੌਰ 'ਤੇ ਸੁਣਿਆ ਜਾਣਾ ਅਤੇ ਸਬੰਧਤ ਵਿਭਾਗਾਂ ਦੇ ਆਪਸੀ ਤਾਲਮੇਲ ਰਾਹੀਂ ਉਨ੍ਹਾਂ ਦੇ ਸਮੇਂ ਸਿਰ ਨਿਪਟਾਰੇ ਲਈ ਹਰ ਸੰਭਵ ਯਤਨ ਯਕੀਨੀ ਬਣਾਉਣਾ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹ ਐਨ.ਆਰ. ਆਈ. ਮਿਲਣੀ ਬੁੱਧਵਾਰ, 23 ਸਤੰਬਰ ਨੂੰ ਸਵੇਰੇ 11:00 ਵਜੇ ਹੋਟਲ ਲੀ ਮੈਰੀਡੀਅਨ, ਨੇੜੇ ਰਾਜਾਸਾਂਸੀ ਹਵਾਈ ਅੱਡਾ, ਅੰਮ੍ਰਿਤਸਰ ਵਿਖੇ ਕਰਵਾਈ ਜਾਵੇਗੀ। ਇਸ ਸਮਾਗਮ ਵਿੱਚ ਅੰਮ੍ਰਿਤਸਰ, ਪਠਾਨਕੋਟ, ਗੁਰਦਾਸਪੁਰ ਅਤੇ ਤਰਨਤਾਰਨ ਜ਼ਿਲ੍ਹਿਆਂ ਨਾਲ ਸਬੰਧਤ ਪਰਵਾਸੀ ਪੰਜਾਬੀ ਹਿੱਸਾ ਲੈ ਸਕਣਗੇ ਅਤੇ ਸਬੰਧਤ ਅਧਿਕਾਰੀਆਂ ਸਾਹਮਣੇ ਆਪਣੇ ਮੁੱਦੇ ਪੇਸ਼ ਕਰ ਸਕਣਗੇ। ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਰਵਾਸੀ ਪੰਜਾਬੀਆਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਤੇਜ਼ੀ ਲਿਆਉਣ ਲਈ ਸੂਬੇ ਭਰ ਵਿੱਚ ਲਗਾਤਾਰ ਐਨ.ਆਰ.ਆਈ. ਮਿਲਣੀਆਂ ਕਰਵਾ

ਨਸ਼ਾ ਮੁਕਤ ਯੁਵਾ ਅਭਿਆਨ : ਜੀਐਨਡੀਯੂ ਕਾਲਜ ਪਠਾਨਕੋਟ ਵਿੱਚ ਨੌਜਵਾਨਾਂ ਨੇ ਲਿਆ ਨਸ਼ਾ ਮੁਕਤ ਭਾਰਤ ਦਾ ਸੰਕਲਪ

ਪਠਾਨਕੋਟ 22, ਸਤੰਬਰ (ਤਰੁਣ ਸਣਹੋਤਰਾ) ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਪਠਾਨਕੋਟ ਵਿੱਚ ਪ੍ਰਿੰਸੀਪਲ ਡਾ. ਕੁਲਵੰਤ ਸਿੰਘ ਰੰਧਾਵਾ ਦੀ ਯੋਗ ਅਗਵਾਈ ਅਤੇ ਦਿਸ਼ਾ-ਨਿਰਦੇਸ਼ ਹੇਠ ਨਸ਼ਾ ਮੁਕਤ ਯੁਵਾ ਮੁਹਿੰਮ ਦਾ ਪ੍ਰਭਾਵਸ਼ਾਲੀ ਆਯੋਜਨ ਕੀਤਾ ਗਿਆ। ਭਾਰਤ ਦੇ ਪ੍ਰਮੁੱਖ 100 ਸਿੱਖਿਆ ਸੰਸਥਾਨਾਂ ਵਿੱਚ ਸ਼ਾਮਲ ਇਸ ਕਾਲਜ ਵਿੱਚ ਕਰਵਾਏ ਗਏ ਪ੍ਰੋਗਰਾਮ ਵਿੱਚ ਅਮਨਦੀਪ ਗਰੁੱਪ ਆਫ਼ ਹਸਪਤਾਲਜ਼ ਦੇ ਐਮ. ਡੀ. ਐਨੇਸਥੀਸੀਆ ਡਾ. ਰਘੁਰਾਜ ਸ਼ਰਮਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਪ੍ਰੋਗਰਾਮ ਦੀ ਸ਼ੁਰੂਆਤ ਜੋਤੀ ਪ੍ਰਜਵਲਿਤ ਕਰਕੇ ਅਤੇ ਸਾਂਝੇ ਤੌਰ 'ਤੇ ਵੰਦੇ ਮਾਤਰਮ ਦੇ ਗਾਇਨ ਨਾਲ ਹੋਈ। ਮੁੱਖ ਮਹਿਮਾਨ ਨੇ ਨੌਜਵਾਨਾਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ, ਸਮਾਜਿਕ ਅਤੇ ਆਰਥਿਕ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਦਿਆਂ ਸਿਹਤਮੰਦ ਅਤੇ ਉਜਵਲ ਭਵਿੱਖ ਲਈ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਵਿਦਿਆਰਥਣਾਂ ਵੰਦਨਾ ਅਤੇ ਰਿਤਾਸ਼ੀ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਨੌਜਵਾਨ ਸ਼ਕਤੀ ਦੇਸ਼ ਦੀ ਸਭ ਤੋਂ ਵੱਡੀ ਪੂੰਜੀ ਹੈ ਅਤੇ ਨਸ਼ਾ ਮੁਕਤ ਨੌਜਵਾਨ ਹੀ ਮਜ਼ਬੂਤ ਭਾਰਤ ਦਾ ਨਿਰਮਾਣ ਕਰ ਸਕਦੇ ਹਨ। ਵਿਦਿਆਰਥੀਆਂ ਨੇ ਮੁੱਖ ਮਹਿਮਾਨ ਨਾਲ ਸੰਵਾਦ ਕਰਦਿਆਂ ਵੱਖ-ਵੱਖ ਸਵਾਲ ਪੁੱਛੇ ਅਤੇ ਵਿਚਾਰ-ਵਟਾਂਦਰੇ ਵਿੱਚ ਸਰਗਰਮ ਭਾਗ ਲਿਆ। ਸਮਾਪਤੀ ਮੌਕੇ ਪ੍ਰਿੰਸੀਪਲ ਡਾ. ਕੁਲਵੰਤ ਸਿੰਘ ਰੰਧਾਵਾ ਨੇ ਮੁੱਖ ਮਹਿਮਾਨ ਅਤੇ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ। ਬੀ. ਸੀ. ਏ. ਆਖਰੀ ਸਾਲ ਦੀ ਵਿਦਿਆਰਥਣ ਮਾਨਿਆ ਦੀ ਅਗਵਾਈ ਹੇਠ ਵਿਦਿਆਰਥੀਆਂ, ਅਧਿਆਪਕਾਂ ਅਤੇ ਮਹਿਮਾਨਾਂ ਨੇ ਨਸ਼ਿਆਂ ਦਾ ਪੂਰਨ ਬਾਈਕਾਟ ਕਰਨ ਦੀ ਸਹੁੰ ਚੁੱਕੀ। ਇਸ ਤੋਂ ਬਾਅਦ ਮੁੱਖ ਮਹਿਮਾਨ, ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਸਿਗਨੇਚਰ ਵਾਲ 'ਤੇ ਦਸਤਖ਼ਤ ਕਰਕੇ ਨਸ਼ਾ ਮੁਕਤੀ ਮੁਹਿੰਮ ਪ੍ਰਤੀ ਆਪਣੀ ਵਚਨਬੱਧਤਾ ਦਰਜ ਕਰਵਾਈ। ਇਸ ਦੌਰਾਨ ਵਿਦਿਆਰਥੀਆਂ ਨੇ ਸੈਲਫੀ ਬੂਥ 'ਤੇ ਵੀ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਐਨ.ਐਸ.ਐਸ. ਪ੍ਰੋਗਰੀ ਡਾ. ਮੋਹਿਤ ਅੰਗੁਰਾਲਾ, ਡਾ. ਆਰਤੀ ਮਹਾਜਨ, ਡਾ. ਸੁਮਨ, ਸ਼੍ਰੀਮਤੀ ਪੂਜਾ ਗੁਪਤਾ, ਸ਼੍ਰੀਮਤੀ ਗੀਤਾਂਜਲੀ ਸ਼ਰਮਾ, ਡਾ. ਕੁਲਵਿੰਦਰ ਕੌਰ, ਮਿਸ ਬਬੀਤਾ ਅਤੇ ਡਾ. ਮਨਦੀਪ ਸਮੇਤ ਸਮੂਹ ਅਧਿਆਪਕ ਹਾਜ਼ਰ ਸਨ।

ਚੇਅਰਮੈਨ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਪਵਨ ਕੁਮਾਰ ਟੀਨੂੰ ਵਲੋਂ ਆਦਮਪੁਰ 'ਚ ਡੋਰ-ਟੂ-ਡੋਰ ਮੁਹਿੰਮ ਦੀ ਸ਼ੁਰੂਆਤ

ਆਦਮਪੁਰ (ਜਲੰਧਰ) 22 ਸਤੰਬਰ (ਪਰਮਜੀਤ ਸਿੰਘ) ਪੰਜਾਬ ਸਰਕਾਰ ਵਲੋਂ ਆਪਣੇ ਕਾਰਜਕਾਲ ਦੌਰਾਨ ਸੂਬੇ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਕੀਤੀਆਂ ਗਈਆਂ ਪਹਿਲਕਦਮੀਆਂ ਬਾਰੇ ਜਾਣੂ ਕਰਵਾਉਣ ਲਈ ਚੇਅਰਮੈਨ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਪਵਨ ਕੁਮਾਰ ਟੀਨੂੰ ਵਲੋਂ ਅੱਜ 'ਮਾਨ ਦੇ ਮੁਨਾਫੇ' ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਆਦਮਪੁਰ ਵਿਖੇ ਡੋਰ-ਟੂ-ਡੋਰ ਅਭਿਆਨ ਦੀ ਸ਼ੁਰੂਆਤ ਕੀਤੀ ਗਈ।ਜਨ ਸੰਪਰਕ ਮੁਹਿੰਮ ਦੌਰਾਨ ਚੇਅਰਮੈਨ ਪਵਨ ਕੁਮਾਰ ਟੀਨੂੰ ਨੇ ਆਦਮਪੁਰ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਘਰ-ਘਰ ਜਾ ਕੇ ਲੋਕਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਦਿਨ-ਰਾਤ ਕੰਮ ਰਹੀ ਹੈ। ਉਨ੍ਹਾਂ ਦੱਸਿਆ ਕਿ ਰਾਜ ਸਰਕਾਰ ਜਿਥੇ ਸੂਬੇ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਕੇ ਲੋਕਾਂ ਨੂੰ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣ ਵੱਲ ਵਿਸ਼ੇਸ਼ ਧਿਆਨ ਦੇ ਰਹੀ ਹੈ ਉਥੇ ਸਰਕਾਰ ਨੇ ਕਈ ਲੋਕ-ਪੱਖੀ ਉਪਰਾਲਿਆਂ ਦੀ ਸ਼ੁਰੂਆਤ ਕਰਕੇ ਸੂਬਾ ਵਾਸੀਆਂ ਨੂੰ ਵੱਡੀ ਰਾਹਤ ਪਹੁੰਚਾਈ ਹੈ। ਸ਼੍ਰੀ ਟੀਨੂੰ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਘਰੇਲੂ ਖਪਤਕਾਰਾਂ ਨੂੰ ਹਰ ਮਹੀਨੇ 300 ਯੂਨਿਟ ਮੁਫ਼ਤ ਬਿਜਲੀ, ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ, ਮਾਵਾਂ-ਧੀਆਂ ਸਤਿਕਾਰ ਯੋਜਨਾ, ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦੇ ਕੈਸ਼ਲੈਸ ਇਲਾਜ ਦੀ ਸਹੂਲਤ ਵਰਗੀਆਂ ਕਈ ਅਹਿਮ ਸਕੀਮਾਂ ਲੋਕਾਂ ਲਈ ਵਰਦਾਨ ਸਾਬਿਤ ਹੋ ਰਹੀਆਂ ਹਨ। ਸਿੱਖਿਆ ਤੇ ਖੇਡਾਂ ਦੇ ਖੇਤਰ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਕੇ ਰੱਖ ਦਿੱਤੀ ਹੈ। ਨੌਜਵਾਨਾਂ ਦੀ ਅਥਾਹ ਊਰਜਾ ਨੂੰ ਸਕਾਰਾਤਮਕ ਦਿਸ਼ਾ ਵੱਲ ਲਗਾਉਣ ਅਤੇ ਉਨ੍ਹਾਂ ਨੂੰ ਖੇਡ ਮੈਦਾਨਾਂ ਤੱਕ ਲਿਆਉਣ ਲਈ 'ਖੇਡਾਂ ਵਤਨ ਪੰਜਾਬ ਦੀਆਂ' ਵਰਗੀ ਪਹਿਲੀਕਦਮੀ ਦੇ ਨਾਲ-ਨਾਲ ਆਧੁਨਿਕ ਖੇਡ ਮੈਦਾਨਾਂ ਦੀ ਉਸਾਰੀ ਕਰਵਾਈ ਵੀ ਜਾ ਰਹੀ ਹੈ। ਇਸ ਤੋਂ ਇਲਾਵਾ ਪੰਜਾਬ ਸਰਕਾਰ ਵਲੋਂ ਸੂਬੇ ਦੇ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਅਣਥੱਕ ਉਪਰਾਲੇ ਕੀਤੇ ਜਾ ਰਹੇ ਹਨ ਅਤੇ 71,000 ਤੋਂ ਵੱਧ ਸਰਕਾਰੀ ਨੌਕਰੀਆਂ ਨਿਰੋਲ ਮੈਰਿਟ ਦੇ ਆਧਾਰ 'ਤੇ ਦਿੱਤੀਆਂ ਗਈਆਂ ਹਨ। ਸ਼੍ਰੀ ਟੀਨੂੰ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਪੰਜਾਬ ਨੂੰ ਵਿਕਾਸ ਦੀਆਂ ਬੁਲੰਦੀਆਂ 'ਤੇ ਲਿਜਾਣ ਲਈ ਲਗਾਤਾਰ ਯਤਨਸ਼ੀਲ ਹੈ।

ਖੰਨਾ ਵਿਖੇ ਰਾਮਗੜ੍ਹੀਆ ਵੈਲਫੇਅਰ ਬੋਰਡ ਦੀ ਅਹਿਮ ਮੀਟਿੰਗ

ਬਟਾਲਾ (ਸੰਜੀਵ ਨਈਅਰ) ਰਾਮਗੜ੍ਹੀਆ ਵੈਲਫੇਅਰ ਬੋਰਡ, ਪੰਜਾਬ ਸਰਕਾਰ ਦੀ ਅਹਿਮ ਮੀਟਿੰਗ ਖੰਨਾ ਵਿਖੇ ਮੰਤਰੀ ਸ. ਤਰੁਣਪ੍ਰੀਤ ਸਿੰਘ ਸੌਂਧ ਅਤੇ ਚੇਅਰਮੈਨ ਸ. ਸਤਪਾਲ ਸਿੰਘ ਸੋਖੀ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਸ. ਰਣਧੀਰ ਸਿੰਘ ਰਾਣਾ ਜ਼ਿਲ੍ਹਾ ਚੇਅਰਮੈਨ ਵੈਲਫੇਅਰ ਬੋਰਡ ਪੰਜਾਬ ਤੇ ਪੰਜਾਬ ਬੋਰਡ ਦੇ ਮੈਂਬਰ ਸ. ਸਤਨਾਮ ਸਿੰਘ ਮਠਾੜੂ ਅਸੀਂ ਅਪਣੇ ਸਾਥੀਆਂ ਸਮੇਤ ਮਿਲਣਗੇ ਤੇ ਮੰਤਰੀ ਸਾਹਿਬ ਜੀ ਨੇ ਸਾਰੇ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਜਿਸ ਵਿੱਚ ਉਂਕਾਰ ਸਿੰਘ, ਭੁਪਿੰਦਰ ਸਿੰਘ ਪ੍ਰਿੰਸ ਗੁਰਦਰਸ਼ਨ ਸਿੰਘ ਜੀ ਸਾਂਡੇ ਨਾਲ ਸਨ ਮੀਟਿੰਗ ਦੌਰਾਨ ਰਾਮਗੜ੍ਹੀਆ ਭਾਈਚਾਰੇ ਦੀ ਤਰੱਕੀ ਅਤੇ ਨੌਜਵਾਨ ਪੀੜ੍ਹੀ ਨੂੰ ਭਵਿੱਖ ਦੇ ਆਗੂ ਵਜੋਂ ਤਿਆਰ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਆਗੂਆਂ ਨੇ ਬੱਚਿਆਂ ਨੂੰ ਉੱਚ ਸਿੱਖਿਆ ਦਿਵਾਉਣ ਅਤੇ ਉਨ੍ਹਾਂ ਨੂੰ ਦੇਸ਼ ਤੇ ਸਮਾਜ ਦੀ ਸੇਵਾ ਲਈ ਤਿਆਰ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ। ਇਸ ਮੌਕੇ ਸਾਂਝਾ ਸੰਦੇਸ਼ ਦਿੱਤਾ ਗਿਆ ਕਿ ਸਿੱਖਿਆ, ਏਕਤਾ ਅਤੇ ਨੌਜਵਾਨਾਂ ਦੀ ਅਗਵਾਈ ਹੀ ਭਾਈਚਾਰੇ ਦੀ ਮਜ਼ਬੂਤ ਤਰੱਕੀ ਦੀ ਨੀਂਹ ਹੈ।

ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਵੱਲੋਂ ਹਲਕਾ ਪੱਛਮੀ ਵਿੱਚ 'ਮਾਨ ਦਾ ਮੁਨਾਫ਼ਾ' ਮੁਹਿੰਮ ਤਹਿਤ ਘਰ-ਘਰ ਪਹੁੰਚ ਕੀਤੀ

ਅੰਮ੍ਰਿਤਸਰ, 22 ਸਤੰਬਰ (ਰਾਜੇਸ਼ ਡੈਨੀ) ਵਿਧਾਨ ਸਭਾ ਹਲਕਾ ਅੰਮ੍ਰਿਤਸਰ ਪੱਛਮੀ ਦੇ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਵੱਲੋਂ ਅੱਜ ਹਲਕੇ ਦੇ ਵਾਰਡ ਨੰਬਰ 79, ਆਜ਼ਾਦ ਨਗਰ, ਹੇਤ ਰਾਮ ਕਲੋਨੀ ਅਤੇ ਨਰਾਇਣਗੜ੍ਹ ਵਿਖੇ 'ਮਾਨ ਦਾ ਮੁਨਾਫ਼ਾ' ਮੁਹਿੰਮ ਤਹਿਤ ਘਰ-ਘਰ ਪਹੁੰਚ ਕਰਕੇ ਪੰਜਾਬ ਸਰਕਾਰ ਵੱਲੋਂ ਸਾਲ 2022 ਤੋਂ ਹੁਣ ਤੱਕ ਕੀਤੇ ਗਏ ਕੰਮਾਂ ਅਤੇ ਵੱਖ-ਵੱਖ ਸਰਕਾਰੀ ਯੋਜਨਾਵਾਂ ਰਾਹੀਂ ਲੋਕਾਂ ਨੂੰ ਮਿਲ ਰਹੇ ਲਾਭਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਡਾ. ਜਸਬੀਰ ਸਿੰਘ ਸੰਧੂ ਨੇ ਕਿਹਾ ਕਿ ਮੁਫ਼ਤ ਬਿਜਲੀ, ਸਿਹਤ ਸੇਵਾਵਾਂ, ਸਿੱਖਿਆ ਅਤੇ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਸਮੇਤ ਵੱਖ-ਵੱਖ ਸਰਕਾਰੀ ਪਹਿਲਕਦਮੀਆਂ ਰਾਹੀਂ ਪਰਿਵਾਰਾਂ ਨੂੰ ਵਿੱਤੀ ਬੱਚਤ ਅਤੇ ਲਾਭ ਮਿਲ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਪਹਿਲਕਦਮੀਆਂ ਨੂੰ ਧਿਆਨ ਵਿੱਚ ਰੱਖਦਿਆਂ ਹਰ ਪਰਿਵਾਰ ਨੂੰ ਸਾਲਾਨਾ ਲਗਭਗ 1.82 ਲੱਖ ਰੁਪਏ ਦਾ ਲਾਭ ਹੋ ਰਿਹਾ ਹੈ। 'ਮਾਨ ਦਾ ਮੁਨਾਫ਼ਾ' ਮੁਹਿੰਮ ਤਹਿਤ ਲੋਕਾਂ ਨਾਲ ਸਿੱਧਾ ਸੰਵਾਦ ਕਰਦਿਆਂ ਸਰਕਾਰ ਵੱਲੋਂ ਸਾਲ 2022 ਤੋਂ ਹੁਣ ਤੱਕ ਕੀਤੇ ਗਏ ਕੰਮਾਂ ਅਤੇ ਵੱਖ-ਵੱਖ ਲੋਕ ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੁਹਿੰਮ ਦਾ ਉਦੇਸ਼ ਸਰਕਾਰੀ ਯੋਜਨਾਵਾਂ ਅਤੇ ਉਨ੍ਹਾਂ ਤੋਂ ਲੋਕਾਂ ਨੂੰ ਮਿਲ ਰਹੇ ਲਾਭਾਂ ਬਾਰੇ ਜਾਣਕਾਰੀ ਘਰ-ਘਰ ਤੱਕ ਪਹੁੰਚਾਉਣਾ ਹੈ। ਘਰ-ਘਰ ਪਹੁੰਚ ਦੌਰਾਨ ਵਿਧਾਇਕ ਡਾ. ਜਸਬੀਰ ਸਿੰਘ ਨੇ ਵਾਰਡ ਨੰਬਰ 79, ਆਜ਼ਾਦ ਨਗਰ, ਹੇਤ ਰਾਮ ਕਲੋਨੀ ਅਤੇ ਨਰਾਇਣਗੜ੍ਹ ਦੇ ਵੱਖ-ਵੱਖ ਪਰਿਵਾਰਾਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਬਜ਼ੁਰਗਾਂ, ਮਹਿਲਾਵਾਂ, ਨੌਜਵਾਨਾਂ ਅਤੇ ਬੱਚਿਆਂ ਸਮੇਤ ਵੱਖ-ਵੱਖ ਵਰਗਾਂ ਦੇ ਲੋਕਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੇ ਵਿਚਾਰ ਸੁਣੇ ਅਤੇ ਸਰਕਾਰੀ ਯੋਜਨਾਵਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਡਾ. ਸੰਧੂ ਨੇ ਕਿਹਾ ਕਿ ਮੁਫ਼ਤ ਬਿਜਲੀ, ਸਿਹਤ ਸੇਵਾਵਾਂ ਅਤੇ ਸਰਕਾਰੀ ਸਕੂਲਾਂ ਵਿੱਚ ਸੁਧਾਰ ਵਰਗੀਆਂ ਪਹਿਲਕਦਮੀਆਂ ਦਾ ਉਦੇਸ਼ ਪਰਿਵਾਰਾਂ ਦੇ ਜ਼ਰੂਰੀ ਸੇਵਾਵਾਂ 'ਤੇ ਹੋਣ ਵਾਲੇ ਖਰਚ ਨੂੰ ਘਟਾਉਣਾ ਹੈ। ਉਨ੍ਹਾਂ ਕਿਹਾ ਕਿ ਜ਼ੀਰੋ ਬਿਜਲੀ ਬਿੱਲ ਪ੍ਰਾਪਤ ਕਰਨ ਵਾਲੇ ਪਰਿਵਾਰਾਂ ਨੂੰ ਬਿਜਲੀ ਖਰਚ ਵਿੱਚ ਬੱਚਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਵੱਖ-ਵੱਖ ਵਿਕਾਸ ਕਾਰਜਾਂ ਲਈ ਫੰਡ ਉਪਲਬਧ ਕਰਵਾਉਣ ਦੀ ਪ੍ਰਕਿਰਿਆ ਜਾਰੀ ਹੈ। ਉਨ੍ਹਾਂ ਅੱਗੇ ਕਿਹਾ ਕਿ 'ਮਾਨ ਦਾ ਮੁਨਾਫ਼ਾ' ਮੁਹਿੰਮ ਰਾਹੀਂ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਕੰਮਾਂ ਅਤੇ ਵੱਖ-ਵੱਖ ਯੋਜਨਾਵਾਂ ਰਾਹੀਂ ਲੋਕਾਂ ਨੂੰ ਮਿਲ ਰਹੇ ਲਾਭਾਂ ਬਾਰੇ ਜਾਣਕਾਰੀ ਸੂਬੇ ਦੇ ਹੋਰ ਪਰਿਵਾਰਾਂ ਤੱਕ ਵੀ ਪਹੁੰਚਾਈ ਜਾਵੇਗੀ।

ਪਿੰਡ ਪੰਡੋਰੀ ਬੈਂਸਾ ਵਿਖੇ ਮਾਨ ਸਰਕਾਰ ਦੇ ਕੀਤੇ ਕੰਮਾਂ ਨੂੰ ਘਰ ਘਰ ਜਾ ਕੇ ਦੱਸਿਆ

ਦੀਨਾਨਗਰ/ਗੁਰਦਾਸਪੁਰ, 22 ਸਤੰਬਰ (ਗੁਲਸ਼ਨ ਰਣੀਆਂ) ਹਲਕਾ ਦੀਨਾਨਗਰ ਦੇ ਇੰਚਾਰਜ ਸਮਸ਼ੇਰ ਸਿੰਘ ਵਲੋਂ ਆਪਣੇ ਹਲਕੇ ਚ ਘਰ-ਘਰ ਜਾ ਕੇ ਪ੍ਰਚਾਰ ਕਰਨ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ।ਇਸ ਮੌਕੇ ਗੱਲਬਾਤ ਕਰਦਿਆਂ ਹਲਕਾ ਇੰਚਾਰਜ ਸਮਸ਼ੇਰ ਸਿੰਘ ਨੇ ਦੱਸਿਆ ਕਿ ਪਿੰਡ ਪੰਡੋਰੀ ਬੈਂਸਾ ਵਿਖੇ ਮਾਨ ਸਰਕਾਰ ਦੇ ਕੀਤੇ ਕੰਮਾ ਨੂੰ ਵਿਸਥਾਰ ਵਿੱਚ ਦੱਸਣ ਲਈ ਘਰ ਘਰ ਜਾ ਕੀ ਲੋਕਾਂ ਨੂੰ ਪੈਫਲੈਟ ਦਿੱਤੇ ਅਤੇ ਮਾਨ ਸਰਕਾਰ ਵਲੋਂ ਪੂਰੀਆਂ ਕੀਤੀਆਂ ਗਈਆਂ ਗਰੰਟੀਆਂ ਬਾਰੇ ਦੱਸਿਆ।ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਆਪਣੇ ਕਾਰਜਕਾਲ ਦੌਰਾਨ ਕੀਤੇ ਗਏ ਵਿਕਾਸ ਕਾਰਜਾਂ ਤੇ ਲੋਕ ਪੱਖੀ ਪਹਿਲਕਦਮੀਆਂ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਲਈ ਵਿਸ਼ੇਸ਼ ਲੋਕ ਸੰਪਰਕ ਮੁਹਿੰਮ ਚਲਾਈ ਜਾ ਰਹੀ ਹੈ।ਘਰ-ਘਰ ਜਾ ਕੇ ਪੈਂਫਲਿਟ ਵੰਡਦਿਆਂ ਸਮਸ਼ੇਰ ਸਿੰਘ ਨੇ ਕਿਹਾ ਕਿ ਇਸ ਮੁਹਿੰਮ ਰਾਹੀਂ ਸਰਕਾਰ ਦੇ ਕੰਮਾਂ ਨੂੰ ਸਿੱਧੇ ਲੋਕਾਂ ਤੱਕ ਪਹੁੰਚਾਇਆ ਜਾਵੇਗਾ ਅਤੇ ਉਨ੍ਹਾਂ ਨੂੰ ਪੰਜਾਬ ਦੇ ਵਿਕਾਸ ਤੇ ਲੋਕ ਭਲਾਈ ਲਈ ਕੀਤੇ ਗਏ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ।ਉਨ੍ਹਾਂ ਕੌਂਸਲਰਾਂ, ਪਾਰਟੀ ਵਰਕਰਾਂ ਅਤੇ ਸਮਰਥਕਾਂ ਨੂੰ ਸੱਦਾ ਦਿੱਤਾ ਕਿ ਉਹ ਹਰ ਘਰ ਤੱਕ ਪਹੁੰਚ ਕਰਕੇ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਅਤੇ ਲੋਕ ਭਲਾਈ ਦੇ ਕੰਮਾਂ ਬਾਰੇ ਵੱਧ ਤੋਂ ਵੱਧ ਜਾਣੂ ਕਰਵਾਉਣ।

ਖਾਲਸਾ ਯੂਨੀਵਰਸਿਟੀ ਵੱਲੋਂ ਰਾਸ਼ਟਰੀ ਪੋਸ਼ਣ ਹਫ਼ਤਾ ਮਨਾਇਆ ਗਿਆ

ਅੰਮ੍ਰਿਤਸਰ, 16 ਸਤੰਬਰ (ਮੋਹਕਮ ਸਿੰਘ) ਖਾਲਸਾ ਯੂਨੀਵਰਸਿਟੀ ਦੇ ਸਕੂਲ ਆਫ਼ ਐਲਾਈਡ ਐਂਡ ਹੈਲਥਕੇਅਰ ਸਾਇੰਸਿਜ਼, ਸਕੂਲ ਆਫ਼ ਲਾਈਫ਼ ਸਾਇੰਸਿਜ਼ ਅਤੇ ਖਾਲਸਾ ਕਾਲਜ ਫ਼ਾਰ ਵੂਮੈਨ ਵੱਲੋਂ ਸਾਂਝੇ ਤੌਰ 'ਤੇ ਰਾਸ਼ਟਰੀ ਪੋਸ਼ਣ ਹਫ਼ਤਾ ਮਨਾਇਆ ਗਿਆ। ਖ਼ਾਲਸਾ ਯੂਨੀਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਦੇ ਸਹਿਯੋਗ ਸਦਕਾ ਕਰਵਾਏ ਗਏ ਉਕਤ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੂੰ ਸੰਤੁਲਿਤ ਖੁਰਾਕ, ਸਿਹਤਮੰਦ ਜੀਵਨ-ਸ਼ੈਲੀ, ਪੋਸ਼ਣ ਦੀ ਮਹੱਤਤਾ ਅਤੇ ਪਰਿਵਾਰਕ ਖੁਰਾਕੀ ਆਦਤਾਂ ਸਬੰਧੀ ਜਾਗਰੂਕ ਕਰਨ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਮੌਕੇ ਡਾ. ਮਹਿਲ ਸਿੰਘ ਨੇ ਕਿਹਾ ਕਿ ਅਜੋਕੇ ਤੇਜ਼ ਰਫ਼ਤਾਰ ਜੀਵਨ 'ਚ ਸਿਹਤਮੰਦ ਰਹਿਣ ਲਈ ਪੋਸ਼ਣ ਪ੍ਰਤੀ ਜਾਗਰੂਕਤਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹ

ਅੰਮ੍ਰਿਤਸਰ 'ਚ ਏਅੈਸਆਈ ਦੀ ਕਤਲ ਤੋਂ ਬਾਅਦ ਪੁਲਿਸ ਦੀ 'ਵਰਦੀ ਐਡਵਾਈਜ਼ਰੀ' 'ਤੇ ਸਿਆਸਤ ਹੋਈ ਗਰਮ

ਹਰਪਾਲ ਚੀਮਾ ਵਲੋਂ ਵਿਰੋਧੀ ਪਾਰਟੀਆਂ 'ਤੇ ਅਫ਼ਵਾਹਾਂ ਫੈਲਾਉਣ ਦਾ ਦੋਸ਼

ਚੰਡੀਗੜ੍ਹ, 22 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਅੰਮ੍ਰਿਤਸਰ 'ਚ ਏਅੈਸਆਈ ਦੇ ਕਤਲ ਤੋਂ ਬਾਅਦ ਪੁਲਿਸ ਮੁਲਾਜ਼ਮਾਂ ਨੂੰ ਵਰਦੀ ਦੀ ਬਜਾਏ ਸਿਵਿਲ ਕੱਪੜੇ ਪਾ ਕੇ ਡਿਊਟੀ ਕਰਨ ਦੀ ਕਥਿਤ ਐਡਵਾਈਜ਼ਰੀ ਸੋਸ਼ਲ ਮੀਡੀਆ ਉੱਤੇ ਵਾਇਰਲ ਹੋਣ ਨਾਲ ਪੰਜਾਬ ਦੀ ਸਿਆਸਤ ਗਰਮਾ ਗਈ ਹੈ। ਕਾਂਗਰਸ ਪ੍ਰਦੇਸ਼ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਨੇਤਾ ਬਿਕਰਮ ਸਿੰਘ ਮਜੀਠੀਆ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਵਾਇਰਲ ਆਡੀਓ ਸਾਂਝਾ ਕਰਕੇ ਸਰਕਾਰ ਅਤੇ ਪੁਲਿਸ ਦੀ ਕਾਰਜਪ੍ਰਣਾਲੀ 'ਤੇ ਸਵਾਲ ਖੜ੍ਹੇ ਕੀਤੇ। ਭਾਜਪਾ ਦੇ ਸਾਬਕਾ ਪ੍ਰਦੇਸ਼ ਪ੍ਰਧਾਨ ਸੁਨੀਲ ਜਾਖੜ ਨੇ ਵੀ ਇਸ ਮਾਮਲੇ ਨੂੰ ਲੈ ਕੇ ਸਰਕਾਰ ਨੂੰ ਘੇਰਿਆ। ਉੱਥੇ ਹੀ, ਪੰਜਾਬ ਪੁਲਿਸ ਨੇ ਸਪੱਸ਼ਟ ਕੀਤਾ ਹੈ ਕਿ ਅਜਿਹਾ ਕੋਈ ਅਧਿਕਾਰਤ ਨਿਰਦੇਸ਼ ਜਾਰੀ ਨਹੀਂ ਕੀਤਾ ਗਿਆ ਹੈ। ਵਾਇਰਲ ਆਡੀਓ ਵਿੱਚ ਇੱਕ ਔਰਤ ਦੀ ਆਵਾਜ਼ ਹੈ, ਜੋ ਕਿ ਇੱਕ ਪੁਲਿਸ ਅਧਿਕਾਰੀ ਹੋਣ ਦਾ ਦਾਅਵਾ ਕਰਦੀ ਹੈ। ਇਸ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਬਾਰਡਰ ਰੇਂਜ ਦੇ ਇੰਸਪੈਕਟਰ ਜਨਰਲ ਆਫ਼ ਪੁਲਿਸ ਦੇ ਦਫ਼ਤਰ ਨੇ ਪੁਲਿਸ ਕਰਮਚਾਰੀਆਂ ਦੀ ਸੁਰੱਖਿਆ ਸੰਬੰਧੀ ਨਿਰਦੇਸ਼ ਜਾਰੀ ਕੀਤੇ ਹਨ। ਕਥਿਤ ਨਿਰਦੇਸ਼ਾਂ 'ਚ ਅੰਮ੍ਰਿਤਸਰ ਦਿਹਾਤੀ, ਬਟਾਲਾ, ਗੁਰਦਾਸਪੁਰ ਅਤੇ ਪਠਾਨਕੋਟ ਦੇ ਸੀਨੀਅਰ ਪੁਲਿਸ ਸੁਪਰਡੈਂਟਾਂ ਨੂੰ ਡਿਊਟੀ ਪੁਆਇੰਟਾਂ ਅਤੇ ਸੰਵੇਦਨਸ਼ੀਲ ਥਾਵਾਂ 'ਤੇ ਤਾਇਨਾਤ ਕਰਮਚਾਰੀਆਂ ਦੀ ਸੁਰੱਖਿਆ ਸੰਬੰਧੀ ਵਿਸ਼ੇਸ਼ ਸਾਵਧਾਨੀ ਵਰਤਣ ਦਾ ਨਿਰਦੇਸ਼ ਦਿੱਤਾ ਗਿਆ ਹੈ। ਆਡੀਓ ਵਿੱਚ ਪੁਲਿਸ ਕਰਮਚਾਰੀਆਂ ਨੂੰ ਵਰਦੀ, ਬੈਲਟ, ਪਛਾਣ ਚਿੰਨ੍ਹ, ਪੁਲਿਸ ਉਪਕਰਨ ਜਾਂ ਅਜਿਹਾ ਕੋਈ ਵੀ ਸਮਾਨ ਪ੍ਰਦਰਸ਼ਿਤ ਨਾ ਕਰਨ ਦੀ ਗੱਲ ਕਹੀ ਜਾ ਰਹੀ ਹੈ, ਜਿਸ ਨਾਲ ਉਨ੍ਹਾਂ ਦੀ ਪਛਾਣ ਆਸਾਨੀ ਨਾਲ ਹੋ ਸਕੇ। ਕਰਮਚਾਰੀਆਂ ਨੂੰ ਨਿੱਜੀ ਸੁਰੱਖਿਆ ਪ੍ਰੋਟੋਕੋਲ ਦੀ ਪਾਲਣਾ ਕਰਨ ਅਤੇ ਆਪਣੇ ਆਉਣ-ਜਾਣ ਦੇ ਰੁਟੀਨ ਵਿੱਚ ਬਦਲਾਅ ਬਣਾਈ ਰੱਖਣ ਲਈ ਵੀ ਕਿਹਾ ਗਿਆ ਹੈ।



ਚੀਮਾ ਨੇ ਕਿਹਾ, 'ਵਿਰੋਧੀ ਧਿਰ ਉਨ੍ਹਾਂ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।' ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਪੱਸ਼ਟ ਕੀਤਾ ਕਿ ਪੰਜਾਬ ਪੁਲਿਸ ਵੱਲੋਂ ਅਜਿਹੀ ਕੋਈ ਸਲਾਹ ਜਾਰੀ ਨਹੀਂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਵਾਇਰਲ ਪੋਸਟ ਅਤੇ ਇੰਟਰਨੈੱਟ 'ਤੇ ਕੀਤੇ ਗਏ ਦਾਅਵੇ ਝੂਠੇ ਹਨ। ਚੀਮਾ ਨੇ ਦੋਸ਼ ਲਗਾਇਆ ਕਿ ਕਾਂਗਰਸ, ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ ਪੰਜਾਬ ਪੁਲਿਸ ਅਤੇ ਸੂਬਾ ਸਰਕਾਰ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਪੋਸਟਾਂ ਸੋਸ਼ਲ ਮੀਡੀਆ ਉੱਤੇ ਪਾਉਣ ਵਾਲੇ ਵਿਅਕਤੀ ਦੀ ਜਾਂਚ ਕਰਵਾਈ ਜਾਵੇਗੀ ਅਤੇ ਤੱਥਾਂ ਦੇ ਆਧਾਰ ਉੱਤੇ ਉਸ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਚੀਮਾ ਨੇ ਪੋਸਟ ਕਰਨ ਵਾਲੇ ਵਿਅਕਤੀ ਨੂੰ ਇਸ ਨੂੰ ਤੁਰੰਤ ਡਿਲੀਟ ਕਰਨ ਲਈ ਵੀ ਕਿਹਾ। ਪੰਜਾਬ ਪੁਲਿਸ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' ਉੱਤੇ ਸਪੱਸ਼ਟ ਕੀਤਾ ਕਿ ਪੁਲਿਸ ਮੁੱਖ ਦਫ਼ਤਰ ਜਾਂ ਇਸ ਦੇ ਅਧੀਨ ਕਿਸੇ ਵੀ ਪੁਲਿਸ ਦਫ਼ਤਰ ਵੱਲੋਂ ਕਰਮਚਾਰੀਆਂ ਨੂੰ ਡਿਊਟੀ 'ਤੇ ਜਾਂਦੇ ਜਾਂ ਪਰਤਦੇ ਸਮੇਂ ਵਰਦੀ ਨਾ ਪਹਿਨਣ ਦਾ ਕੋਈ ਵੀ ਨਿਰਦੇਸ਼ ਜਾਰੀ ਨਹੀਂ ਕੀਤਾ ਗਿਆ ਹੈ। ਪੁਲਿਸ ਨੇ ਵਾਇਰਲ ਸੰਦੇਸ਼ਾਂ ਨੂੰ ਫਰਜ਼ੀ ਦੱਸਦਿਆਂ ਲੋਕਾਂ ਨੂੰ ਸਿਰਫ਼ ਅਧਿਕਾਰਤ ਮਾਧਿਅਮਾਂ ਤੋਂ ਮਿਲੀ ਜਾਣਕਾਰੀ ਉੱਤੇ ਹੀ ਭਰੋਸਾ ਕਰਨ ਦੀ ਅਪੀਲ ਕੀਤੀ ਹੈ। ਰਾਜ ਵੜਿੰਗ ਨੇ ਵਾਇਰਲ ਆਡੀਓ ਦੇ ਆਧਾਰ ਉੱਤੇ ਪੰਜਾਬ ਦੀ ਕਾਨੂੰਨ-ਵਿਵਸਥਾ ਉੱਤੇ ਸਵਾਲ ਖੜ੍ਹੇ ਕਰਦਿਆਂ ਸਰਕਾਰ ਤੋਂ ਸਥਿਤੀ ਸਪੱਸ਼ਟ ਕਰਨ ਦੀ ਮੰਗ ਕੀਤੀ। ਮਜੀਠੀਆ ਨੇ ਵੀ ਆਡੀਓ ਸਾਂਝਾ ਕਰਦਿਆਂ ਸਰਕਾਰ ਨੂੰ ਘੇਰਿਆ। ਸੁਨੀਲ ਜਾਖੜ ਨੇ ਕਿਹਾ ਕਿ ਵਾਇਰਲ ਆਡੀਓ ਦੀ ਗੰਭੀਰਤਾ ਨੂੰ ਦੇਖਦਿਆਂ ਪੁਲਿਸ ਨੂੰ ਪੂਰੇ ਮਾਮਲੇ ਉੱਤੇ ਆਪਣੀ ਸਥਿਤੀ ਸਪੱਸ਼ਟ ਕਰਨੀ ਚਾਹੀਦੀ ਹੈ।

ਝੋਨਾ ਮੰਡੀਆਂ 'ਚ ਪਹੁੰਚਿਆ, ਸਰਕਾਰੀ ਖਰੀਦ ਹਾਲੇ ਵੀ ਬੰਦ- ਕਿਸਾਨਾਂ ਦੀ ਲੁੱਟ 'ਤੇ ਭੜਕੇ ਬੀਕੇਯੂ ਰਾਜੇਵਾਲ ਜ਼ਿਲ੍ਹਾ ਪ੍ਰਧਾਨ

ਸ੍ਰੀ ਹਰਗੋਬਿੰਦਪੁਰ, 22 ਸਤੰਬਰ (ਪ੍ਰਦੀਪ ਸਿੰਘ ਬੇਦੀ) : ਪੰਜਾਬ ਸਰਕਾਰ ਵੱਲੋਂ ਝੋਨੇ ਦੀ ਲੁਆਈ ਲਈ ਨਿਰਧਾਰਤ ਸਮੇਂ ਤੋਂ ਕਰੀਬ 10 ਦਿਨ ਪਹਿਲਾਂ ਮਨਜ਼ੂਰੀ ਦਿੱਤੇ ਜਾਣ ਦੇ ਬਾਵਜੂਦ ਹੁਣ ਕਿਸਾਨਾਂ ਦੀ ਨਵੀਂ ਮੁਸ਼ਕਲ ਖੜ੍ਹੀ ਹੋ ਗਈ ਹੈ। ਕਈ ਕਿਸਾਨਾਂ ਦਾ ਝੋਨਾ ਪੱਕ ਕੇ ਮੰਡੀਆਂ ਅਤੇ ਫੋਕਲ ਪੁਆਇੰਟਾਂ ਵਿੱਚ ਪਹੁੰਚਣਾ ਸ਼ੁਰੂ ਹੋ ਗਿਆ ਹੈ, ਪਰ ਸਰਕਾਰੀ ਖਰੀਦ ਚਾਲੂ ਨਾ ਹੋਣ ਕਾਰਨ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਲਈ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮਾਮਲੇ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਪਲਵਿੰਦਰ ਸਿੰਘ ਮਠੌਲਾ ਨੇ ਸਰਕਾਰ 'ਤੇ ਤਿੱਖੇ ਸਵਾਲ ਖੜ੍ਹੇ ਕਰਦਿਆਂ ਕਿਹਾ ਕਿ ਜੇਕਰ ਕਿਸਾਨਾਂ ਨੂੰ ਸਮੇਂ ਤੋਂ ਪਹਿਲਾਂ ਝੋਨਾ ਲਗਾਉਣ ਦੀ ਮਨਜ਼ੂਰੀ ਦਿੱਤੀ ਗਈ ਸੀ ਤਾਂ ਸਰਕਾਰ ਨੂੰ ਮੰਡੀਆਂ ਵਿੱਚ ਆਉਣ ਵਾਲੀ ਫ਼ਸਲ ਦੀ ਖਰੀਦ ਲਈ ਵੀ ਪਹਿਲਾਂ ਤੋਂ ਪੂਰੇ ਪ੍ਰਬੰਧ ਕਰਨੇ ਚਾਹੀਦੇ ਸਨ। ਪਲਵਿੰਦਰ ਸਿੰਘ ਮਠੌਲਾ ਨੇ ਮੰਗ ਕੀਤੀ ਕਿ ਮੰਡੀਆਂ ਅਤੇ ਫੋਕਲ ਪੁਆਇੰਟਾਂ ਵਿੱਚ ਪਏ ਕਣਕ ਦੇ ਅੰਬਾਰਾਂ ਨੂੰ

ਤੁਰੰਤ ਚੁਕਵਾ ਕੇ ਥਾਂ ਖਾਲੀ ਕਰਵਾਈ ਜਾਵੇ ਅਤੇ ਝੋਨੇ ਦੀ ਸਰਕਾਰੀ ਖਰੀਦ ਤੁਰੰਤ ਸ਼ੁਰੂ ਕੀਤੀ ਜਾਵੇ। ਕਿਸਾਨਾਂ ਦੀ ਫ਼ਸਲ ਦੀ ਸਰਕਾਰੀ ਭਾਅ 'ਤੇ ਪਾਰਦਰਸ਼ੀ ਢੰਗ ਨਾਲ ਖਰੀਦ ਯਕੀਨੀ ਬਣਾਈ ਜਾਵੇ ਅਤੇ ਕਿਸੇ ਵੀ ਤਰ੍ਹਾਂ ਦੀ ਕਟੌਤੀ ਜਾਂ ਗ਼ੈਰ-ਕਾਨੂੰਨੀ ਵਸੂਲੀ ਨੂੰ ਬਰਦਾਸ਼ਤ ਨਾ ਕੀਤਾ ਜਾਵੇ। ਇਸੇ ਮਾਮਲੇ ਸਬੰਧੀ ਜ਼ਿਲ੍ਹਾ ਪ੍ਰਧਾਨ ਪਲਵਿੰਦਰ ਸਿੰਘ ਮਠੌਲਾ ਵੱਲੋਂ ਸਾਬਕਾ ਵਿਧਾਇਕ ਬਲਵਿੰਦਰ ਸਿੰਘ ਲਾਡੀ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ। ਮੰਗ ਪੱਤਰ ਰਾਹੀਂ ਝੋਨੇ ਦੀ ਸਰਕਾਰੀ ਖਰੀਦ ਤੁਰੰਤ ਸ਼ੁਰੂ ਕਰਵਾਉਣ, ਮੰਡੀਆਂ ਵਿੱਚੋਂ ਕਣਕ ਦੇ ਅੰਬਾਰ ਹਟਾਉਣ ਅਤੇ ਕਿਸਾਨਾਂ ਨਾਲ ਹੋ ਰਹੀ ਕਥਿਤ ਲੁੱਟ ਨੂੰ ਰੋਕਣ ਦੀ ਮੰਗ ਕੀਤੀ ਗਈ। ਇਸ ਮੌਕੇ ਸਾਬਕਾ ਵਿਧਾਇਕ ਬਲਵਿੰਦਰ ਸਿੰਘ ਲਾਡੀ ਨੇ ਵਿਸ਼ਵਾਸ ਦਿਵਾਇਆ ਕਿ ਉਹ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਸਬੰਧਤ ਅਧਿਕਾਰੀਆਂ ਅਤੇ ਪੰਜਾਬ ਸਰਕਾਰ ਦੇ ਧਿਆਨ ਵਿੱਚ ਲਿਆ ਕੇ ਇਸ ਨੂੰ ਤੁਰੰਤ ਹੱਲ ਕਰਵਾਉਣ ਲਈ ਯਤਨ ਕਰਨਗੇ। ਕਿਸਾਨ ਜਥੇਬੰਦੀ ਨੇ ਸਪੱਸ਼ਟ ਕੀਤਾ ਕਿ ਜੇਕਰ ਮੰਡੀਆਂ ਵਿੱਚ ਝੋਨੇ ਦੀ ਖਰੀਦ ਨੂੰ ਲੈ ਕੇ ਪੈਦਾ ਹੋਈ ਸਮੱਸਿਆ ਦਾ ਤੁਰੰਤ ਹੱਲ ਨਾ ਕੀਤਾ ਗਿਆ ਤਾਂ ਕਿਸਾਨਾਂ ਨੂੰ ਆਪਣੇ ਹੱਕਾਂ ਲਈ ਸੰਘਰਸ਼ ਦਾ ਰਾਹ ਅਖ਼ਤਿਆਰ ਕਰਨਾ ਪੈ ਸਕਦਾ ਹੈ। ਬੇਅੰਤ ਸਿੰਘ ਬਲਵਿੰਦਰ ਸਿੰਘ ਜਿਲਾ ਸਲਾਹਕਾਰ ਸੁਖਵਿੰਦਰ ਸਿੰਘ ਰਜੇਆ ਸੀਨੀਅਰ ਬਲਾਕ ਮੀਤ ਪ੍ਰਧਾਨ ਹਰਗੋਬਿੰਦਪੁਰ ਬਲਵਿੰਦਰ ਸਿੰਘ ਗਿੱਲ ਹਰਚੋਵਾਲ ਮੀਤ ਪ੍ਰਧਾਨ ਬਲਾਕ ਹਰਗੋਬਿੰਦਪੁਰ ਰਵਿੰਦਰ ਸਿੰਘ ਯੂਥ ਪ੍ਰਧਾਨ ਕੁਲਵੰਤ ਸਿੰਘ ਇਕਾਈ ਪ੍ਰਧਾਨ ਜਗੀਰ ਸਿੰਘ ਐਸਸੀ ਵਿੰਗ ਬਲਾਕ ਪ੍ਰਧਾਨ ਸੁਖਦੇਵ ਸਿੰਘ ਭਰਥ ਹਰਪਾਲ ਸਿੰਘ ਸ਼ਾਹੀ ਮਠੌਲਾ ਪ੍ਰਗਟ ਸਿੰਘ ਇਕਾਈ ਪ੍ਰਧਾਨ ਮਠੌਲਾ ਕੁਲਵੰਤ ਸਿੰਘ ਪੱਤੀ ਮਿਹਤੇਵਾਲ ਇਕਾਈ ਪ੍ਰਧਾਨ ਮਨਜਿੰਦਰ ਸਿੰਘ ਮਠੌਲਾ ਜਸਵੰਤ ਸਿੰਘ ਮਠੌਲਾ ਆਦਿ ਹਾਜ਼ਰ ਸਨ।

ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਦੀ ਅਗਵਾਈ ਹੇਠ 'ਨਸ਼ਾ ਮੁਕਤ ਪੰਜਾਬ ਯਾਤਰਾ' 'ਚ ਸ਼ਾਮਲ ਹੋਏ ਸੰਸਦ ਮੈਂਬਰ ਰਾਜਿੰਦਰ ਗੁਪਤਾ

ਲੁਧਿਆਣਾ, 22 ਸਤੰਬਰ (ਸੂਰਜ) : ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਨੂੰ ਨਸ਼ਾਮੁਕਤ ਕਰਨ ਦੇ ਉਦੇਸ਼ ਨਾਲ ਕੱਢੀ ਜਾ ਰਹੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੌਰਾਨ ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਦੀ ਅਗਵਾਈ ਹੇਠ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਯਾਤਰਾ ਵਿੱਚ ਰਾਜ ਸਭਾ ਸੰਸਦ ਮੈਂਬਰ ਰਾਜਿੰਦਰ ਗੁਪਤਾ ਨੇ ਵੀ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਅਤੇ ਪਾਰਟੀ ਆਗੂਆਂ ਨਾਲ ਮਿਲ ਕੇ ਨਸ਼ਿਆਂ ਵਿਰੁੱਧ ਇੱਕਜੁੱਟ ਹੋਣ ਦਾ ਦਾਅਵਾ ਕੀਤਾ। ਇਸ ਮੌਕੇ ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਅਤੇ ਐਮ.ਪੀ. ਰਾਜਿੰਦਰ ਗੁਪਤਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਸ ਯਾਤਰਾ ਦਾ ਮੁੱਖ ਮਕਸਦ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਬਚਾਉਣਾ ਅਤੇ ਸਮਾਜ ਵਿੱਚ ਜਾਗਰੂਕਤਾ ਫੈਲਾਉਣਾ ਹੈ। ਉਨ੍ਹਾਂ ਆਖਿਆ ਕਿ ਭਾਜਪਾ ਪੰਜਾਬ ਦੀ ਜਵਾਨੀ ਨੂੰ ਸੰਭਾਲਣ ਲਈ ਹਰ ਸੰਭਵ ਉਪਾਅ ਕਰੇਗੀ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਸਥਾਨਕ ਲੋਕ ਵੀ ਮੌਜੂਦ ਸਨ।

Public Notice

ਪੀ.ਐਮ.ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕਲਿਆਣ, ਜ਼ਿਲ੍ਹਾ ਪਟਿਆਲਾ

Ph. No. 9417243262
Email: gsss.patiala.kalyan@gmail.com
ਪੱਤਰ ਨੰਬਰ SCERT/RAA/e-994483/2026250112
ਮਿਤੀ: 21.09.2026
ਵਿਸ਼ਾ- ਸ਼ੋਰਟ ਟੈਂਡਰ ਨੋਟਿਸ।
ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਪੀ.ਐਮ. ਸ਼੍ਰੀ ਸਰਕਾਰੀ ਸ ਸ ਸਕੂਲ, ਕਲਿਆਣ ਜ਼ਿਲ੍ਹਾ ਪਟਿਆਲਾ ਦੇ 50 ਵਿਦਿਆਰਥੀਆ ਅਤੇ 2 ਅਧਿਆਪਕਾਂ ਦਾ ਐਕਸਪੋਜਰ ਟੂਰ ਪੰਜਾਬ ਤੋਂ ਇਲਾਵਾ ਦੂਜੇ ਰਾਜਾਂ ਵਿਖੇ ਲਿਜਾਣ ਦੀ ਪ੍ਰਵਾਨਗੀ ਮਿਲੀ ਹੈ। ਇਸ ਵਿੱਚ ਸਕੂਲ ਤੋਂ ਲੈ ਕੇ ਉਦੇਪੁਰ, ਮਾਊਟ ਆਬੂ ਅਤੇ ਜੈਪੁਰ ਲਿਜਾਣ, ਉੱਥੇ ਵੱਖ-2 ਥਾਵਾਂ ਤੇ ਘੁਮਾਉਣ, ਪੰਜ ਰਾਤਾਂ ਛੇ ਦਿਨਾਂ ਦਾ ਖਾਣ-ਪੀਣ, ਰਹਿਣ-ਸਹਿਣ, ਉੱਥੇ ਲੱਗਣ ਵਾਲੀਆਂ ਟੂਰਿਸਟ ਥਾਵਾਂ ਦੀਆਂ ਟਿਕਟਾਂ ਦਾ ਖਰਚਾ, ਅਤੇ ਵਾਪਸੀ ਸਕੂਲ ਤੱਕ ਛੱਡਣ ਦਾ ਪੂਰਨ ਤੌਰ ਤੇ ਖਰਚਾ (GST ਸਮੇਤ) ਸ਼ਾਮਿਲ ਹੈ। ਦਿਲਚਸਪੀ ਰੱਖਦੀਆਂ ਵਪਾਰਕ ਸੰਸਥਾਵਾਂ ਨੂੰ ਮਿਤੀ 25-09-2026 ਨੂੰ ਸਕੂਲ ਵਿੱਚ ਸਵੇਰੇ 10:00 ਵਜੇ ਕੁਟੇਸ਼ਨਾਂ ਸਮੇਤ ਪਹੁੰਚਣ ਦਾ ਸੱਦਾ ਦਿੱਤਾ ਜਾਂਦਾ ਹੈ।

ਪ੍ਰਿੰਸੀਪਲ
ਪੀ.ਐਮ. ਸ਼੍ਰੀ ਸਰਕਾਰੀ ਸ ਸ ਸਕੂਲ, ਕਲਿਆਣ, ਜ਼ਿਲ੍ਹਾ ਪਟਿਆਲਾ

Public Notice

ਪੀ.ਐਮ. ਸ਼੍ਰੀ ਸਰਕਾਰੀ ਹਾਈ ਸਕੂਲ, ਖੇੜਾ ਗੱਜੂ, ਜ਼ਿਲ੍ਹਾ ਪਟਿਆਲਾ

Ph. No. 8283809095
Email: ghs.patiala.kheragaju@gmail.com
ਪੱਤਰ ਨੰਬਰ SCERT/RAA/e-994483/2026250112
ਮਿਤੀ: 20.09.2026
ਵਿਸ਼ਾ- ਸ਼ੋਰਟ ਟੈਂਡਰ ਨੋਟਿਸ।
ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਪੀ.ਐਮ. ਸ਼੍ਰੀ ਸਰਕਾਰੀ ਹਾਈ ਸਕੂਲ, ਖੇੜਾ ਗੱਜੂ, ਜ਼ਿਲ੍ਹਾ ਪਟਿਆਲਾ ਦੇ 50 ਵਿਦਿਆਰਥੀਆ ਅਤੇ 2 ਅਧਿਆਪਕਾਂ ਦਾ ਐਕਸਪੋਜਰ ਟੂਰ ਪੰਜਾਬ ਤੋਂ ਇਲਾਵਾ ਦੂਜੇ ਰਾਜਾਂ ਵਿਖੇ ਲਿਜਾਣ ਦੀ ਪ੍ਰਵਾਨਗੀ ਮਿਲੀ ਹੈ। ਇਸ ਵਿੱਚ ਸਕੂਲ ਤੋਂ ਲੈ ਕੇ ਉਦੇਪੁਰ, ਮਾਊਟ ਆਬੂ ਅਤੇ ਜੈਪੁਰ ਲਿਜਾਣ, ਉੱਥੇ ਵੱਖ-2 ਥਾਵਾਂ ਤੇ ਘੁਮਾਉਣ, ਪੰਜ ਰਾਤਾਂ ਛੇ ਦਿਨਾਂ ਦਾ ਖਾਣ-ਪੀਣ, ਰਹਿਣ-ਸਹਿਣ, ਉੱਥੇ ਲੱਗਣ ਵਾਲੀਆਂ ਟੂਰਿਸਟ ਥਾਵਾਂ ਦੀਆਂ ਟਿਕਟਾਂ ਦਾ ਖਰਚਾ, ਅਤੇ ਵਾਪਸੀ ਸਕੂਲ ਤੱਕ ਛੱਡਣ ਦਾ ਪੂਰਨ ਤੌਰ ਤੇ ਖਰਚਾ (GST ਸਮੇਤ) ਸ਼ਾਮਿਲ ਹੈ। ਦਿਲਚਸਪੀ ਰੱਖਦੀਆਂ ਵਪਾਰਕ ਸੰਸਥਾਵਾਂ ਨੂੰ ਮਿਤੀ 24-09-26 ਨੂੰ ਸਕੂਲ ਵਿੱਚ ਸਵੇਰੇ 10:00 ਵਜੇ ਕੁਟੇਸ਼ਨਾਂ ਸਮੇਤ ਪਹੁੰਚਣ ਦਾ ਸੱਦਾ ਦਿੱਤਾ ਜਾਂਦਾ ਹੈ।

ਹੈਡ ਮਿਸਟ੍ਰੈਸ
ਪੀ.ਐਮ. ਸ਼੍ਰੀ ਸਰਕਾਰੀ ਹਾਈ ਸਕੂਲ, ਖੇੜਾ ਗੱਜੂ, ਜ਼ਿਲ੍ਹਾ ਪਟਿਆਲਾ

ਡੀਏ ਨਾ ਦੇਣ 'ਤੇ ਹਾਈ ਕੋਰਟ ਦੀ ਸਖ਼ਤੀ, ਪੰਜਾਬ ਦੇ ਮੁੱਖ ਸਕੱਤਰ ਨੂੰ ਅਦਾਲਤ 'ਚ ਹਾਜ਼ਰ ਹੋਣ ਦੇ ਹੁਕਮ

ਚੰਡੀਗੜ੍ਹ, 22 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਬਕਾਇਆ ਮਹਿੰਗਾਈ ਭੱਤੇ (ਡੀਏ) ਅਤੇ ਮਹਿੰਗਾਈ ਰਾਹਤ (ਡੀਆਰ) ਦੀ ਅਦਾਇਗੀ ਦੇ ਮਾਮਲੇ ਵਿੱਚ ਸਖ਼ਤ ਰੁਖ਼ ਅਖਤਿਆਰ ਕੀਤਾ ਹੈ। ਹਾਈ ਕੋਰਟ ਨੇ ਪਿਛਲੇ ਹੁਕਮਾਂ ਦੀ ਪਾਲਣਾ ਨਾ ਹੋਣ ਕਾਰਨ ਪੰਜਾਬ ਦੇ ਮੁੱਖ ਸਕੱਤਰ ਨੂੰ ਨਿੱਜੀ ਤੌਰ 'ਤੇ ਅਦਾਲਤ ਵਿੱਚ ਪੇਸ਼ ਹੋਣ ਦੇ ਨਿਰਦੇਸ਼ ਦਿੱਤੇ ਹਨ। ਚੀਫ਼ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ 'ਤੇ ਆਧਾਰਿਤ ਡਿਵੀਜ਼ਨ ਬੈਂਚ ਨੇ ਨੋਟ ਕੀਤਾ ਕਿ 3 ਅਗਸਤ ਦੇ ਹੁਕਮਾਂ ਦੇ ਬਾਵਜੂਦ, ਮੁੱਖ ਸਕੱਤਰ ਨੇ ਪਾਲਣਾ ਸਬੰਧੀ ਹਲਫ਼ਨਾਮਾ ਦਾਖਲ ਨਹੀਂ ਕੀਤਾ ਸੀ। ਹਾਲਾਂਕਿ, ਜੇਕਰ ਰਾਜ ਸਰਕਾਰ ਨੂੰ ਇਸ ਮਾਮਲੇ ਵਿੱਚ ਸੁਪਰੀਮ ਕੋਰਟ ਤੋਂ ਕੋਈ ਰਾਹਤ ਮਿਲਦੀ ਹੈ, ਤਾਂ ਨਿੱਜੀ ਪੇਸ਼ੀ ਤੋਂ ਛੋਟ ਦਿੱਤੀ ਜਾ ਸਕਦ

ਸਰਕਾਰ ਨੌਜਵਾਨਾਂ ਨੂੰ ਨਸ਼ਿਆਂ ਦੀ ਦਲ ਦਲ ਚੋਂ ਕੱਢਣ ਲਈ ਖੇਡਾਂ ਵੱਖ ਉਤਸਾਹਿਤ ਕਰੇ :ਸਮਸਪੁਰ

ਸਨੌਰ , 22ਸਤੰਬਰ(ਰਾਜਿੰਦਰ ਸਿੰਘ ਥਿੰਦ) ਅੱਜ ਦਾ ਨੌਜਵਾਨ ਨਸ਼ਿਆ ਦੀ ਮਾਰੂ ਲਪਤ ਦਾ ਸਿਕਾਰ ਹੋ ਕੇ ਜਿਥੇ ਆਪਣੀਆਂ ਜਿੰਦਗੀਆ ਬਰਬਾਦ ਕਰਨ ਤੇ ਤੁਲਿਆ ਹੋਇਆ ਹੈ, ਉਥੇ ਉਹ ਆਪਣੇ ਮਾਪਿਆਂ ਲਈ ਵੀ ਸਿਰ ਦਰਦੀ ਬਣਦਾ ਜਾ ਰਿਹਾ ਹੈ ਇਸ ਲਈਸਰਕਾਰ ਨੌਜਵਾਨਾ ਨੂੰ ਨਸ਼ਿਆ ਦੀ ਦਲਦਲ ਤੋਂ ਬਾਹਰ ਕੱਡ ਕੇ ਖੇਡਾਂ ਵੱਲ ਉਤਸਾਹਿਤ ਕਰੇ ਕਾਂਗਰਸ ਦੇ ਸੀਨੀਅਰ ਆਗੂ ਬਲਿਹਾਰ ਸਿੰਘ ਸਮਸਪੁਰ ਨੈਣਾਂ ਅਕੱਤ ਵਿਖੇ ਇੱਕ ਖੇਡ ਸਮਾਗਮ ਸਮੇਂ ਪਹਿਲਵਾਂਨਾਂ ਦੀ ਹੌਸਲਾ ਅਫ਼ਜਾਈ ਕਰਨ ਮੌਕੇ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ ! , ਉਹਨਾਂ ਕਿਹਾ ਕਿ ਭਗਵੰਤ ਮਾਨ ਪੰਜਾਬ ਨੂੰ ਨਸ਼ਾ ਮੁਕਤ ਨਹੀ ਕਰ ਸਕੀ ਅਤੇ ਨਿੱਤ ਨੌਜਵਾਨ ਨਸ਼ਿਆਂ ਨਾਲ ਆਪਣੀ ਜੀਵਨ ਲੀਲਾ ਖ਼ਤਮ ਕਰ ਰਹੇ ਹਨਪਰੰਤੂ ਸਰਕਾਰ ਚੁੱਪ ਹੈ ।ਉਹਨਾਂ ਨੇ ਕਿਹਾ ਕਿ ਪੰਜਾਬ ਦੀ ਧਰ ਨਾਮਵਰ ਪਹਿਲਵਾਨ ਅਤੇ ਖਿਡਾਰੀ ਦਿੱਤੇ ਹਨ। ਕੁਸ਼ਤੀ ਪੰਜਾਬ ਦੀ ਅਮੀਰ ਖੇਡ ਵਿਰਾਸਤ ਦਾ ਅਹਿਮ ਹਿੱਸਾ ਹੈ ਅਤੇ ਅਜਿਹੇ ਖੇਡ ਸਮਾਗਮ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸਨ, ਮਿਹਨਤ ਅਤੇ ਸਿਹਤਮੰਦ ਜੀਵਨ ਪ੍ਰਤੀ ਜਾਗਰੂਕਤਾ ਪੈਦਾ ਕਰਦੇ ਹਨ। ਉਹਨਾ ਨੇ ਕਿਹਾ ਕਿ ਪਿੰਡ ਪੱਧਰ 'ਤੇ ਹੋਣ ਵਾਲੇ ਅਜਿਹੇ ਖੇਡ ਮੁਕਾਬਲੇ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਮੰਚ ਪ੍ਰਦਾਨ ਕਰਦੇ ਸਰਕਾਰ ਨੌਜਵਾਨਾਂ ਨੂੰ ਨਸ਼ਿਆਂ ਦੀ ਦਲ ਦਲ ਚੋਂ ਕੱਢਣ ਲਈ ਖੇਡਾਂ ਵੱਖ ਉਤਸਾਹਿਤ ਕਰੇ :ਸਮਸਪੁਰ । ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਤਾਕਤ ਨੂੰ ਸਹੀ ਦਿਸ਼ਾ ਦੇਣ ਲਈ ਖੇਡਾਂ ਸਭ ਤੋਂ ਪ੍ਰਭਾਵਸ਼ਾਲੀ ਮਾਧਿਅਮਾਂ ਵਿੱਚੋਂ ਇੱਕ ਹਨ ਅਤੇ ਕੁਸ਼ਤੀ ਵਰਗੀਆਂ ਰਵਾਇਤੀ ਖੇਡਾਂ ਨੂੰ ਉਤਸ਼ਾਹਿਤ ਕਰਨਾ ਸਮੇਂ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਪ੍ਰਬੰਧਕਾਂ ਅਤੇ ਪਿੰਡ ਵਾਸੀਆਂ ਵੱਲੋਂ ਕਰਵਾਇਆ ਗਿਆ ਇਹ ਉਪਰਾਲਾ ਸ਼ਲਾਘਾਯੋਗ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਖੇਡ ਸਮਾਗਮ ਕਰਵਾਏ ਜਾਣੇ ਚਾਹੀਦੇ ਹਨ

ਡੇਅਰੀ ਵਿਕਾਸ ਵਿਭਾਗ ਨੇ ਪਿੰਡ ਓਟਾਲਾ 'ਚ ਇੱਕ ਦਿਨਾ ਦੁੱਧ ਉਤਪਾਦਕ ਜਾਗਰੂਕਤਾ ਕੈਂਪ ਲਗਾਇਆ

ਲੁਧਿਆਣਾ, 22 ਸਤੰਬਰ-(ਝੱਜ ਉਮੈਦਪੁਰ)- ਕੈਬਨਿਟ ਮੰਤਰੀ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਦੀ ਅਗਵਾਈ ਹੇਠ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਸ. ਵਰਿਆਮ ਸਿੰਘ ਗਿੱਲ ਦੇ ਨਿਰਦੇਸ਼ਾਂ ਅਨੁਸਾਰ ਅੱਜ ਮਿਤੀ 22-09-2026 ਨੂੰ ਜ਼ਿਲ੍ਹਾ ਲੁਧਿਆਣਾ ਦੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਸ੍ਰੀ ਸੁਰਿੰਦਰ ਸਿੰਘ ਦੀ ਅਗਵਾਈ ਹੇਠ ਪਿੰਡ ਓਟਾਲਾ, ਬਲਾਕ ਸਮਰਾਲਾ ਵਿਖੇ ਇੱਕ ਦਿਨਾ ਦੁੱਧ ਉਤਪਾਦਕ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਡੇਅਰੀ ਫਾਰਮਰਾਂ ਨੂੰ ਵਿਭਾਗ ਦੀਆਂ ਵੱਖ-ਵੱਖ ਗਤੀਵਿਧੀਆਂ ਅਤੇ ਸਕੀਮਾਂ ਤੋਂ ਇਲਾਵਾ ਪਸ਼ੂਆਂ ਦੀਆਂ ਬਿਮਾਰੀਆਂ, ਸੰਤੁਲਿਤ ਖੁਰਾਕ, ਸਾਂਭ-ਸੰਭਾਲ ਅਤੇ ਡੇਅਰੀ ਕਰਜ਼ਾ ਕੇਸਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਮੌਕੇ ਰਿਟਾਇਰਡ ਸੀਨੀਅਰ ਵੈਟਰਨਰੀ ਅਫਸਰ ਡਾ. ਗੁਲਜ਼ਾਰ, ਰਿਟਾਇਰਡ ਚੀਫ਼ ਐਗਰੀਕਲਚਰ ਅਫਸਰ ਡਾ. ਬਲਦੇਵ ਸਿੰਘ, ਐਡਵਾਂਟਾ ਕੰਪਨੀ ਤੋਂ ਰਾਸ਼ਿਦ, ਵੇਰਕਾ ਮਿਲਕ ਪਲਾਂਟ ਖੰਨਾ ਤੋਂ ਬਚਿੱਤਰ ਸਿੰਘ, ਡੇਅਰੀ ਵਿਕਾਸ ਇੰਸਪੈਕਟਰ ਅਗਮਪ੍ਰੀਤ ਕੌਰ, ਮਿਸ ਅੰਕਿਤ ਕਪੂਰ ਅਤੇ ਸ੍ਰੀ ਸੁਖਵਿੰਦਰ ਸਿੰਘ ਵੱਲੋਂ ਕਿਸਾਨਾਂ ਨਾਲ ਵਿਚਾਰ-ਵਟਾਂਦਰਾ ਕਰਕੇ ਉਨ੍ਹਾਂ ਨੂੰ ਡੇਅਰੀ ਕਿੱਤੇ ਨਾਲ ਸਬੰਧਤ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ।

ਬਲਾਕ ਪੱਧਰੀ ਖੋ ਖੋ ਖੇਡ ਮੁਕਾਬਲਿਆਂ ਵਿੱਚ ਪੀਐਮ ਸ਼੍ਰੀ ਕੇਵੀ ਸਕੂਲ ਖਾਨਪੁਰ ਦੀ ਟੀਮ ਨੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ

ਰੂਪਨਗਰ 22 ਸਤੰਬਰ ਨਵੀਨ ਦਰਦੀ ਪੀਐਮ ਸ਼੍ਰੀ ਕੇਵੀ ਸਕੂਲ ਖਾਨਪੁਰ ਦੀ ਖੋ-ਖੋ ਦੀ ਟੀਮ ਨੇ ਨਹਿਰੂ ਸਟੇਡੀਅਮ ਵਿਖੇ ਹੋਏ ਬਲਾਕ ਪੱਧਰੀ ਖੋ ਖੋ ਖੇਡ ਮੁਕਾਬਲਿਆਂ ਵਿੱਚ ਆਪਣੀ ਖੇਡ ਦਾ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰੋਸ਼ਨ ਕੀਤਾ ਖਿਡਾਰੀਆਂ ਨੇ ਆਪਣੀ ਮਿਹਨਤ ਲਗਨ ਅਨੁਸ਼ਾਸਨ ਟੀਮ ਭਾਵਨਾ ਅਤੇ ਖੇਡ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏਆ ਬਲਾਕ ਪੱਧਰੀ ਮੁਕਾਬਲਿਆਂ ਵਿੱਚ ਲੋਦੀ ਮਾਜਰਾ ਅਤੇ ਹਿਰਦਾ ਪੁਰ ਸਕੂਲਾਂ ਦੀਆਂ ਟੀਮਾਂ ਨੂੰ ਹਰਾ ਕੇ ਬਲਾਕ ਪੱਧਰੀ ਮੁਕਾਬਲੇ ਜਿੱਤ ਕੇ ਕੇਵੀ ਸਕੂਲ ਖਾਨਪੁਰ ਦਾ ਨਾ ਰੌਸ਼ਨ ਕੀਤਾ ਇਸ ਜਿੱਤ ਦੇ ਮੌਕੇ ਤੇ ਸਕੂਲ ਦੀ ਪ੍ਰਿੰਸੀਪਲ ਮੈਡਮ ਸ਼੍ਰੀਮਤੀ ਵਿਭਾ ਰਾਣੀ ਨੇ ਬੱਚਿਆਂ ਨੂੰ ਜਿੱਤ ਦੀ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਜ਼ਿਲ੍ਹਾ ਪੱਧਰੀ ਮੁਕਾਬਲਾ ਜਿੱਤਣ ਲਈ ਆਪਣੀਆਂ ਸ਼ੁਭਕਾਮਨਾਵਾਂ ਅਤੇ ਅਸ਼ੀਰਵਾਦ ਦਿੱਤਾ

ਪਿੰਡ ਹਰਪਾਲਪੁਰ 'ਚ ਕੁਸ਼ਤੀ ਦੰਗਲ ਯਾਦਗਾਰੀ ਪੈੜਾਂ ਛੱਡਦਾ ਸੰਪੰਨ ਹੋਇਆ

ਹਰਵਿੰਦਰ ਸਿੰਘ ਹਰਪਾਲਪੁਰ ਨੇ 11111 ਦੀ ਝੰਡੀ ਬੰਨੀ

ਸਨੌਰ 22ਸਤੰਬਰ (ਰਾਜਿੰਦਰ ਥਿੰਦ) ਹਲਕਾ ਘਨੌਰ ਦੇ ਇਤਿਹਾਸਕ ਪਿੰਡ ਹਰਪਾਲਪੁਰ ਚ ਸਲਾਨਾ ਗੁੱਗਾ ਮਾੜੀ ਕੁਸ਼ਤੀ ਦੰਗਲ ਕਰਵਾਇਆ ਗਿਆ ਜਿਸ ਵਿੱਚ ਕੁਸ਼ਤੀ ਦੰਗਲ ਪਿੰਡ ਦੀ ਮਰਿਆਦਾ ਅਨੁਸਾਰ ਮੌਜੂਦਾ ਪੰਚਾਇਤ ਵੱਲੋਂ ਸੋਨੇ ਦੀ ਮੁੰਦਰੀ ਦੀ ਝੰਡੀ ਬੰਨੀ ਗਈ ਬਹੁਤ ਸਾਰੀਆਂ ਹੋਰ ਵੀ ਝੰਡੀਆਂ ਬੰਨ੍ਹੀਆਂ ਗਈਆਂ। ਪਿੰਡ ਹਰਪਾਲ ਪੁਰ ਦੇ ਜੰਮਪਲ ਤੇ ਹਲਕਾ ਘਨੌਰ ਤੋਂ ਭਾਜਪਾ ਆਗੂ ਹਰਵਿੰਦਰ ਸਿੰਘ ਹਰਪਾਲਪੁਰ ਨੇ 11 ਹਜ਼ਾਰ 111 ਦੀ ਝੰਡੀ ਬੰਨੀ ਗਈ। ਪੰਚਾਇਤ ਵੱਲੋਂ ਬੰਨੀ ਸੋਨੇ ਦੀ ਮੁੰਦਰੀ ਵਾਲੀ ਝੰਡੀ ਪਹਿਲਵਾਨ ਸੋਸਬਤ ਹਰਪਾਲਪੁਰ ਨਾਲ ਧਰਮਵੀਰ ਸਿੰਘ ਕਰਨਾਲ ਨਾਲ ਮੁਕਾਬਲਾ ਹੋਇਆ ਤੇ ਪਹਿਲਵਾਨ ਸੋਸਬਤ ਹਰਪਾਲ ਪੁਰ ਜੇਤੂ ਰਿਹਾ ਦੂਜੀ ਸੋਨੇ ਦੀ ਮੁੰਦਰੀ ਪਹਿਲਵਾਨ ਮਾਨ ਸਿੰਘ ਘੱਗਰ ਸਰਾਏ ਦਾ ਮੁਕਾਬਲਾ ਪਹਿਲਵਾਨ ਕਾਕਾ ਸਿੰਘ ਬਰਾਸ ਨਾਲ ਹੋਇਆ ਤੇ ਮਾਨ ਸਿੰਘ ਜੇਤੂ ਰਹੇ ,11ਹਜਾਰ 1 ਸੌ 11 ਦੀ ਝੰਡੀ ਤੇ ਪਹਿਲਵਾਨ ਕਾਦਰ ਧੰਗੇੜਾ ਦਾ ਮੁਕਾਬਲਾ ਸੁੱਖ ਘੱਗਰ ਸਰਾਏ ਨਾਲ ਹੋਇਆ ਤੇ ਸੁੱਖ ਘੱਗਰ ਸਰਾਏ ਜੇਤੂ ਰਿਹਾ ਇਸੇ ਤਰਾ 11 ਹਜ਼ਾਰ ਦੀ ਝੰਡੀ ਦਾ ਸੋਨੀ ਸਿਹੋੜਾ ਦਾ ਮੁਕਾਬਲਾ ਫਾਰੂਕ ਪਹਿਲਵਾਨ ਨਾਲ ਹੋਇਆ ਤੇ ਫਾਰੂਕ ਜੇਤੂ ਰਿਹਾ ਇਸ ਤਰਾ ਪੰਜਾਹ ਦੇ ਕਰੀਬ ਹੋਰ ਮੁਕਾਬਲੇ ਹੋਏ। ਹਰਪਾਲਪੁਰ ਨੇ ਕਿਹਾ ਕਿ ਹਰਪਾਲਪੁਰ ਵਿੱਚ ਬਹੁਤ ਸਾਲਾ ਤੋਂ ਸਮੁੱਚੇ ਨਗਰ ਵੱਲੋਂ ਹਰ ਸਾਲ ਸਮੁੱਚੇ ਪਿੰਡ ਵਲੋਂ ਗੁੱਗਾ ਮਾੜੀ ਦਾ ਮੇਲਾ ਤੇ ਕੁਸ਼ਤੀ ਦੰਗਲ ਬਹੁਤ ਉਤਸ਼ਾਹ ਨਾਲ ਕਰਵਾਇਆ ਜਾਂਦਾ ਹੈ ਪਿੰਡ ਦੇ ਸਮੁੱਚੇ ਨੌਜਵਾਨ ਪੂਰੇ ਉਤਸ਼ਾਹ ਨਾਲ ਕੁਸ਼ਤੀ ਦੰਗਲ ਚ ਸੇਵਾ ਭਾਵਨਾ ਨਾਲ ਸਮਰਪਿਤ ਹੋ ਕੇ ਇੱਸ ਕਾਰਜ ਨੂੰ ਨੇਪਰੇ ਚਾੜਦੇ ਹਨ। ਹਰਪਾਲਪੁਰ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਵਰਗੀ ਭੈੜੀ ਬਿਮਾਰੀ ਤੋਂ ਬਚਾਉਣ ਲਈ ਖੇਡਾਂ ਹੀ ਸਹਾਈ ਹੁੰਦੀਆਂ ਹਨ ਅਜਿਹੇ ਕੁਸ਼ਤੀ ਦੰਗਲ ਤੇ ਮੇਲੇ ਸਾਡੀ ਵਿਰਾਸਤ ਤੇ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਬਹੁਤ ਵੱਡਾ ਯੋਗਦਾਨ ਪਾਉਂਦੇ ਹਨ ਅਤੇ ਨੌਜਵਾਨਾਂ ਵਿੱਚ ਟੀਮ ਵਰਕ ਕਰਨ ਨਾਲ ਲੀਡਰਸ਼ਿਪ ਭਾਵਨਾ ਵੀ ਪੈਦਾ ਹੁੰਦੀ ਹੈ ਜੋ ਸਮਾਜ ਨੂੰ ਸਹੀ ਸੇਧ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ।

ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦੀ ਅਗਵਾਈ ਹੇਠ ਮੂਨਕ ਵਿਖੇ ਵਿਸ਼ੇਸ਼ ਸਫਾਈ ਮੁਹਿੰਮ ਜ਼ੋਰਾਂ 'ਤੇ: ਕਾਰਜ ਸਾਧਕ ਅਫ਼ਸਰ

ਮੂਨਕ, 22 ਸਤੰਬਰ (ਸਾਹਿਬ ਸਿੰਘ ਖੁਰਾਣਾ) ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ, ਸਿਹਤਮੰਦ ਅਤੇ ਹਰਿਆ-ਭਰਿਆ ਬਣਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਵਿਸ਼ੇਸ਼ ਸਫਾਈ ਮੁਹਿੰਮ ਤਹਿਤ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦੀ ਅਗਵਾਈ ਹੇਠ ਮੂਨਕ ਸ਼ਹਿਰ ਵਿੱਚ ਸਫਾਈ ਕਾਰਜ ਜੰਗੀ ਪੱਧਰ 'ਤੇ ਕੀਤੇ ਜਾ ਰਹੇ ਹਨ। ਇਹ ਜਾਣਕਾਰੀ ਦਿੰਦਿਆਂ ਨਗਰ ਕੌਂਸਲ ਮੂਨਕ ਦੇ ਕਾਰਜ ਸਾਧਕ ਅਫ਼ਸਰ ਰਮਨਦੀਪ ਸ਼ਰਮਾ ਨੇ ਦੱਸਿਆ ਕਿ ਮੁਹਿੰਮ ਤਹਿਤ ਸ਼ਹਿਰ ਦੇ ਵੱਖ-ਵੱਖ ਵਾਰਡਾਂ, ਗਲੀ-ਮੁਹੱਲਿਆਂ, ਬਾਜ਼ਾਰਾਂ ਅਤੇ ਹੋਰ ਜਨਤਕ ਥਾਵਾਂ ਦੀ ਸਫਾਈ ਲਈ ਵਿਸ਼ੇਸ਼ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ।ਕਾਰਜ ਸਾਧਕ ਅਫ਼ਸਰ ਨੇ ਦੱਸਿਆ ਕਿ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਨਗਰ ਕੌਂਸਲ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸ਼ਹਿਰ ਵਿੱਚ ਸਫਾਈ ਵਿਵਸਥਾ ਨੂੰ ਹੋਰ ਚੁਸਤ-ਦਰੁਸਤ ਬਣਾਉਣ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਦੀ ਅਗਵਾਈ ਹੇਠ ਮੂਨਕ ਨੂੰ ਸਾਫ਼-ਸੁਥਰਾ ਅਤੇ ਸੁੰਦਰ ਸ਼ਹਿਰ ਬਣਾਉਣ ਲਈ ਨਗਰ ਕੌਂਸਲ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਫਾਈ ਕਾਰਜਾਂ ਵਿੱਚ ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਨਗਰ ਕੌਂਸਲ ਦੇ ਅਮਲੇ ਨੂੰ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣ ਦੀ ਹਦਾਇਤ ਕੀਤੀ ਗਈ ਹੈ।ਰਮਨਦੀਪ ਸ਼ਰਮਾ ਨੇ ਕਿਹਾ ਕਿ ਸਾਫ਼ ਮੂਨਕ ਦਾ ਟੀਚਾ ਨਗਰ ਕੌਂਸਲ ਅਤੇ ਸ਼ਹਿਰ ਵਾਸੀਆਂ ਦੇ ਸਾਂਝੇ ਯਤਨਾਂ ਨਾਲ ਹੀ ਹਾਸਲ ਕੀਤਾ ਜਾ ਸਕਦਾ ਹੈ। ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦੀ ਅਗਵਾਈ ਅਤੇ ਦਿਸ਼ਾ-ਨਿਰਦੇਸ਼ਾਂ ਹੇਠ ਨਗਰ ਕੌਂਸਲ ਵੱਲੋਂ ਸਫਾਈ ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਲਈ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਵਿਸ਼ੇਸ਼ ਸਫਾਈ ਮੁਹਿੰਮ ਤਹਿਤ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਸਫਾਈ ਕਾਰਜ ਲਗਾਤਾਰ ਜਾਰੀ ਰਹਿਣਗੇ ਅਤੇ ਨਗਰ ਕੌਂਸਲ ਦੀਆਂ ਟੀਮਾਂ ਵੱਲੋਂ ਇਨ੍ਹਾਂ ਕਾਰਜਾਂ ਦੀ ਨਿਰੰਤਰ ਨਿਗਰਾਨੀ ਵੀ ਕੀਤੀ ਜਾਵੇਗੀ।

27 ਸਤੰਬਰ ਨੂੰ ਰਾਕੇਸ਼ ਬੱਗਾ ਵੱਲੋਂ ਵਿਸ਼ੇਸ਼ ਮੀਟਿੰਗ, ਵੱਖ-ਵੱਖ ਅਹਿਮ ਮੁੱਦਿਆਂ 'ਤੇ ਹੋਵੇਗਾ ਵਿਚਾਰ-ਵਟਾਂਦਰਾ

ਸਨੌਰ 22 ਸਤੰਬਰ (ਰਾਜਿੰਦਰ ਸਿੰਘ ਥਿੰਦ) ਹਲਕਾ ਸਨੌਰ ਤੋਂ ਉੱਘੇ ਸਮਾਜ ਸੇਵੀ ਅਤੇ ਆਜ਼ਾਦ ਉਮੀਦਵਾਰ ਰਾਕੇਸ਼ ਬੱਗਾ ਵੱਲੋਂ 27 ਸਤੰਬਰ ਦਿਨ ਐਤਵਾਰ ਨੂੰ ਸਵੇਰੇ 11 ਵਜੇ ਬਹਾਦਰਗੜ੍ਹ ਡਾਇਮੰਡ ਪੈਲਿਸ ਵਿਚ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਮੀਟਿੰਗ ਵਿੱਚ ਹਲਕੇ ਦੇ ਲੋਕਾਂ ਨਾਲ ਵੱਖ-ਵੱਖ ਅਹਿਮ ਮੁੱਦਿਆਂ ਨੂੰ ਲੈ ਕੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਮੀਟਿੰਗ ਨੂੰ ਲੈ ਕੇ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ ਅਤੇ ਇਸ ਦੌਰਾਨ ਕਈ ਮਹੱਤਵਪੂਰਨ ਮਸਲਿਆਂ 'ਤੇ ਵਿਚਾਰ ਸਾਂਝੇ ਕੀਤੇ ਜਾਣ ਦੀ ਉਮੀਦ ਹੈ।ਮੀਟਿੰਗ ਦੌਰਾਨ ਇਲਾਕੇ ਨਾਲ ਸਬੰਧਤ ਵੱਖ-ਵੱਖ ਸਮੱਸਿਆਵਾਂ, ਲੋਕਾਂ ਦੀਆਂ ਜ਼ਰੂਰਤਾਂ ਅਤੇ ਮੌਜੂਦਾ ਹਾਲਾਤ ਨਾਲ ਜੁੜੇ ਮੁੱਦਿਆਂ 'ਤੇ ਚਰਚਾ ਕੀਤੀ ਜਾਵੇਗੀ। ਇਸ ਦੇ ਨਾਲ ਹੀ ਲੋਕਾਂ ਵੱਲੋਂ ਹਰ ਇਕ ਮੁਸ਼ਕਲਾਂ ਨੂੰ ਸਾਹਮਣੇ ਰੱਖਦਿਆਂ ਉਨ੍ਹਾਂ ਦੇ ਹੱਲ ਲਈ ਸੰਭਾਵਿਤ ਕਦਮਾਂ ਬਾਰੇ ਵੀ ਵਿਚਾਰ ਕੀਤਾ ਜਾਵੇਗਾ। ਮੀਟਿੰਗ ਵਿੱਚ ਸ਼ਾਮਲ ਹੋਣ ਵਾਲੇ ਵਿਅਕਤੀਆਂ ਵੱਲੋਂ ਆਪਣੇ ਸੁਝਾਅ ਅਤੇ ਵਿਚਾਰ ਵੀ ਪੇਸ਼ ਕੀਤੇ ਜਾਣਗੇ।ਰਾਕੇਸ਼ ਬੱਗਾ ਨੇ ਕਿਹਾ ਕਿ ਕਿਸੇ ਵੀ ਖੇਤਰ ਦੇ ਵਿਕਾਸ ਅਤੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਲਈ ਆਪਸੀ ਵਿਚਾਰ-ਵਟਾਂਦਰਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਮੀਟਿੰਗ ਦਾ ਮਕਸਦ ਵੱਖ-ਵੱਖ ਮੁੱਦਿਆਂ 'ਤੇ ਖੁੱਲ੍ਹ ਕੇ ਚਰਚਾ ਕਰਨਾ ਅਤੇ ਲੋਕਾਂ ਨਾਲ ਜੁੜੀਆਂ ਸਮੱਸਿਆਵਾਂ ਸਬੰਧੀ ਸਾਰਥਕ ਵਿਚਾਰ ਸਾਹਮਣੇ ਲਿਆਉਣਾ ਹੈ। ਉਨ੍ਹਾਂ ਨੇ ਕਿਹਾ ਕਿ ਮੀਟਿੰਗ ਵਿੱਚ ਮੌਜੂਦਾ ਹਾਲਾਤ, ਇਲਾਕੇ ਨਾਲ ਸਬੰਧਤ ਮਸਲਿਆਂ ਅਤੇ ਆਉਣ ਵਾਲੇ ਸਮੇਂ ਵਿੱਚ ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਬਾਰੇ ਵੀ ਵਿਚਾਰ ਕੀਤਾ ਜਾਵੇਗਾ। ਇਸ ਮੌਕੇ ਹਾਜ਼ਰ ਵਿਅਕਤੀਆਂ ਤੋਂ ਸੁਝਾਅ ਲੈ ਕੇ ਰਣਨੀਤੀ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।ਰਾਕੇਸ਼ ਬੱਗਾ ਨੇ ਸਬੰਧਤ ਸਾਥੀਆਂ, ਪਿੰਡਾ ਦੇ ਸਰਪੰਚਾਂ ਪੰਚਾਂ ਅਤੇ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ 27 ਸਤੰਬਰ ਨੂੰ ਸਵੇਰੇ 11 ਵਜੇ ਹੋਣ ਵਾਲੀ ਇਸ ਵਿਸ਼ੇਸ਼ ਮੀਟਿੰਗ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਅਤੇ ਆਪਣੇ ਕੀਮਤੀ ਸੁਝਾਅ ਸਾਂਝੇ ਕਰਨ। ਉਨ੍ਹਾਂ ਕਿਹਾ ਕਿ ਲੋਕਾਂ ਦੀ ਭਾਗੀਦਾਰੀ ਨਾਲ ਹੀ ਵੱਖ-ਵੱਖ ਮੁੱਦਿਆਂ ਨੂੰ ਬਿਹਤਰ ਢੰਗ ਨਾਲ ਸਮਝ ਕੇ ਉਨ੍ਹਾਂ ਸਬੰਧੀ ਅਗਲੇ ਕਦਮ ਤੈਅ ਕੀਤੇ ਜਾ ਸਕਦੇ ਹਨ।

ਏਸ਼ੀਅਨ ਗੇਮਜ਼ 2026 'ਚ LPU ਦੇ 58 ਖਿਡਾਰੀ ਕਰਨਗੇ

ਸੁਭਾਸ਼ ਮਹਿਤਾ ਦੀ ਅਗਵਾਈ ਹੇਠ ਪ੍ਰੈੱਸ ਟਰੱਸਟ ਕੋਟਕਪੂਰਾ ਦੀ ਮੀਟਿੰਗ 'ਚ ਜਸਵਿੰਦਰ ਸਿੰਘ ਜੱਸੀ ਨੂੰ ਨਵਾਂ ਪ੍ਰਧਾਨ ਨਿਯੁਕਤ ਕੀਤਾ

ਕੋਟਕਪੂਰਾ 22 ਸਤੰਬਰ ਗੁਰਪ੍ਰੀਤ ਸਿੰਘ ਔਲਖ) -ਪ੍ਰੈੱਸ ਟਰੱਸਟ ਕੋਟਕਪੂਰਾ ਦੀ ਇੱਕ ਵਿਸ਼ੇਸ਼ ਮੀਟਿੰਗ ਹਰਿਦਰ ਹਰੂਜਾ ਦੀ ਦੁਕਾਨ 'ਤੇ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਸਾਬਕਾ ਪ੍ਰਧਾਨ ਸੁਭਾਸ਼ ਮਹਿਤਾ ਦੀ ਕਾਰਜਕਾਰਨੀ ਦਾ ਕਾਰਜਕਾਲ ਪੂਰਾ ਹੋਣ ਉਪਰੰਤ, ਸਰਵਸੰਮਤੀ ਨਾਲ ਜਸਵਿੰਦਰ ਸਿੰਘ ਜੱਸੀ ਨੂੰ ਪ੍ਰੈੱਸ ਟਰੱਸਟ ਕੋਟਕਪੂਰਾ ਦਾ ਇਕ ਸਾਲ ਵਾਸਤੇ ਨਵਾਂ ਪ੍ਰਧਾਨ ਐਲਾਨਿਆ ਗਿਆ।

ਸੁਭਾਸ਼ ਮਹਿਤਾ ਵੱਲੋਂ ਜਸਵਿੰਦਰ ਸਿੰਘ ਜੱਸੀ ਦੇ ਨਾਂ ਦਾ ਐਲਾਨ ਕਰਦੇ ਹੀ ਮੀਟਿੰਗ ਵਿੱਚ ਮੌਜੂਦ ਪ੍ਰੈੱਸ ਟਰੱਸਟ ਦੇ ਸਾਰੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਤਾੜੀਆਂ ਵਜਾ ਕੇ ਇਸ ਫੈਸਲੇ ਦਾ ਜ਼ੋਰਦਾਰ ਸਵਾਗਤ ਕੀਤਾ। ਇਸ ਮੌਕੇ ਸਮੂਹ ਮੈਂਬਰਾਂ ਨੇ ਨਵੇਂ ਚੁਣੇ ਗਏ ਪ੍ਰਧਾਨ ਜਸਵਿੰਦਰ ਸਿੰਘ ਜੱਸੀ ਨੂੰ ਹਾਰ ਪਾ ਕੇ ਵਧਾਈ ਦਿੱਤੀ ਅਤੇ ਮੂੰਹ ਮਿੱਠਾ ਕਰਵਾਇਆ। ਇਸ ਮੌਕੇ ਨਵੇਂ ਬਣੇ ਪ੍ਰਧਾਨ ਜਸਵਿੰਦਰ ਸਿੰਘ ਜੱਸੀ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਉਹ ਪੂਰੀ ਇਮਾਨਦਾਰੀ ਅਤੇ ਨੇਕ ਦਿਲੀ ਨਾਲ ਨਿਭਾਉਣਗੇ। ਇਸ ਮੌਕੇ ਸਰਪ੍ਰਸਤ ਹਰਿੰਦਰ ਹਰੂਜਾ, ਤਰਸੇਮ ਚੋਪੜਾ, ਸਾਬਕਾ ਪ੍ਰਧਾਨ ਸੁਭਾਸ਼ ਮਹਿਤਾ, ਸਾਬਕਾ ਪ੍ਰਧਾਨ ਗੁਰਪ੍ਰੀਤ ਸਿੰਘ ਔਲਖ,ਕੇ. ਸੀ. ਸੰਜੇ, ਬਲਜਿੰਦਰ ਸਿੰਘ ਬੱਲੀ, ਵੀ. ਪੀ. ਸਿੰਘ, ਦੀਪਕ ਮਹਿਤਾ, ਹੁਕਮ ਚੰਦ ਬੀ. ਏ., ਰਾਜੂ ਕੰਡਾ, ਡਾ. ਰਣਜੀਤ ਸਿੰਘ, ਗਗਨ ਅਰੋੜਾ, ਅਜੇ ਮਨਚੰਦਾ, ਸ਼ਿਆਮ ਸੁੰਦਰ ਅਰੋੜਾ, ਦੀਪਕ ਗਰਗ, ਕਮਲ ਕਟਾਰੀਆ, ਰਜੇਂਦਰ ਕੁਮਾਰ ਐਡਵੋਕੇਟ ਅਤੇ ਕਾਨੂੰਨੀ ਸਲਾਹਕਾਰ ਬਾਬੂਲਾਲ ਸਮੇਤ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ, ਜਿਨ੍ਹਾਂ ਨੇ ਜਸਵਿੰਦਰ ਸਿੰਘ ਜੱਸੀ ਨੂੰ ਨਵੀਂ ਜ਼ਿੰਮੇਵਾਰੀ ਲਈ ਮੁਬਾਰਕਬਾਦ ਦਿੱਤੀ।

3.74 ਕਰੋੜ ਦੀ ਲਾਗਤ ਨਾਲ ਹੋਵੇਗਾ ਨਗਰ ਕੌਂਸਲ ਧਨੌਲਾ ਅਧੀਨ ਸੜਕਾਂ ਦਾ ਨਵੀਨੀਕਰਨ: ਮੀਤ ਹੇਅਰ

ਲੋਕ ਸਭਾ ਮੈਂਬਰ ਨੇ ਗੁਰਦੁਆਰਾ ਬਾਬਾ ਬੰਨਾ ਸਾਹਿਬ ਵਾਲੀ ਰੋਡ ਦੀ ਕਰਵਾਈ ਰਸਮੀ ਸ਼ੁਰੂਆਤ

ਧਨੌਲਾ, 22 ਸਤੰਬਰ (ਅਵਤਾਰ ਸਿੰਘ ਫਰਵਾਹੀ)- ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਨਗਰ ਕੌਂਸਲ ਧਨੌਲਾ ਅਧੀਨ 374.90 ਲੱਖ ਦੀ ਲਾਗਤ ਨਾਲ ਵੱਖ ਵੱਖ ਸੜਕਾਂ ਦੇ ਨਵੀਨੀਕਰਨ ਪ੍ਰੋਜੈਕਟ ਦੀ ਰਸਮੀ ਸ਼ੁਰੂਆਤ ਕੀਤੀ।

ਇਸ ਮੌਕੇ ਸ੍ਰੀ ਮੀਤ ਹੇਅਰ ਨੇ ਕਿਹਾ ਕਿ ਇਸ ਪ੍ਰੋਜੈਕਟ ਤਹਿਤ ਨਗਰ ਕੌਂਸਲ ਧਨੌਲਾ ਅਧੀਨ ਆਉਂਦੀਆਂ ਕਰੀਬ 10 ਸੜਕਾਂ ਦਾ ਨਵੀਨੀਕਰਨ ਕੀਤਾ ਜਾਣਾ ਹੈ ਜਿਨਾ ਵਿਚੋਂ 2 ਸੜਕਾਂ ਦਾ ਕੰਮ ਸ਼ੁਰੂ ਕਰਵਾ ਦਿੱਤਾ ਗਿਆ ਹੈ। ਓਹਨਾਂ ਦੱਸਿਆ ਕਿ ਕਰੀਬ 14 ਲੱਖ ਦੀ ਲਾਗਤ ਨਾਲ ਗੁਰਦੁਆਰਾ ਬਾਬਾ ਬੰਨਾ ਸਾਹਿਬ- ਧਨੌਲਾ ਰੋਡ ਅਤੇ ਕਰੀਬ 80 ਲੱਖ ਦੀ ਲਾਗਤ ਨਾਲ ਫ਼ਤਹਿਗੜ੍ਹ ਛੰਨਾ ਰੋਡ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ। ਇਸ ਤੋਂ ਇਲਾਵਾ ਆਉਂਦੇ ਦਿਨਾਂ ਵਿਚ ਬਾਕੀ ਸੜਕਾਂ ਦਾ ਕੰਮ ਵੀ ਸ਼ੁਰੂ ਹੋ ਜਾਵੇਗਾ ਇਸ ਮੌਕੇ ਉਹਨਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਇਲਾਕੇ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀਂ ਨਹੀਂ ਆਉਣ ਦਿੱਤੀ ਜਾ ਰਹੀ। ਓਹਨਾਂ ਕਿਹਾ ਕਿ 3 ਕਰੋੜ 74 ਲੱਖ ਦੇ ਪ੍ਰੋਜੈਕਟ ਅਧੀਨ ਸਾਰੀਆਂ ਸੜਕਾਂ ਦਾ ਅਕਤੂਬਰ ਅੰਤ ਤਕ ਮੁਕੰਮਲ ਕਰ ਦਿੱਤਾ ਜਾਵੇਗਾ।

ਓਹਨਾਂ ਕਿਹਾ ਕਿ ਇਸ ਤੋਂ ਇਲਾਵਾ ਮਾਨਾ ਪਿੰਡੀ ਵਿਚ ਪਾਣੀ ਦੀ ਨਿਕਾਸੀ ਦਾ ਮਸਲਾ ਵੀ ਜਲਦੀ ਹੱਲ ਕੀਤਾ ਜਾਵੇਗਾ।

ਇਸ ਮੌਕੇ ਨਗਰ ਕੌਂਸਲ ਧਨੌਲਾ ਦੇ ਪ੍ਰਧਾਨ ਧਰਮਿੰਦਰ ਸਿੰਘ, ਕਾਰਜ ਸਾਧਕ ਅਫ਼ਸਰ ਹਰਪ੍ਰੀਤ ਸਿੰਘ ਅਤੇ ਹੋਰ ਆਗੂ ਮੌਜੂਦ ਸਨ।

ਡੀ ਸੀ ਨੇ ਪਰਾਲੀ ਦੇ ਸੁਚੱਜੇ ਪ੍ਰਬੰਧਨ ਸਬੰਧੀ ਜਾਗਰੂਕ ਵੈਨਾਂ ਕੀਤੀਆਂ ਰਵਾਨਾ

ਬਠਿੰਡਾ, 22 ਸਤੰਬਰ :(ਰਾਣਾ ਸ਼ਰਮਾ) - ਰਾਜੇਸ਼ ਧੀਮਾਨ, ਡਿਪਟੀ ਕਮਿਸ਼ਨਰ ਬਠਿੰਡਾ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਬਠਿੰਡਾ ਵੱਲੋਂ ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਨ ਲਈ 3 ਮੋਬਾਈਲ ਵੈਨਾਂ ਨੂੰ ਹਰੀ ਝੰਡੀ ਦੇ ਕੇ ਜ਼ਿਲ੍ਹੇ ਦੇ ਪਿੰਡਾਂ ਵੱਲ ਰਵਾਨਾ ਕੀਤਾ ਗਿਆ। ਇਹ ਵੈਨਾਂ ਆਉਣ ਵਾਲੇ ਦਿਨਾਂ ਦੌਰਾਨ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਪਹੁੰਚ ਕੇ ਪਰਾਲੀ ਨੂੰ ਅੱਗ ਨਾ ਲਗਾਉਣ ਅਤੇ ਇਸ ਦੇ ਸੁਚੱਜੇ ਨਿਪਟਾਰੇ ਬਾਰੇ ਕਿਸਾਨ ਵੀਰਾਂ ਨੂੰ ਪ੍ਰੇਰਿਤ ਕਰਨਗੀਆਂ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣਾ ਨਾ ਸਿਰਫ਼ ਵਾਤਾਵਰਣ ਲਈ ਹਾਨੀਕਾਰਕ ਹੈ, ਸਗੋਂ ਇਸ ਨਾਲ ਧਰਤੀ ਦੀ ਉਪਜਾਊ ਸ਼ਕਤੀ ਅਤੇ ਲੋਕਾਂ ਦੀ ਸਿਹਤ ਤੇ ਵੀ ਮਾੜਾ ਅਸਰ ਪੈਂਦਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਸਬਸਿਡੀ ਤੇ ਮੁਹੱਈਆ ਕਰਵਾਈ ਜਾ ਰਹੀ ਸੀ.ਆਰ.ਐਮ. ਖੇਤੀ ਮਸ਼ੀਨਰੀ ਦੀ ਵੱਧ ਤੋਂ ਵੱਧ ਵਰਤੋਂ ਕਰਕੇ ਪਰਾਲੀ ਦਾ ਖੇਤਾਂ ਵਿੱਚ ਹੀ ਪ੍ਰਬੰਧਨ ਕਰਨ, ਤਾਂ ਜੋ ਬਠਿੰਡਾ ਜ਼ਿਲ੍ਹੇ ਨੂੰ ਪਰਾਲੀ ਸਾੜਨ ਦੀਆਂ ਘਟਨਾਵਾਂ ਤੋਂ ਪੂਰੀ ਤਰ੍ਹਾਂ ਮੁਕਤ ਬਣਾਇਆ ਜਾ ਸਕੇ।

ਇਸ ਮੌਕੇ ਡਾ. ਹਰਪ੍ਰੀਤਪਾਲ ਕੌਰ, ਮੁੱਖ ਖੇਤੀਬਾੜੀ ਅਫ਼ਸਰ, ਬਠਿੰਡਾ ਨੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ। ਪਰਾਲੀ ਸਾੜਨ ਨਾਲ ਜ਼ਮੀਨ ਵਿੱਚ ਮੌਜੂਦ ਮਿੱਤਰ ਕੀੜੇ-ਮਕੌੜੇ ਅਤੇ ਲੋੜੀਂਦੇ ਪੌਸ਼ਟਿਕ ਤੱਤ ਵੀ ਨਸ਼ਟ ਹੋ ਜਾਂਦੇ ਹਨ, ਜਿਸ ਦਾ ਸਿੱਧਾ ਅਸਰ ਜ਼ਮੀਨ ਦੀ ਉਪਜਾਊ ਸ਼ਕਤੀ ਤੇ ਪੈਂਦਾ ਹੈ। ਉਨ੍ਹਾਂ ਕਿਸਾਨਾਂ ਨੂੰ ਖੇਤੀਬਾੜੀ ਵਿਭਾਗ ਨਾਲ ਰਾਬਤਾ ਕਾਇਮ ਕਰਕੇ ਪਰਾਲੀ ਪ੍ਰਬੰਧਨ ਸਬੰਧੀ ਤਕਨੀਕੀ ਸਹਾਇਤਾ ਅਤੇ ਮਸ਼ੀਨਰੀ ਦਾ ਲਾਭ ਲੈਣ ਦੀ ਅਪੀਲ ਕੀਤੀ।

ਰੇਸ਼ਮ ਸਿੰਘ ਸਿੱਧੂ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਦੇ ਮੁੜ ਪ੍ਰਧਾਨ ਤੇ ਸੇਖੋਂ ਜਨਰਲ ਸਕੱਤਰ ਬਣੇ

ਪਟਿਆਲਾ 22 ਸਤੰਬਰ (ਰਾਜਿੰਦਰ ਸਿੰਘ ਥਿੰਦ ਗੁਰਦਵਾਰਾ ਸ਼੍ਰੀ ਕਲਗੀਧਰ ਅਰਬਨ ਅਸਟੇਟ ਫੇਸ—3 ਪਟਿਆਲਾ ਦਾ ਦੋ ਸਾਲਾ ਜਨਰਲ ਇਜਲਾਸ ਰੇਸ਼ਮ ਸਿੰਘ ਸਿੱਧੂ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਇਆ। ਇਸ ਮੌਕੇ ਸਰਵਸੰਮਤੀ ਨਾਲਰੇਸ਼ਮ ਸਿੰਘ ਸਿੱਧੂ ਨੂੰ ਮੁੜ ਪ੍ਰਧਾਨ ਅਤੇ ਬਲਦੇਵ ਸਿੰਘ ਨੂੰ ਜਨਰਲ ਸਕੱਤਰ ਚੁਣ ਲਿਆ ਗਿਆ! ਜਿਸ ਵਿੱਚ ਅਰਬਨ ਅਸਟੇਟ ਫੇਸ—1, ਫੇਸ—2 ਅਤੇ ਫੇਸ—3, ਸਲਾਰੀਆ ਵਿਹਾਰ, ਗੋਬਿੰਦ ਇਨਕਲੇਵ, ਲਤਾ ਇਨਕਲੇਵ, ਜਗਦੀਸ਼ ਇਨਕਲੇਵ, ਡੀਲਵਾਲ ਕਲੋਨੀ ਦੀਆਂ ਸੰਗਤਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਜਲਾਸ ਦੀ ਕਾਰਵਾਈ ਸ੍ ਬਲਦੇਵ ਸਿੰਘ ਸੇਖੋਂ ਸਕੱਤਰ ਵੱਲੋਂ ਬਾਖੂਬੀ ਨਿਭਾਈ ਗਈ। ਉਹਨਾਂ ਵੱਲੋਂ 01—04—2024 ਤੋਂ 31—03—2026 ਤੱਕ ਦੇ ਲੇਖੇ ਜੋਖੇ ਦੀ ਰਿਪੋਰਟ ਪੇਸ਼ ਕੀਤੀ ਗਈ ਅਤੇ ਇਸ ਤੋਂ ਇਲਾਵਾ ਪਿਛਲੇ ਦੋ ਸਾਲਾਂ ਵਿੱਚ ਗੁਰਦੁਆਰਾ ਕਮੇਟੀ ਵੱਲੋਂ ਕੀਤੇ ਗਏ ਕੰਮਾਂ ਬਾਰੇ ਵੀ ਵਿਸਥਾਰ ਸਹਿਤ ਚਾਨਣਾ ਪਾਇਆ ਗਿਆ। ਇਜਲਾਸ ਵਿੱਚ ਰੇਸ਼ਮ ਸਿੰਘ ਸਿੱਧੂ, ਬਲਦੇਵ ਸਿੰਘ ਸੇਖੋਂ, ਮਨਜੀਤ ਸਿੰਘ ਸ਼ਾਹੀ, ਕ੍ਰਿਪਾਲ ਸਿੰਘ ਵਿਰਕ, ਹਰਜੀਤ ਸਿੰਘ ਜੋਸ਼ਨ, ਬਲਵਿੰਦਰ ਸਿੰਘ, ਅਮਰਜੀਤ ਸਿੰਘ ਫੇਸ—2, ਦਵਿੰਦਰ ਸਿੰਘ, ਡਾ. ਗੁਰਚਰਨ ਸਿੰਘ, ਹਰਬੰਸ ਸਿੰਘ ਸੇਠੀ, ਬਲਜਿੰਦਰ ਕੌਰ, ਸਰਤਾਜ ਕੌਰ, ਦਲਵਿੰਦਰ ਕੌਰ, ਪੋ੍ਰ. ਗੁਰਦਾਸ ਸਿੰਘ, ਕਰਨਲ ਦਾਰਾ ਸਿੰਘ, ਇੰਜੀ: ਜਤਿੰਦਰ ਸਿੰਘ ਕੰਡਾ, ਗੁਰਚਰਨ ਸਿੰਘ ਸਿੱਧੂ, ਜਨਕ ਰਾਜ ਸ਼ਰਮਾ, ਜਗਮੋਹਨ ਸਿੰਘ, ਗੁਰਚਰਨ ਸਿੰਘ ਬੈਣੀਵਾਲ, ਗੁਰਸੇਵਕ ਸਿੰਘ, ਹਰਭਜਨ ਸਿੰਘ, ਜਤਿੰਦਰ ਕੌਰ ਸੇਖੋਂ, ਕਰਮਜੀਤ ਕੌਰ, ਬਲਕਾਰ ਸਿੰਘ, ਐਡਵੋਕੇਟ ਨਰਿੰਦਰ ਸਿੰਘ ਰਟੌਲ, ਨਛੱਤਰ ਸਿੰਘ ਸਿੱਧੂ, ਰਜਿੰਦਰ ਸਿੰਘ ਥਿੰਦ, ਆਦਿ ਹਾਜਰ ਸਨ।

ਅੱਜ ਭੋਗ ਉਪਰੰਤ ਸਜੇਗਾ ਵਿਸ਼ਾਲ ਨਗਰ ਕੀਰਤਨ, ਗੁਰਦੁਆਰਾ ਗੋਦੜੀ ਸਾਹਿਬ ਵਿਖੇ ਹੋਵੇਗੀ ਸਮਾਪਤੀ

ਫ਼ਰੀਦਕੋਟ 22 ਸਤੰਬਰ (ਸਤੀਸ਼ ਕੁਮਾਰ ਫਰੀਦਕੋਟ) ਮਹਾਨ ਸੂਫ਼ੀ ਸੰਤ ਬਾਬਾ ਸ਼ੇਖ਼ ਫ਼ਰੀਦ ਜੀ ਦੀ ਪਾਵਨ ਯਾਦ ਨੂੰ ਸਮਰਪਿਤ ਬਾਬਾ ਫ਼ਰੀਦ ਆਗਮਨ-ਪੁਰਬ 2026 ਦੇ ਸਮਾਗਮਾਂ ਦੇ ਤੀਜੇ ਦਿਨ ਗੁਰਦੁਆਰਾ ਟਿੱਲਾ ਬਾਬਾ ਫ਼ਰੀਦ ਜੀ ਵਿਖੇ ਸ਼ਰਧਾ ਅਤੇ ਸਤਿਕਾਰ ਸਹਿਤ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ। ਬਾਬਾ ਫ਼ਰੀਦ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ, ਫ਼ਰੀਦਕੋਟ ਦੇ ਪ੍ਰਧਾਨ ਸਿਮਰਜੀਤ ਸਿੰਘ ਸੇਖੋਂ ਦੀ ਰਹਿਨੁਮਾਈ ਹੇਠ ਵੱਡੀ ਗਿਣਤੀ ਵਿੱਚ ਸੰਗਤਾਂ ਦੀ ਹਾਜ਼ਰੀ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਪ੍ਰਕਾਸ਼ ਕੀਤੇ ਗਏ। ਇਸ ਪਾਵਨ ਮੌਕੇ ਗੁਰਦੁਆਰਾ ਸਾਹਿਬ ਦਾ ਸਮੁੱਚਾ ਮਾਹੌਲ ਗੁਰਬਾਣੀ ਦੀਆਂ ਇਲਾਹੀ ਧੁਨਾਂ ਅਤੇ ਸੰਗਤਾਂ ਦੀ ਸ਼ਰਧਾ ਨਾਲ ਰੂਹਾਨੀ ਰੰਗ ਵਿੱਚ ਰੰਗਿਆ ਰਿਹਾ। ਇਸ ਪਾਵਨ ਮੌਕੇ ਚਰਨਜੀਤ ਸਿੰਘ ਸੇਖੋਂ, ਸੁਰਿੰਦਰ ਸਿੰਘ ਰੋਮਾਣਾ, ਦੀਪਇੰਦਰ ਸਿੰਘ ਸੇਖੋਂ, ਗੁਰਜਾਪ ਸਿੰਘ ਸੇਖੋਂ, ਰਾਜਪਾਲ ਕੌਰ ਸੇਖੋਂ, ਡਾ.ਗੁਰਇੰਦਰ ਮੋਹਨ ਸਿੰਘ, ਕੁਲਜੀਤ ਸਿੰਘ ਮੌਗੀਆਂ, ਅਤੇ ਨਰਿੰਦਰ ਪਾਲ ਸਿੰਘ ਬਰਾੜ ਸਮੇਤ ਹੋਰ ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਫਰੀਦਕੋਟ 'ਚ ਤਿੰਨ ਰੋਜ਼ਾ ਪਸ਼ੂਧਨ ਤੇ ਕਿਸਾਨ ਮੇਲੇ ਦੀ ਸ਼ੁਰੂਆਤ

ਫ਼ਰੀਦਕੋਟ 22 ਸਤੰਬਰ (ਸਤੀਸ਼ ਕੁਮਾਰ ਫਰੀਦਕੋਟ) ਬਾਬਾ ਸ਼ੇਖ਼ ਫ਼ਰੀਦ ਆਗਮਨ ਪੁਰਬ 2026 ਤਹਿਤ ਤਿੰਨ ਰੋਜ਼ਾ ਪਸ਼ੂਧਨ ਤੇ ਕਿਸਾਨ ਮੇਲਾ ਦਾ ਆਯੋਜਨ ਸਾਦਿਕ ਰੋਡ, ਦਾਣਾ ਮੰਡੀ, ਫ਼ਰੀਦਕੋਟ ਵਿਖੇ ਕੀਤਾ ਗਿਆ। ਜਿਸ ਵਿੱਚ ਹਲਕਾ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਅਤੇ ਵਿਧਾਇਕ ਜੈਤੋ ਅਮੋਲਕ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਕੱਠ ਨੂੰ ਸੰਬੋਧਨ ਹੁੰਦਿਆਂ ਵਿਧਾਇਕ ਸੇਖੋਂ ਨੇ ਕਿਹਾ ਕਿ ਪਸ਼ੂ ਪਾਲਣ ਧੰਦਾ ਬਹੁਤ ਹੀ ਫਾਇਦੇਮੰਦ ਧੰਦਾ ਹੈ ਅਤੇ ਕਿਸਾਨਾਂ ਅਤੇ ਖਾਸ ਕਰਕੇ ਨੌਜਵਾਨਾਂ ਨੂੰ ਇਸ ਕਿੱਤੇ ਨੂੰ ਵੱਧ ਤੋਂ ਵੱਧ ਅਪਨਾਉਣਾ ਚਾਹੀਦਾ ਹੈ।,ਇਸ ਮੌਕੇ ਐਸ.ਡੀ.ਐਮ ਕੋਟਕਪੂਰਾ ਰਜਿੰਦਰ ਸਿੰਘ, ਚੇਅਰਮੈਨ ਮਾਰਕਿਟ ਕਮੇਟੀ ਅਮਨਦੀਪ ਬਾਬਾ,ਡਾ.ਹਰਵੀਨ ਕੌਰ ਧਾਲੀਵਾਲ, ਜੁਆਇੰਟ ਡਾਇਰੈਕਟਰ ਪਸ਼ੂ ਪਾਲਣ, ਡਾ.ਜਸਵਿੰਦਰ ਸਿੰਘ, ਡਿਪਟੀ ਡਾਇਰੈਕਟਰ ਪਸ਼ੂ ਪਾਲਣ,ਡਾ.ਸੁਰਜੀਤ ਸਿੰਘ ਮੱਲ, ਸਹਾਇਕ ਡਾਇਰੈਕਟਰ, ਪਸ਼ੂ ਪਾਲਣ, ਡਾ.ਜਸਵਿੰਦਰ ਗਰਗ, ਸਹਾਇਕ ਡਾਇਰੈਕਟਰ,ਡਾ. ਹਿਮਾਂਸ਼ੂ ਸਿਆਲ, ਡਿਪਟੀ ਡਾਇਰੈਕਟਰ,ਡਾ.ਗੁਰਦਿੱਤ ਸਿੰਘ, ਡਿਪਟੀ ਡਾਇਰੈਕਟਰ, ਡਾ.ਕੇਵਲ ਅਰੋੜਾ, ਤਹਿਸੀਲਦਾਰ ਪਰਮਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

ਬਾਬਾ ਫ਼ਰੀਦ ਆਗਮਨ-ਪੁਰਬ ਤੇ ਕਥਾ-ਵਾਚਕ 'ਤੇ ਕੀਰਤਨੀ ਜੱਥੇ ਨੇ ਸੰਗਤਾਂ ਨੂੰ ਕੀਤਾ ਨਿਹਾਲ

ਫ਼ਰੀਦਕੋਟ 22 ਸਤੰਬਰ (ਸਤੀਸ਼ ਕੁਮਾਰ ਫਰੀਦਕੋਟ) ਬਾਬਾ ਫ਼ਰੀਦ ਜੀ ਦੇ ਆਗਮਨ-ਪੁਰਬ 2026 ਦੇ ਤੀਜੇ ਦਿਨ ਧਾਰਮਿਕ ਸਮਾਗਮਾਂ ਦੌਰਾਨ ਗੁਰਦੁਆਰਾ ਗੋਦੜੀ ਸਾਹਿਬ ਵਿਖੇ ਰੂਹਾਨੀਅਤ ਅਤੇ ਸ਼ਰਧਾ ਦਾ ਅਲੌਕਿਕ ਮਾਹੌਲ ਬਣਿਆ ਰਿਹਾ। ਬਾਬਾ ਫ਼ਰੀਦ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ, ਫ਼ਰੀਦਕੋਟ ਦੇ ਪ੍ਰਧਾਨ ਸਿਮਰਜੀਤ ਸਿੰਘ ਸੇਖੋਂ ਦੀ ਸੁਚੱਜੀ ਅਗਵਾਈ ਅਤੇ ਦੇਖ-ਰੇਖ ਹੇਠ ਕਰਵਾਏ ਗਏ ਇਸ ਪਾਵਨ ਸਮਾਗਮ ਵਿੱਚ ਕਥਾ-ਵਾਚਕ ਅਤੇ ਕੀਰਤਨੀ ਜੱਥੇ ਨੇ ਗੁਰਬਾਣੀ, ਗੁਰਮਤਿ ਵਿਚਾਰਾਂ ਅਤੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਉਪਰੰਤ ਪ੍ਰਿੰਸੀਪਲ ਚਰਨਜੀਤ ਸਿੰਘ, ਸਿੱਖ ਮਿਸ਼ਨਰੀ ਕਾਲਜ, ਸ੍ਰੀ ਅਨੰਦਪੁਰ ਸਾਹਿਬ ਨੇ ਆਪਣੇ ਰਸਭਿੰਨੇ ਅਤੇ ਰੂਹਾਨੀ ਕੀਰਤਨ ਰਾਹੀਂ ਸੰਗਤਾਂ ਨੂੰ ਗੁਰਬਾਣੀ ਦੇ ਰੰਗ ਵਿੱਚ ਰੰਗ ਦਿੱਤਾ। ਇਸ ਮੌਕੇ ਡਾ. ਸੁਲੇਨਾ, ਪ੍ਰੋਫੈਸਰ ਅਤੇ ਮੁਖੀ, ਨਿਊਰੋਲੋਜੀ ਵਿਭਾਗ, ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ, ਫ਼ਰੀਦਕੋਟ ਅਤੇ ਡਾ. ਪ੍ਰਦੀਪ ਗਰਗ, ਪ੍ਰੋਫੈਸਰ ਅਤੇ ਮੁਖੀ, ਰੇਡੀਏਸ਼ਨ ਓਨਕੋਲੋਜੀ ਵਿਭਾਗ, ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ, ਫ਼ਰੀਦਕੋਟ ਨੂੰ ਉਹਨਾਂ ਵੱਲੋਂ ਸਮਾਜ ਲਈ ਦਿੱਤੀਆਂ ਗਈਆਂ ਸੇਵਾਵਾਂ ਲਈ ਉਹਨਾਂ ਨੂੰ ਸਿਰੋਪਾਉ, ਦੁਸ਼ਾਲਾ, ਟਰਾਫੀ ਅਤੇ 51,000- 51,000 ਹਜ਼ਾਰ ਦੀ ਨਗਦ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਇਸੇ ਤਰਾਂ ਗੁਰਨੇਕ ਸਿੰਘ ਅਤੇ ਭੁਪਿੰਦਰ ਸਿੰਘ ਭਿੰਡਰਕਲਾਂ ਮੋਗਾ ਨੂੰ ਵੀ ਸਿਰੋਪਾਉ, ਦੁਸ਼ਾਲਾ, ਟਰਾਫੀ ਅਤੇ 21,000 ਹਜ਼ਾਰ ਦੀ ਨਕਦ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਇਸ ਪਾਵਨ ਮੌਕੇ ਰਜਿੰਦਰ ਸਿੰਘ ਜੀ ਐੱਸ. ਡੀ. ਐੱਮ., ਕੋਟਕਪੂਰਾ ਨੇ ਵ

ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਪਿੰਡ ਗੇਹਲੇ 'ਚ ਡੋਰ-ਟੂ-ਡੋਰ ਮੁਹਿੰਮ ਤਹਿਤ ਲੋਕਾਂ ਨੂੰ ਵੰਡੇ ਸਰਕਾਰ ਦੇ ਰਿਪੋਰਟ ਕਾਰਡ

ਸਰਦੂਲਗੜ੍ਹ, 22 ਸਤੰਬਰ, (ਕੁਲਵਿੰਦਰ ਕੜਵਲ) : ਵਿਧਾਨ ਸਭਾ ਹਲਕਾ ਸਰਦੂਲਗੜ੍ਹ ਦੇ ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਪਿੰਡ ਗੇਹਲੇ ਵਿੱਚ ਘਰ-ਘਰ ਜਾ ਕੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ। ਇਸ ਦੌਰਾਨ ਉਨ੍ਹਾਂ ਪੰਜਾਬ ਸਰਕਾਰ ਦੇ ਪਿਛਲੇ ਸਾਢੇ ਚਾਰ ਸਾਲਾਂ ਦੇ ਵਿਕਾਸ ਕਾਰਜਾਂ ਦਾ ਰਿਪੋਰਟ ਕਾਰਡ ਲੋਕਾਂ ਨੂੰ ਸੌਂਪਿਆ ਅਤੇ ਸਰਕਾਰ ਦੀਆਂ ਭਲਾਈ ਯੋਜਨਾਵਾਂ @ਤੇ ਚਰਚਾ ਕੀਤੀ। ਵਿਧਾਇਕ ਬਣਾਂਵਾਲੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਮ ਪਰਿਵਾਰਾਂ @ਤੇ ਪੈਣ ਵਾਲਾ ਆਰਥਿਕ ਬੋਝ ਘਟਾਉਣ ਨੂੰ ਪਹਿਲ ਦਿੱਤੀ ਹੈ। ਉਨ੍ਹਾਂ ਦੱਸਿਆ ਕਿ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ, ਬਿਹਤਰ ਸਿਹਤ ਸਹੂਲਤਾਂ ਅਤੇ ਸਿੱਖਿਆ ਦੇ ਸੁਧਾਰਾਂ ਨਾਲ ਹਰ ਪਰਿਵਾਰ ਨੂੰ ਵੱਡੀ ਰਾਹਤ ਮਿਲੀ ਹੈ। ਇਸ ਤੋਂ ਇਲਾਵਾ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਯੋਗ ਐਸ.ਸੀ. ਵਰਗ ਦੀਆਂ ਮਹਿਲਾਵਾਂ ਨੂੰ 1,500 ਰੁਪਏ ਅਤੇ ਹੋਰ ਯੋਗ ਵਰਗਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਮੁਫ਼ਤ ਬਿਜਲੀ, ਸਿਹਤ, ਸਿੱਖਿਆ ਅਤੇ ਵਿੱਤੀ ਸਹਾਇਤਾ ਰਾਹੀਂ ਇੱਕ ਔਸਤ ਪਰਿਵਾਰ ਨੂੰ ਸਾਲਾਨਾ ਲਗਭਗ 1.82 ਲੱਖ ਰੁਪਏ ਦਾ ਲਾਭ ਮਿਲ ਰਿਹਾ ਹੈ। ਕੁਦਰਤੀ ਸਰੋਤਾਂ ਦੀ ਸੰਭਾਲ ਲਈ ਕਿਸਾਨਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਅਤੇ ਧਰਤੀ ਹੇਠਲੇ ਪਾਣੀ @ਤੇ ਨਿਰਭਰਤਾ ਘਟਾਉਣ ਲਈ ਵੀ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ। ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਿਛਲੀਆਂ ਸਰਕਾਰਾਂ ਅਤੇ ਮੌਜੂਦਾ ਸਰਕਾਰ ਦਰਮਿਆਨ ਹੋਏ ਵਿਕਾਸ ਕਾਰਜਾਂ ਦੀ ਖੁਦ ਤੁਲਨਾ ਕਰਨ ਅਤੇ ਵਿਰੋਧੀ ਧਿਰਾਂ ਦੇ ਗੁਮਰਾਹਕੁੰਨ ਪ੍ਰਚਾਰ ਤੋਂ ਬਚਣ।

ਨਸ਼ਾ ਮੁਕਤ ਪੰਜਾਬ ਯਾਤਰਾ ਦਾ ਨਿੱਘਾ ਸਵਾਗਤ ਕਰਨ ਲਈ ਧਨੇੜਾ ਵਲੋਂ ਤਿਆਰੀਆ

ਸ੍ਰੀ ਅਨੰਦਪੁਰ ਸਾਹਿਬ 22 ਸਤੰਬਰ (ਦਮਨ ਅਰੋੜਾ) ਮੰਡਲ ਸ਼੍ਰੀ ਅਨੰਦਪੁਰ ਸਾਹਿਬ ਦੇ ਪਿੰਡ ਮਾਂਗੇਵਾਲ ਬਾਗ਼ ਵਿਖੇ ਦਲਜੀਤ ਸਿੰਘ ਮਾਂਗੇਵਾਲ ਜੀ ਦੀ ਅਗਵਾਈ ਵਿੱਚ ਭਾਜਪਾ ਵਰਕਰ ਦੀ ਮੀਟਿੰਗ ਬੁਲਾਈ ਗਈ। ਜਿਸ ਵਿਚ ਮੰਡਲ ਪ੍ਰਧਾਨ ਰਤਨ ਕੁਮਾਰ ਧਨੇੜਾ ਅਤੇ ਜਨਰਲ ਸਕੱਤਰ ਪਰਦੀਪ ਕੱਟਲਾ ਜੀ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਮੀਟਿੰਗ ਦਾ ਮੁੱਖ ਵਿਸ਼ਾ 24 ਤਰੀਕ ਨੂੰ ਹੋਣ ਵਾਲੀ ÷ਨਸ਼ਾ ਮੁਕਤ ਪੰਜਾਬ÷ ਯਾਤਰਾ ਸੀ। ਇਸ ਮੀਟਿੰਗ ਵਿੱਚ ਭਾਜਪਾ ਵਰਕਰਾਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਗਿਆ ਅਤੇ ਯਾਤਰਾ ਨੂੰ ਕਾਮਯਾਬ ਬਣਾਉਣ ਲਈ ਭਾਗੀ ਇਕੱਠ ਕੀਤਾ ਜਾਵੇਗਾ ਇਸ ਲਈ ਵਿਉਂਤ ਬਣਾਈ ਗਈ। ਇਸ ਮੀਟਿੰਗ ਵਿੱਚ ਸਾਬਕਾ ਸਰਪੰਚ ਮਨਜੀਤ ਕੌਰ,ਗੁਰਮੇਲ ਸਿੰਘ,ਸੁੰਨੀ ਜੈਲਦਾਰ,ਯੋਧਾ ਬਣੀ, ਆਰਯਨ ਬਾਗ਼ ,ਕੁਲਦੀਪ ਕੌਰ,ਨਿਰਮਲ ਕੌਰ,ਜਸਵੀਰ ਕੌਰ,ਕੁਲਜਿੰਦਰ ਕੌਰ,ਕੁਲਵੰਤ ਕੌਰ, ਰਚਨ ਕੌਰ,ਸਰਬਜੀਤ ਕੌਰ, ਕੁਲਚੈਨ ਕੌਰ,ਮੰਜੂ ਕੁਮਾਰੀ,ਜਰਮਨ ਸਿੰਘ,ਦਰਸ਼ਨ ਸਿੰਘ ਜੀ ਅਤੇ ਭਾਰੀ ਗਿਣਤੀ ਵਿੱਚ ਭਾਜਪਾ ਵਰਕਰ ਮੌਜੂਦ ਰਹੇ। ਸਭ ਨੇ ਨਸ਼ੇ ਨੂੰ ਜੜ੍ਹੋਂ ਖਤਮ ਕਰਨ ਲਈ ਭਾਜਪਾ ਵੱਲੋਂ ਕੀਤੀ ਜਾ ਰਹੀ ÷ਨਸ਼ਾ ਮੁਕਤ ਪੰਜਾਬ ਯਾਤਰਾ÷ ਦਾ ਨਿੱਘਾ ਸਵਾਗਤ ਕਰਨ ਲਈ ਤਿਆਰੀ ਸਬੰਧੀ ਰਣਨੀਤੀ ਬਣਾਈ ਅਤੇ ਨਸ਼ੇ ਨੂੰ ਜੜ੍ਹੋਂ ਖਤਮ ਕਰਨ ਦਾ ਨਾਅਰਾ ਦਿੱਤਾ।

ਨੇਤਰਦਾਨੀ ਸਵ: ਸਚਿਨ ਮਲਾਣਾ ਚੀਨੀ (ਬੀ-ਟੈਕ) ਦੀ ਮਿੱਠੀ ਯਾਦ ਵਿੱਚ ਸਦਭਾਵਨਾ ਮੈਡੀਕਲ ਕੈਂਪ ਅੱਜ



ਮੂਨਕ 22 ਸਤੰਬਰ ਪ੍ਰਤਾਪ (ਸਿੰਘ ਖੁਰਾਣਾ) ਨੇਤਰਦਾਨੀ ਸਵਰਗਵਾਸੀ ਸਚਿਨ ਮਲਾਣਾ ਚੀਨੀ (ਬੀ-ਟੈਕ) ਸਪੁੱਤਰ ਡਾਕਟਰ ਮਹਾਂਵੀਰ ਪ੍ਰਸ਼ਾਦ (ਰਾਮਪੁਰੇ ਵਾਲੇ) ਦੀ 13ਵੀਂ ਬਰਸੀ ਤੇ, ਉਹਨਾਂ ਦੀ ਮਿੱਠੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਮੈਡੀਕਲ ਸਦਭਾਵਨਾ ਕੈਂਪ @ਜਨਰਲ ਮੈਡੀਕਲ, ਅੱਖਾਂ ਦੇ ਅਪਰੇਸ਼ਨ ਅਤੇ ਖੂਨ ਦਾਨ ਕੈਂਪ@ ਮਿੱਤੀ 23/9/2026 ਦਿਨ ਬੁੱਧਵਾਰ ਸਮਾਂ ਸਵੇਰੇ 10 ਵਜੇ ਤੋਂ 1 ਵਜੇ ਤੱਕ ਅਗਰਵਾਲ ਧਰਮਸ਼ਾਲਾ ਮੇਨ ਬਾਜ਼ਾਰ ਮੂਨਕ ਵਿਖੇ ਲਾਇਆ ਜਾ ਰਿਹਾ ਹੈ ਡਾਕਟਰੀ ਟੀਮਾਂ ਸਾਂਝ ਚੈਰੀਟੇਬਲ ਅੱਖਾਂ ਦਾ ਹਸਪਤਾਲ ਅਤੇ ਅਮਰ ਹਸਪਤਾਲ ਪਟਿਆਲਾ ਦੇ ਡਾਕਟਰ ਸੇਵਾਵ ਇਸ ਕੈਂਪ ਵਿੱਚ ਡਾਕਟਰ ਆਦੇਸ਼ ਗੌਇਲ ਕਾਲਾ ਪੀਲੀਆ, ਪੱਥਰੀ, ਦਿਲ ਛਾਤੀ ਗੁਰਦੇ ਅਤੇ ਸ਼ੂਗਰ ਦੇ ਰੋਗਾਂ ਦੇ ਮਾਹਰ, ਡਾਕਟਰ ਵਿਵੇਕ ਸਿੰਗਲਾ ਹਰ ਤਰ੍ਹਾਂ ਦੇ ਦਿਲ ਦੇ ਰੋਗਾਂ ਦੇ ਮਾਹਰ, ਡਾਕਟਰ ਚੇਤਨ ਸਿੰਗਲਾ, ਪਲਾਸਟਿਕ ਸਰਜਰੀ ਰੋਗਾਂ ਦੇ ਮਾਹਰ, ਡਾਕਟਰ ਪ੍ਰੀਆ ਅਗਰਵਾਲ ਹਾਂਡਾ, ਸ਼ੂਗਰ ਰੋਗਾਂ ਦੇ ਮਾਹਰ, ਡਾਕਟਰ ਅਭਿਸ਼ੇਕ ਹਾਂਡਾ ਅੱਖਾਂ ਦੇ ਮਾਹਰ, ਡਾਕਟਰ ਕਮਲਦੀਪ, ਹੀਪਿੰਗ ਹੈਂਡ ਹੈਲਥ ਕੇਅਰ ਸੈਂਟਰ ਟੋਹਾਣੇ ਵਾਲੇ, ਡਾਕਟਰ ਗੀਤੀਕਾ ਸਿੰਗਲਾ, ਦੰਦਾਂ ਦੇ ਮਾਹਰ ਇਸ ਕੈਂਪ ਵਿੱਚ ਆਪਣੀਆਂ ਸੇਵਾਵਾਂ ਦੇਣਗੇ ਇਸ ਕੈਂਪ ਵਿੱਚ ਅੰਗਹੀਣਾਂ ਨੂੰ ਵੀਲ-ਚੇਅਰ, ਟਰਾਈ ਸਾਈਕਲ ਆਦਿ ਫਰੀ ਦਿੱਤੀਆਂ ਜਾਣਗੀਆਂ ਅਤੇ ਇਸ ਤੋਂ ਇਲਾਵਾ ਮੁਫਤ ਮੈਡੀਕਲ ਲੈਬ ਟੈਸਟ ਜਿਵੇਂ ਕਿ ਸ਼ੂਗਰ, ਈ ਸੀ ਜੀ, ਸੀ ਬੀ ਸੀ, ਪਿਸ਼ਾਬ, ਮਲੇਰੀਆ, ਡੇਂਗੂ, ਟਰਾਈਫਾਈਡ,ਕੈਲਸ਼ੀਅਮ (ਬੀਐਮਡੀ) ਆਦਿ ਮੁਫਤ ਕੀਤੇ ਗਿਆ ਜਾਣਗੇ ਇਸ ਤੋਂ ਇਲਾਵਾ ਦਵਾਈਆਂ ਵੀ ਫਰੀ ਦਿੱਤੀਆਂ ਜਾਣਗੀਆਂ

ਪ੍ਰਾਚੀਨ ਸ੍ਰੀ ਸ਼ਿਵਾਲਾ ਬ੍ਰਹਮਚਾਰੀ ਮੰਦਿਰ ਸ੍ਰੀ ਮਾਛੀਵਾੜਾ ਸਾਹਿਬ ਵਿੱਖੇ ਮਹਾਂਕਾਲ ਦੀ ਮਹਾਂਆਰਤੀ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂ ਸ਼ਾਮਲ ਹੋਏ



ਸ੍ਰੀ ਮਾਛੀਵਾੜਾ ਸਾਹਿਬ :– ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ – ਸਥਾਨਕ ਰੋਪੜ ਰੋਡ ਤੇ ਸਥਿਤ ਇਤਿਹਾਸਕ ਤੇ ਪ੍ਰਾਚੀਨ ਸ੍ਰੀ ਸ਼ਿਵਾਲਾ ਬ੍ਰਹਮਚਾਰੀ ਮੰਦਿਰ ਸ੍ਰੀ ਮਾਛੀਵਾੜਾ ਸਾਹਿਬ ਵਿੱਖੇ ਗਣੇਸ਼ ਉਤਸਵ ਬਹੁਤ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ ਸੋਮਵਾਰ ਨੂੰ ਸ੍ਰੀ ਸ਼ਿਵਾਲਾ ਬ੍ਰਹਮਚਾਰੀ ਮੰਦਿਰ ਵਿੱਚ ਸਥਿਤ ਪ੍ਰਾਚੀਨ ਸ਼ਿਵਲਿੰਗ ਨੂੰ ਮਹਾਂਕਾਲ ਦਾ ਰੂਪ ਦੇ ਕੇ ਮਹਾਂਆਰਤੀ ਕੀਤੀ ਗਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂ ਸ਼ਾਮਲ ਹੋਏ ਇਸ ਸਬੰਧੀ ਗੱਲਬਾਤ ਕਰਦਿਆਂ ਮੰਦਿਰ ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਲੁਧਿਆਣਾ ਤੋਂ ਸ੍ਰੀ ਤਪਕੇਸ਼ਵਰ ਮਹਾਂਕਾਲ ਮਹਾਂਆਰਤੀ ਕਰਨ ਵਾਲੇ ਵਿਸ਼ੇਸ਼ ਤੌਰ ਤੇ ਪੁੱਜੇ ਜਿਨ੍ਹਾਂ ਪਹਿਲਾਂ ਭਗਵਾਨ ਸ਼ਿਵ ਜੀ ਮਹਾਰਾਜ ਦੀ ਪੂਜਾ ਅਰਚਨਾ ਕੀਤੀ ਤੇ ਫੇਰ ਕੰਜਕਾਂ ਤੋਂ 108 ਜੋਤਾਂ ਜਗਵਾਈਆਂ ਗਈਆਂ ਸ਼ਿਵ ਭਗਤਾਂ ਨੇ ਜੋਤਾਂ ਨਾਲ ਤੇ ਢੋਲ ਨਗਾੜਿਆ ਨਾਲ ਭਗਵਾਨ ਸ਼ਿਵ ਜੀ ਮਹਾਰਾਜ ਦੀ ਆਰਤੀ ਕੀਤੀ ਜਿਸ ਨਾਲ ਸਾਰਾ ਸ਼ਹਿਰ ਸ਼ਿਵ ਭਗਤੀ ਵਿੱਚ ਰੰਗਿਆ ਗਿਆ ਵੱਡੀ ਗਿਣਤੀ ਵਿੱਚ ਪੁੱਜੇ ਮਹਾਂਕਾਲ ਦੇ ਸ਼ਰਧਾਲੂਆਂ ਨੇ ਹਰ ਹਰ ਮਹਾਂਦੇਵ ਦੇ ਅਕਾਸ਼ ਗੁੰਜਾਊ ਨਾਅਰਿਆ ਨਾਲ ਇਸ ਮਹਾਂਆਰਤੀ ਦਾ ਆਨੰਦ ਲਿਆ ਤੇ ਭਗਵਾਨ ਸ਼ਿਵ ਜੀ ਮਹਾਰਾਜ ਦਾ ਅਸ਼ੀਰਵਾਦ ਪ੍ਰਾਪਤ ਕੀਤਾ ਇਸ ਮਹਾਂਆਰਤੀ ਵਿੱਚ ਪ੍ਰਬੰਧਕ ਕਮੇਟੀ ਦੇ ਸਾਰੇ ਅਹੁਦੇਦਾਰ ਤੇ ਮੈਂਬਰਾਂ ਤੋਂ ਇਲਾਵਾ ਸਰਵਹਿੱਤਕਾਰੀ ਸਭਾ ਸ੍ਰੀ ਰਾਮ ਲੀਲਾ ਕਮੇਟੀ ਦੇ ਪ੍ਰਧਾਨ ਅਸ਼ੋਕ ਸੂਦ,ਸਾਬਕਾ ਬਲਾਕ ਕਾਂਗਰਸ ਪ੍ਰਧਾਨ ਸੁਰਿੰਦਰ ਕੁੰਦਰਾ,ਕਾਂਗਰਸ ਦੇ ਜ਼ਿਲ੍ਹਾ ਉਪ ਪ੍ਰਧਾਨ ਜੇ ਪੀ ਮੱਕੜ,ਡਾ ਸੁਨੀਲ ਦੱਤ, ਡਾ ਸੰਜੀਵ ਅਗਰਵਾਲ,ਸੰਜੇ ਜੈਨ, ਸਤੀਸ਼ ਮਿੱਤਲ, ਚੇਤਨ ਕੁਮਾਰ,ਵਿੱਕੀ ਕਪੂਰ ਤੇ ਵੱਡੀ ਗਿਣਤੀ ਵਿੱਚ ਸ਼ਹਿਰ ਦੇ ਪਤਵੰਤੇ ਸੱਜਣ ਹਾਜਰ ਸਨ।

ਚੇਅਰਮੈਨ ਬਲਜਿੰਦਰ ਢਿੱਲੋਂ ਸ੍ਰੀ ਵਿਪਨ ਕੁਮਾਰ ਜੀ ਦੇ ਅਕਾਲ ਚਲਾਣੇ 'ਤੇ ਪਰਿਵਾਰ ਨਾਲ ਦੁਖ ਸਾਂਝਾ

ਪਟਿਆਲਾ: 22 ਸਤੰਬਰ (ਰਾਜਿੰਦਰ ਸਿੰਘ ਥਿੰਦ) ਬੀਤੇ ਦਿਨੀਂ ਸ੍ਰੀ ਵਿਪਨ ਕੁਮਾਰ ਜੋ ਕਿ ਪੱਤਰਕਾਰ ਜਗਸੀਰ ਸਿੰਘ ਜੱਗੀ ਦੇ ਸਾਲੇ ਸਹਿਬ ਦੇ ਅਕਾਲ ਚਲਾਣਾ ਕਰ ਗਏ ਸਨ ਅੱਜ ਕਾਲੀ ਮਾਤਾ ਮੰਦਰ ਵਿਖੇ ਉਹਨਾ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਗੁਰੂ ਪੁਰਾਣ ਜੀ ਦੇ ਪਾਠ ਸਾਹਿਬ ਮੌਕੇ ਨਤਮਸਤਕ ਹੋ ਕੇ ਪਰਿਵਾਰ ਨਾਲ ਦੁਖ ਸਾਂਝਾ ਕੀਤਾ ਇਸ ਮੌਕੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਪਰਿਵਾਰ ਨਾਲ ਡੂੰਘੀ ਹਮਦਰਦੀ ਸਾਂਝੀ ਕਰਦਿਆਂ ਕਿਹਾ ਕਿ ਕਿਸੇ ਆਪਣੇ ਦੇ ਵਿਛੋੜੇ ਦਾ ਦੁੱਖ ਸ਼ਬਦਾਂ ਵਿੱਚ ਬਿਆਨ ਨਹੀਂ ਕੀਤਾ ਜਾ ਸਕਦਾ । ਇਸ ਔਖੀ ਘੜੀ ਵਿੱਚ ਸਮੂਹ ਪਰਿਵਾਰ ਨਾਲ ਦੁੱਖ ਸਾਂਝਾ ਕਰਦੇ ਹੋਏ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਪਰਿਵਾਰਕ ਮੈਂਬਰਾਂ ਨੂੰ ਇਹ ਅਸਹਿ ਦੁੱਖ ਸਹਿਣ ਦਾ ਬਲ ਬਖ਼ਸ਼ਣ । ਅੰਤ ਵਿੱਚ ਅਰਦਾਸ ਕੀਤੀ ਕਿ ਵਾਹਿਗੁਰੂ ਜੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰਕ ਮੈਂਬਰਾਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ । ਇਸ ਦੁੱਖ ਦੀ ਘੜੀ ਵਿੱਚ ਅਸੀਂ ਪਰਿਵਾਰ ਦੇ ਨਾਲ ਖੜ੍ਹੇ ਹਾਂ ਅਤੇ ਵਿਛੜੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕਰਦੇ ਹਾਂ। ਇਸ ਮੌਕੇ ਲਖਵਿੰਦਰ ਸਿੰਘ ਲੋਕ ਸਭਾ ਆਫਿਸ ਇੰਚਾਰਜ, ਗੱਜਣ ਸਿੰਘ ਜ਼ਿਲ੍ਹਾ ਮੀਡੀਆ ਸਕੱਤਰ, ਸੁਰਜੀਤ ਸਿੰਘ ਪਹਾੜੀਪੁਰ, ਮਦਨ ਮੋਹਨ ਜੁਲਕਾਂ, ਅੰਕੁਸ਼, ਰਜਿੰਦਰ ਸਿੰਘ ਗਿੱਲ, ਹਰਜੀਤ ਸਿੰਘ ਅਤੇ ਰਾਜ ਕੁਮਾਰ ਮਿਠਾਰੀਆ ਸਮੇਤ ਹੋਰ ਸਾਥੀਆਂ ਨੇ ਵੀ ਕਾਲੀ ਮਾਤਾ ਮੰਦਰ ਵਿਖੇ ਮੱਥਾ ਟੇਕ ਕੇ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

ਨਨਕਾਣਾ ਸਾਹਿਬ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਫਤਿਹਗੜ੍ਹ ਜੱਟਾਂ ਵਿਖੇ 'ਚਾਈਲਡ ਸਾਈਕੋਲੋਜੀ' ਸਬੰਧੀ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ

ਸ੍ਰੀ ਮਾਛੀਵਾੜਾ ਸਾਹਿਬ:– ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ –ਨਨਕਾਣਾ ਸਾਹਿਬ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਫਤਿਹਗੜ੍ਹ ਜੱਟਾਂ ਵਿਖੇ ਅਧਿਆਪਕਾਂ ਨੂੰ ਬੱਚਿਆਂ ਦੀ ਮਨੋਵਿਗਿਆਨਕ ਸਮਝ ਪ੍ਰਦਾਨ ਕਰਨ ਦੇ ਉਦੇਸ਼ ਨਾਲ ÒChild PsychologyÓ (ਬਾਲ ਮਨੋਵਿਗਿਆਨ) ਵਿਸ਼ੇ 'ਤੇ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ Child Psychologist ਮੈਡਮ ਹਰਜੀਤ ਕੌਰ, M.A., M.Ed. ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਅਧਿਆਪਕਾਂ ਨਾਲ ਬੱਚਿਆਂ ਦੇ ਵਿਵਹਾਰ, ਭਾਵਨਾਵਾਂ ਅਤੇ ਮਾਨਸਿਕ ਵਿਕਾਸ ਸਬੰਧੀ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ।ਮੈਡਮ ਹਰਜੀਤ ਕੌਰ ਨੇ ਦੱਸਿਆ ਕਿ ਬੱਚੇ ਦੇ ਸਰਵਪੱਖੀ ਵਿਕਾਸ ਵਿੱਚ ਮਾਪਿਆਂ ਅਤੇ ਅਧਿਆਪਕਾਂ ਦਾ ਵਿਵਹਾਰ ਬਹੁਤ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਬੱਚਿਆਂ ਨਾਲ ਗੱਲਬਾਤ ਕਰਦੇ ਸਮੇਂ ਉਨ੍ਹਾਂ ਨੂੰ ਧਿਆਨ ਨਾਲ ਸੁਣਨਾ, ਉਨ੍ਹਾਂ ਦੀਆਂ ਭਾਵਨਾਵਾਂ ਨੂੰ ਸਮਝਣਾ, ਪਿਆਰ ਅਤੇ ਸਤਿਕਾਰ ਨਾਲ ਪੇਸ਼ ਆਉਣਾ ਅਤੇ ਹਰ ਗੱਲ 'ਤੇ ਡਾਂਟਣ ਜਾਂ ਦੂਜਿਆਂ ਨਾਲ ਤੁਲਨਾ ਕਰਨ ਦੀ ਬਜਾਏ ਉਨ੍ਹਾਂ ਨੂੰ

ਪਿਆਰ ਨਾਲ ਸਮਝਾਉਣਾ ਜ਼ਰੂਰੀ ਹੈ।ਉਨ੍ਹਾਂ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਦਾਦਾ-ਦਾਦੀ, ਮਾਤਾ-ਪਿਤਾ ਅਤੇ ਪਰਿਵਾਰ ਦੇ ਹੋਰ ਮੈਂਬਰਾਂ ਦਾ ਬੱਚਿਆਂ ਨਾਲ ਪਿਆਰ ਭਰਿਆ ਅਤੇ ਸਹਿਯੋਗੀ ਵਿਵਹਾਰ ਬੱਚਿਆਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਦਾ ਹੈ। ਪਰਿਵਾਰ ਵਿੱਚ ਆਪਸੀ ਸਤਿਕਾਰ, ਪਿਆਰ ਅਤੇ ਚੰਗੇ ਸੰਚਾਰ ਦਾ ਮਾਹੌਲ ਬੱਚਿਆਂ ਦੀ ਸ਼ਖ਼ਸੀਅਤ ਦੇ ਨਿਰਮਾਣ ਵਿੱਚ ਸਹਾਇਕ ਹੁੰਦਾ ਹੈ।
ਸੈਮੀਨਾਰ ਦੌਰਾਨ ਮੋਬਾਈਲ ਅਤੇ ਸਕਰੀਨ ਦੀ ਆਦਤ, ਪੜ੍ਹਾਈ ਵਿੱਚ ਇਕਾਗਰਤਾ, ਬੱਚਿਆਂ ਦੀ ਪ੍ਰੇਰਣਾ, ਭਾਵਨਾਤਮਕ ਸਮਝ, ਗੁੱਸੇ ਅਤੇ ਵਿਵਹਾਰ ਦਾ ਪ੍ਰਬੰਧਨ ਅਤੇ ਮਾਪਿਆਂ-ਬੱਚਿਆਂ ਵਿਚਕਾਰ ਪ੍ਰਭਾਵਸ਼ਾਲੀ ਸੰਚਾਰ ਵਰਗੇ ਮਹੱਤਵਪੂਰਨ ਪਹਿਲੂਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਅਧਿਆਪਕਾਂ ਨੇ ਸੈਮੀਨਾਰ ਵਿੱਚ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੇ ਸਵਾਲ ਵੀ ਸਾਂਝੇ ਕੀਤੇ। ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਮੈਡਮ ਦੀਪਾਲੀ ਜੀ ਵੱਲੋਂ ਮੈਡਮ ਹਰਜੀਤ ਕੌਰ ਜੀ ਦਾ ਧੰਨਵਾਦ ਕੀਤਾ ਗਿਆ। ਇਹ ਸੈਮੀਨਾਰ ਅਧਿਆਪਕਾਂ ਲਈ ਗਿਆਨਵਰਧਕ ਅਤੇ ਲਾਭਦਾਇਕ ਰਿਹਾ ਅਤੇ ਬੱਚਿਆਂ ਨੂੰ ਬਿਹਤਰ ਢੰਗ ਨਾਲ ਸਮਝਣ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਸਹੀ ਮਾਹੌਲ ਸਿਰਜਣ ਵਿੱਚ ਸਹਾਇਕ ਸਾਬਤ ਹੋਇਆ।

ਲਾਇਨਜ਼ ਕਲੱਬ ਸ੍ਰੀ ਅਨੰਦਪੁਰ ਸਾਹਿਬ ਵੱਲੋਂ 37ਵਾਂ ਖ਼ੂਨਦਾਨ ਕੈਂਪ, 68 ਯੂਨਿਟ ਖ਼ੂਨ ਇਕੱਤਰ

ਸ੍ਰੀ ਅਨੰਦਪੁਰ ਸਾਹਿਬ: 22 ਸਤੰਬਰ (ਦਮਨ ਅਰੋੜਾ) ਲਾਇਨਜ਼ ਕਲੱਬ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਸਮਾਜ ਸੇਵਾ ਦੀ ਲੜੀ ਨੂੰ ਅੱਗੇ ਤੋਰਦਿਆਂ 37ਵਾਂ ਖ਼ੂਨਦਾਨ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਬਖਤਾਵਰ ਸਿੰਘ ਰਾਣਾ ਦੀ ਅਗਵਾਈ ਵਿਚ ਸਰਕਾਰੀ ਹਸਪਤਾਲ

ਇੱਕ ਨਜ਼ਰ...

'ਮਾਨ ਦੇ ਮੁਨਾਫ਼ੇ' ਘਰ-ਘਰ ਪਹੁੰਚਾਉਣ ਲਈ ਹੜਾਣਾ ਨੇ ਪਿੰਡ ਦੌਣ ਖ਼ੁਰਦ ਤੋਂ ਵਿੱਢੀ ਮੁਹਿੰਮ

ਸਨੌਰ, 22 ਸਤੰਬਰ (ਰਾਜਿੰਦਰ ਸਿੰਘ ਥਿੰਦ) : ਮਾਨ ਸਰਕਾਰ ਦੀਆਂ ਇਤਿਹਾਸਕ ਲੋਕ-ਭਲਾਈ ਗਰੰਟੀਆਂ ਨੂੰ ਘਰ-ਘਰ ਪਹੁੰਚਾਉਣ ਲਈ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹੜਾਣਾ ਨੇ ਸਾਥੀਆਂ ਸਮੇਤ ਪਿੰਡ ਦੌਣ ਖ਼ੁਰਦ ਤੋਂ ਵਿਸ਼ੇਸ਼ ਡੋਰ-ਟੂ-ਡੋਰ ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਦੌਰਾਨ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਪਿੰਡ ਦੇ ਪਤਵੰਤੇ ਸੱਜਣ ਮੌਜੂਦ ਰਹੇ। ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਹੈਪੀ ਪਹਾੜੀਪੁਰ ਅਤੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਘੁਮਾਣ ਅਤੇ ਹੋਰ ਆਪ ਅਹੁਦੇਦਾਰ ਵਿਸ਼ੇਸ਼ ਤੌਰ ਤੇ ਮੌਜੂਦ ਸਨ। ਡੋਰ-ਟੂ-ਡੋਰ ਦੌਰੇ ਦੌਰਾਨ ਪਿੰਡ ਵਾਸੀਆਂ ਨਾਲ ਸਿੱਧਾ ਰਾਬਤਾ ਕਾਇਮ ਕਰਦਿਆਂ ਰਣਜੋਧ ਸਿੰਘ ਹੜਾਣਾ ਨੇ ਦੱਸਿਆ ਕਿ ਮਾਨ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਸਦਕਾ ਅੱਜ ਪੰਜਾਬ ਦੇ ਹਰੇਕ ਆਮ ਪਰਿਵਾਰ ਨੂੰ ਸਾਲਾਨਾ ਲਗਭਗ 1,82,000 ਤੋਂ ਵੀ ਵੱਧ ਦਾ ਸਿੱਧਾ ਮੁਨਾਫ਼ਾ ਹੋ ਰਿਹਾ ਹੈ। ਪੰਜਾਬ ਸਰਕਾਰ ਦਾ ਅਸਲ ਮਕਸਦ ਸੱਤਾ ਦਾ ਨਿੱਘ ਮਾਨਣਾ ਨਹੀਂ, ਸਗੋਂ ਪਿੰਡਾਂ ਦੀ ਗ਼ਰੀਬੀ, ਬੇਵਸੀ ਅਤੇ ਲਾਚਾਰੀ ਨੂੰ ਦੂਰ ਕਰਕੇ ਆਮ ਇਨਸਾਨ ਦੇ ਚਿਹਰੇ 'ਤੇ ਮੁਸਕਾਨ ਲਿਆਉਣਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਜੀਤ ਸਿੰਘ ਬਲਾਕ ਪ੍ਰਧਾਨ, ਗੁਰਪ੍ਰੀਤ ਸਿੰਘ ਬਲਾਕ ਇੰਚਾਰਜ, ਗੁਰਜੰਟ ਸਿੰਘ ਸੰਮਤੀ ਮੈਂਬਰ, ਗੁਰਦੇਵ ਸਿੰਘ ਵਿਰਕ, ਮਨਜਿੰਦਰ ਸਿੰਘ ਬਲਾਕ ਪ੍ਰਧਾਨ, ਗੁਰਵਿੰਦਰ ਸਿੰਘ ਸਰਪੰਚ ਅਤੇ ਹੋਰ ਕਈ ਪਿੰਡ ਵਾਸੀ ਵਿਸ਼ੇਸ਼ ਤੌਰ ਤੇ ਮੌਜੂਦ ਸਨ।

ਸ਼੍ਰੀ ਰਾਮ ਲੀਲਾ ਕਮੇਟੀ ਦੇ ਪ੍ਰਧਾਨ ਅਜੇ ਸਿੰਗਲਾ ਨੂੰ ਡੂੰਘਾ ਸਦਮਾ ਪਤਨੀ ਦਾ ਦੇਹਾਂਤ

ਛਤਹਿਗੜ੍ਹ ਸਾਹਿਬ, 22 ਸਤੰਬਰ (ਅਭਿਸ਼ੇਕ ਮਲਹੋਤਰਾ) : ਸ਼੍ਰੀ ਰਾਮ ਲੀਲਾ ਕਮੇਟੀ ਬੱਸੀ ਪਠਾਣਾਂ ਦੇ ਪ੍ਰਧਾਨ ਅਜੇ ਸਿੰਗਲਾ ਨੂੰ ਉਸ ਸਮੇਂ ਗਹਿਰਾ ਅਤੇ ਨਾ ਪੂਰਾ ਹੋਣ ਵਾਲਾ ਸਦਮਾ ਲੱਗਾ, ਜਦੋਂ ਉਨ੍ਹਾਂ ਦੀ ਧਰਮਪਤਨੀ ਸ੍ਰੀਮਤੀ ਅੰਜੂ ਸਿੰਗਲਾ ਦਾ 56 ਸਾਲ ਦੀ ਉਮਰ ਵਿੱਚ ਦੇਹਾਂਤ ਹੋ ਗਿਆ। ਉਨ੍ਹਾਂ ਦੇ ਵਿਛੋੜੇ ਦੀ ਖ਼ਬਰ ਫੈਲਦਿਆਂ ਹੀ ਬੱਸੀ ਪਠਾਣਾਂ ਅਤੇ ਆਸ-ਪਾਸ ਦੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਦੱਸਿਆ ਗਿਆ ਹੈ ਕਿ ਅੰਜੂ ਸਿੰਗਲਾ ਪਿਛਲੇ ਕੁਝ ਦਿਨਾਂ ਤੋਂ ਮੋਹਾਲੀ ਦੇ ਇੱਕ ਨਿੱਜੀ ਹਸਪਤਾਲ ਵਿੱਚ ਇਲਾਜ ਅਧੀਨ ਸਨ, ਜਿੱਥੇ ਉਨ੍ਹਾਂ ਨੇ ਆਖਰੀ ਸਾਹ ਲਿਆ। ਉਨ੍ਹਾਂ ਦੇ ਅਚਾਨਕ ਵਿਛੋੜੇ ਨੇ ਪਰਿਵਾਰ, ਰਿਸ਼ਤੇਦਾਰਾਂ, ਸਨੇਹੀਆਂ ਅਤੇ ਜਾਣ-ਪਛਾਣ ਵਾਲਿਆਂ ਨੂੰ ਡੂੰਘੇ ਦੁੱਖ ਵਿੱਚ ਡੁਬੋ ਦਿੱਤਾ ਹੈ। ਅੰਜੂ ਸਿੰਗਲਾ ਦੇ ਦੇਹਾਂਤ 'ਤੇ ਇਲਾਕੇ ਦੀਆਂ ਰਾਜਨੀਤਿਕ, ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਆਗੂਆਂ, ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਅਤੇ ਸ਼ਹਿਰ ਵਾਸੀਆਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਅਜੇ ਸਿੰਗਲਾ ਅਤੇ ਪਰਿਵਾਰ ਨਾਲ ਹਮਦਰਦੀ ਜਤਾਈ। ਉਨ੍ਹਾਂ ਵਿਛੜੀ ਆਤਮਾ ਦੀ ਸ਼ਾਂਤੀ ਅਤੇ ਦੁਖੀ ਪਰਿਵਾਰ ਨੂੰ ਇਹ ਅਸਹਿ ਦੁੱਖ ਸਹਿਣ ਦੀ ਸ਼ਕਤੀ ਦੇਣ ਲਈ ਪਰਮਾਤਮਾ ਅੱਗੇ ਅਰਦਾਸ ਕੀਤੀ। ਅੰਜੂ ਸਿੰਗਲਾ ਦਾ ਵਿਛੋੜਾ ਪਰਿਵਾਰ ਲਈ ਹੀ ਨਹੀਂ, ਸਗੋਂ ਉਨ੍ਹਾਂ ਨਾਲ ਜੁੜੇ ਹਰ ਵਿਅਕਤੀ ਲਈ ਇੱਕ ਭਾਵੁਕ ਅਤੇ ਕਦੇ ਨਾ ਭੁੱਲਣ ਵਾਲਾ ਪਲ ਬਣ ਗਿਆ ਹੈ।

ਬਾਬਾ ਪ੍ਰੀਤਮ ਸਿੰਘ ਤਿਆਗੀ ਦੀ 17ਵੀਂ ਬਰਸੀ ਸਬੰਧੀ ਸਮਾਗਮ 25 ਸਤੰਬਰ ਤੋਂ ਆਰੰਭ

ਲੌਂਗੋਵਾਲ, 22 ਸਤੰਬਰ (ਰਵੀ ਗਰਗ) : ਬਾਬਾ ਪ੍ਰੀਤਮ ਸਿੰਘ ਤਿਆਗੀ ਜੀ ਦੀ 17ਵੀਂ ਬਰਸੀ ਅਤੇ ਸ਼ਹੀਦੀ ਸਮਾਗਮ 25 ਤੋਂ 27 ਸਤੰਬਰ ਨੂੰ ਬੜਬਰ ਰੋਡ ਲੌਂਗੋਵਾਲ ਦੇ ਗੁਰਦੁਆਰਾ ਸਾਹਿਬ ਵਿਖੇ ਮਨਾਏ ਜਾ ਰਹੇ ਹਨ। ਇਸ ਸਬੰਧੀ ਗੱਲਬਾਤ ਕਰਦੇ ਆਂ ਗੁਰਦੁਆਰਾ ਪਾਤਸ਼ਾਹੀ ਨੌਵੀਂ ਪਿੰਡ ਭਾਈ ਕੀ ਸਮਾਧ ਬੜਬਰ ਰੋਡ ਦੇ ਮੁੱਖ ਸੇਵਾਦਾਰ ਬਾਬਾ ਕੁਲਵੰਤ ਸਿੰਘ ਕੰਤੀ ਨੇ ਦੱਸਿਆ ਕਿ ਇਸ ਸਮਾਗਮ ਦੌਰਾਨ 25 ਸਤੰਬਰ ਦਿਨ ਸ਼ੁਕਰਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਹੋਵੇਗਾ 26 ਸਤੰਬਰ ਨੂੰ ਦੇਣਾ ਤੇ ਰਾਤ ਦੇ ਦੀਵਾਨ ਸਜਾਏ ਜਾਣਗੇ ਜਿੱਥੇ ਰਾਗੀ ਢਾਡੀ ਜਥੇ ਕਵੀਸ਼ਰੀਆਂ ਦੇ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। 27 ਸਤੰਬਰ ਦਿਨ ਐਤਵਾਰ ਨੂੰ ਅਖੰਡ ਪਾਠ ਸਾਹਿਬ ਦੇ ਭੋਗ ਸਾਢੇ ਕੁ 10 ਵਜੇ ਦੇ ਕਰੀਬ ਪਾਏ ਜਾਣਗੇ ਅਤੇ ਦਿਨ ਦੇ ਦੀਵਾਨ ਸਜਾਏ ਜਾਣਗੇ। ਉਨਾਂ ਸੰਗਤ ਨੂੰ ਵੱਧ ਤੋਂ ਵੱਧ ਇਸ ਸਮਾਗਮ ਦੌਰਾਨ ਹਾਜ਼ਰੀ ਲਗਵਾਉਣ ਦੀ ਅਪੀਲ ਕੀਤੀ।

ਅਰਪਿਤਾ ਕੈਂਸਰ ਸੋਸਾਇਟੀ ਵੱਲੋਂ 'ਮੈਂ ਤੈਨੂੰ ਫਿਰ ਮਿਲਾਂਗੀ' ਪ੍ਰੋਗਰਾਮ ਦਾ ਆਯੋਜਨ

ਲੁਧਿਆਣਾ, 22 ਸਤੰਬਰ (ਸਰਬਜੀਤ ਸੂਡੀ) : ਅਰਪਿਤਾ ਕੈਂਸਰ ਸੋਸਾਇਟੀ ਫਾਰ ਚਿਲਡਰਨ ਵੱਲੋਂ ਬੀਸੀਐਮ ਸਕੂਲ, ਸੈਕਟਰ-32 ਦੇ ਆਡੀਟੋਰੀਅਮ ਵਿੱਚ 'ਮੈਂ ਤੈਨੂੰ ਫਿਰ ਮਿਲਾਂਗੀ' ਸਿਰਲੇਖ ਹੇਠ ਭਾਵਨਾਤਮਕ ਲਾਈਵ ਕਹਾਣੀ ਸੁਣਾਉਣ ਦਾ ਪ੍ਰੋਗਰਾਮ ਕਰਵਾਇਆ ਗਿਆ। ਪ੍ਰਸਿੱਧ ਕਹਾਣੀਕਾਰ ਲਕਸ਼ ਮਹੇਸ਼ਵਰੀ ਨੇ ਕਹਾਣੀਆਂ, ਕਵਿਤਾ, ਸੰਗੀਤ ਅਤੇ ਹਾਸੇ ਰਾਹੀਂ ਅੰਮ੍ਰਿਤਾ ਪ੍ਰੀਤਮ, ਸਾਹਿਰ ਲੁਧਿਆਣਵੀ ਅਤੇ ਇਮਰੋਜ਼ ਦੀ ਦੁਨੀਆ ਨੂੰ ਪੇਸ਼ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਸਮਾਜ ਦੀ ਸਹਾਇਤਾ ਪ੍ਰਾਪਤ ਬੱਚਿਆਂ ਵੱਲੋਂ ਦੀਵੇ ਜਗਾ ਕੇ ਕੀਤੀ ਗਈ। ਡੀਐਮਸੀਐਚ ਦੇ ਪੀਡੀਆਟ੍ਰਿਕ ਹੀਮਾਟੋ-ਆਨਕੋਲੋਜਿਸਟ ਡਾ. ਗੁਰਪ੍ਰੀਤ ਸਿੰਘ ਨੇ ਅਰਪਿਤਾ ਕੈਂਸਰ ਸੋਸਾਇਟੀ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਸ਼੍ਰੀਮਤੀ ਰਮਾ ਮੁੰਜਾਲ ਦੀ ਅਗਵਾਈ ਹੇਠ ਸੰਸਥਾ ਕੈਂਸਰ ਨਾਲ ਜੂਝ ਰਹੇ ਬੱਚਿਆਂ ਨੂੰ ਵਿੱਤੀ ਅਤੇ ਭਾਵਨਾਤਮਕ ਸਹਾਇਤਾ ਪ੍ਰਦਾਨ ਕਰ ਰਹੀ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ, ਆਈਏਐਸ ਸਮੇਤ ਸ਼ਹਿਰ ਦੇ ਡਾਕਟਰ, ਉਦਯੋਗਪਤੀ ਅਤੇ ਸਿੱਖਿਆ ਸ਼ਾਸਤਰੀ ਮੌਜੂਦ ਸਨ। ਸਮਾਗਮ ਦੇ ਅੰਤ ਵਿੱਚ ਸੁਰੇਸ਼ ਚੰਦਰ ਮੁੰਜਾਲ ਨੇ ਲਕਸ਼ ਮਹੇਸ਼ਵਰੀ ਨੂੰ ਸਨਮਾਨਿਤ ਕੀਤਾ। ਪ੍ਰੋਗਰਾਮ ਸਾਹਿਤ, ਮਨੁੱਖੀ ਭਾਵਨਾਵਾਂ ਅਤੇ ਕਹਾਣੀਆਂ ਦੀ ਸ਼ਕਤੀ ਨੂੰ ਸਮਰਪਿਤ ਯਾਦਗਾਰੀ ਸ਼ਾਮ ਬਣਿਆ।

ਸ ਸ ਭਗਵਾਨ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਕੰਨਿਆ ਸਕੂਲ ਲੌਂਗੋਵਾਲ ਵਿਖੇ ਸ਼ਹੀਦ ਪਰਜਾ ਮੰਡਲੀਏ ਭਗਵਾਨ ਸਿੰਘ ਨੂੰ ਕੀਤਾ ਯਾਦ

ਲੌਂਗੋਵਾਲ, 22 ਸਤੰਬਰ (ਰਵੀ ਗਰਗ) : ਦੇਸ਼ ਭਗਤ ਯਾਦਗਾਰ ਲੌਂਗੋਵਾਲ ਵੱਲੋਂ ਵੱਖ ਵਿਦਿਅਕ ਅਦਾਰਿਆਂ ਵਿੱਚ ਲੋਕ ਪੱਖੀ ਲਹਿਰਾਂ ਅਤੇ ਬ੍ਰਿਟਿਸ਼ ਸਾਮਰਾਜ ਨੂੰ ਖਤਮ ਕਰਨ ਵਿੱਚ ਅਪਣਾ ਆਪਾ ਵਾਰਨ ਵਾਲੇ ਦੇਸ਼ ਭਗਤਾਂ ਅਤੇ ਮਰਜੀਵੜਿਆਂ ਵਾਰੇ ਵਿਦਿਆਰਥੀਆ ਨੂੰ ਓਹਨਾਂ ਦੀ ਕੁਰਬਾਨੀ ਦੇ ਰੂਬਰੂ ਕਰਨ ਦੇ ਮਿਥੇ ਕਾਰਜ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੁੜੀਆਂ ਲੌਂਗੋਵਾਲ ਵਿਖੇ ਸ਼ਹੀਦ ਭਗਵਾਨ ਸਿੰਘ ਲੌਂਗੋਵਾਲੀਆ ਦੇ ਵਿਛੋੜੇ ਦਿਵਸ ਨੂੰ ਸਮਰਪਿਤ ਮੌਕੇ ਸੰਸਥਾਂ ਵੱਲੋਂ ਪੁੱਜੇ ਬਲਬੀਰ ਲੌਂਗੋਵਾਲ ਨੇ ਸੰਬੋਧਨ ਕੀਤਾ। ਓਹਨਾਂ ਬੱਚਿਆ ਅਤੇ ਸਮੂਹ ਸਟਾਫ ਨੂੰ ਸ਼ਹੀਦ ਭਗਵਾਨ ਸਿੰਘ ਲੌਂਗੋਵਾਲੀਆ ਦੀ ਕੁਰਬਾਨੀ ਅਤੇ ਤਿਆਗ ਦਾ ਜ਼ਿਕਰ ਕਰਦਿਆਂ ਕਿਹਾ ਕਿ ਅੱਜ ਦੀਆ ਮੁਲਕ ਦੀਆਂ ਹਾਲਤਾਂ ਨੂੰ ਅਗਰ ਦੇਖਿਆ ਜਾਵੇ ਤਾਂ ਅਜਿਹੇ ਹਾਲਤ ਕਦੇ ਵੀ ਲੋਕ ਨਾਇਕਾਂ ਨੇ ਸੁਪਨੇ ਵਿੱਚ ਵੀ ਨਹੀਂ ਦੇਖੇ ਸੀ। ਆਗੂ ਨੇ ਕਿਹਾ ਅੱਜ ਉਹਨਾਂ ਦੀ ਵਿਚਾਰਧਾਰਾ ਨੂੰ ਅੱਗੇ ਵਧਾਉਣ ਅਤੇ ਸਮਾਜ ਨੂੰ ਇਕਜੁੱਟਤਾ ਨਾਲ ਨਰੋਆ ਬਣਾਉਣ ਦੀ ਲੋੜ ਹੈ। ਸਕੂਲ ਦੀ ਪ੍ਰਿੰਸੀਪਲ ਕਰਮਜੀਤ ਕੌਰ ਨੇ ਆਏ ਹੋਏ ਵਕਤਾ ਦਾ ਧਨਵਾਦ ਕੀਤਾ ਗਿਆ। ਇਸ ਮੌਕੇ ਸਕੂਲ ਦਾ ਸਮੂਹ ਸਟਾਫ ਅਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਸਕੂਲ ? ਦੇ ਅੱਵਲ ਅਤੇ ਜਹੀਨ ਵਿਦਿਆਰਥੀਆਂ ਦਾ ਉਸਾਰੂ ਕਿਤਾਬਾਂ ਨਾਲ ਸਨਮਾਨ ਵੀ ਕੀਤਾ ਗਿਆ।

ਪਰਾਲੀ ਪ੍ਰਬੰਧਨ ਲਈ ਬੇਲਰ ਮਾਲਕਾਂ ਨਾਲ ਡਿਪਟੀ ਕਮਿਸ਼ਨਰ ਦੀ ਵਿਸ਼ੇਸ਼ ਮੀਟਿੰਗ

ਮਾਲੇਰਕੋਟਲਾ, 22 ਸਤੰਬਰ (ਮੁਨਸ਼ੀ ਫ਼ਾਰੂਕ) : ਆਗਾਮੀ ਝੋਨੇ ਦੀ ਕਟਾਈ ਦੇ ਸੀਜ਼ਨ ਦੌਰਾਨ ਪਰਾਲੀ ਅਤੇ ਹੋਰ ਫ਼ਸਲੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧ ਲਈ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ,ਜ਼ਿਲ੍ਹੇ ਦੇ ਬੇਲਰ ਮਾਲਕਾਂ ਅਤੇ ਪਰਾਲੀ ਪ੍ਰਬੰਧਨ ਨਾਲ ਸਬੰਧਤ ਇਕਾਕੀਆਂ ਦੇ ਨੁਮਾਇੰਦਿਆ ਨਾਲ ਵਿਸ਼ੇਸ਼ ਮੀਟਿੰਗ ਕਰਕੇ ਅਗਾਊਂ ਤਿਆਰੀਆਂ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਇਸ ਵਾਰ ਪਰਾਲੀ ਨੂੰ ਅੱਗ ਲੱਗਣ ਤੋਂ ਬਚਾਉਣ ਲਈ ਪ੍ਰਸ਼ਾਸਨਿਕ ਨਿਗਰਾਨੀ ਦੇ ਨਾਲ ਕਿਸਾਨਾਂ, ਬੇਲਰ ਮਾਲਕਾਂ ਅਤੇ ਵਿਭਾਗਾਂ ਦੀ ਸਾਂਝ ਨੂੰ ਹੋਰ ਮਜ਼ਬੂਤ ਕੀਤਾ ਜਾਵੇ। ਡਿਪਟੀ ਕਮਿਸ਼ਨਰ ਨੇ ਬੇਲਰ ਮਾਲਕਾਂ ਨਾਲ ਪਰਾਲੀ ਇਕੱਠੀ ਕਰਨ, ਗੰਢਾਂ ਬਣਾਉਣ ਅਤੇ ਉਸ ਦੀ ਢੋਆ-ਢੁਆਈ ਨਾਲ ਜੁੜੇ ਵਿਹਾਰਕ ਪਹਿਲੂਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਅਤੇ ਉਨ੍ਹਾਂ ਨੂੰ ਦਰਪੇਸ਼ ਸਮੱਸਿਆਵਾਂ ਵੀ ਸੁਣੀਆਂ। ਉਨ੍ਹਾਂ ਬੇਲਰ ਮਾਲਕਾਂ ਨੂੰ ਅਪੀਲ ਕੀਤੀ ਕਿ ਝੋਨੇ ਦੇ ਸੀਜ਼ਨ ਦੌਰਾਨ ਆਪਣੀਆਂ ਮਸ਼ੀਨਾਂ ਰਾਹੀਂ ਪਰਾਲੀ ਪ੍ਰਬੰਧਨ ਲਈ ਸਭ ਤੋਂ ਪਹਿਲਾਂ ਮਾਲੇਰਕੋਟਲਾ ਜ਼ਿਲ੍ਹੇ ਦੇ ਕਿਸਾਨਾਂ ਨੂੰ ਤਰਜੀਹ ਦਿੱਤੀ ਜਾਵੇ, ਤਾਂ ਜੋ ਖੇਤਾਂ ਵਿੱਚ ਪਈ ਪਰਾਲੀ ਨੂੰ ਸਮੇਂ ਸਿਰ ਸੰਭਾਲਿਆ ਜਾ ਸਕੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਰਾਜਦੀਪ ਸਿੰਘ ਬਰਾੜ, ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਬੰਸ ਸਿੰਘ, ਖੇਤੀਬਾੜੀ ਅਫ਼ਸਰ ਡਾ. ਕੁਲਵੀਰ ਸਿੰਘ, ਡੀ.ਆਰ.ਸੀ.ਐਸ. ਵਿਜੈਇੰਦਰ ਸੰਧੂ, ਦਰਸ਼ਨ ਸਿੰਘ, ਖੇਤੀਬਾੜੀ ਵਿਕਾਸ ਅਫ਼ਸਰ ਸੰਦੀਪ ਸਿੰਘ, ਨਵਦੀਪ ਕੁਮਾਰ ਤੋਂ ਇਲਾਵਾ ਬੇਲਰ ਮਾਲਕ ਭੁਪਿੰਦਰ ਸਿੰਘ, ਕਰਮਜੀਤ ਸਿੰਘ, ਹਰਵਿੰਦਰ ਸਿੰਘ ਅਤੇ ਬਲਵਿੰਦਰ ਸਿੰਘ ਵੀ ਮੌਜੂਦ ਸਨ।

ਪੈਟਰੋਲ ਪੰਪਾਂ ਤੇ ਪਾਈਪ ਹੋਵੇ ਪਾਰਦਰਸ਼ੀ, ਖਪਤਕਾਰਾਂ ਨੂੰ ਮਿਲੇ ਪੂਰਨ ਭਰੋਸਾ : ਕੇ.ਪੀ. ਰਾਣਾ

ਲੁਧਿਆਣਾ, 22 ਸਤੰਬਰ (ਸੂਰਜ) : ਪੈਟਰੋਲ ਪੰਪਾਂ 'ਤੇ ਵਾਹਨਾਂ ਵਿੱਚ ਪੈਟਰੋਲ ਅਤੇ ਡੀਜ਼ਲ ਪਾਉਣ ਲਈ ਵਰਤੀ ਜਾਂਦੀ ਪਾਈਪ ਨੂੰ ਪਾਰਦਰਸ਼ੀ ਕਰਨ ਦੀ ਕੇਂਦਰੀ ਪੈਟਰੋਲੀਅਮ ਮੰਤਰੀ ਤੋਂ ਪੁਰਜ਼ੋਰ ਸ਼ਬਦਾਂ ਵਿੱਚ ਮੰਗ ਕਰਦੇ ਹੋਏ ਉੱਘੇ ਸਮਾਜ ਸੇਵੀ ਅਤੇ ਜਿਲਾ ਭਾਜਪਾ ਐਸਸੀ ਵਿੰਗ ਲੁਧਿਆਣਾ ਦਿਹਾਤੀ ਦੇ ਪ੍ਰਧਾਨ ਕੇ.ਪੀ. ਰਾਣਾ ਨੇ ਕਿਹਾ ਕਿ ਪਾਰਦਰਸ਼ੀ ਪਾਈਪ ਹੋਣ ਨਾਲ ਖਪਤਕਾਰਾਂ ਨੂੰ ਈਂਧਨ ਪਵਾਉਣ ਦੀ ਪ੍ਰਕਿਰਿਆ ਸਪੱਸ਼ਟ ਤੌਰ 'ਤੇ ਦਿਖਾਈ ਦੇਵੇਗੀ ਅਤੇ ਉਨ੍ਹਾਂ ਦਾ ਭਰੋਸਾ ਹੋਰ ਮਜ਼ਬੂਤ ਹੋਵੇਗਾ। ਕੇ.ਪੀ. ਰਾਣਾ ਨੇ ਕਿਹਾ ਕਿ ਮੌਜੂਦਾ ਸਮੇਂ ਪੰਪਾਂ 'ਤੇ ਵਰਤੀਆਂ ਜਾਂਦੀਆਂ ਪਾਈਪਾਂ ਪਾਰਦਰਸ਼ੀ ਨਾ ਹੋਣ ਕਾਰਨ ਆਮ ਖਪਤਕਾਰ ਲਈ ਇਹ ਦੇਖਣਾ ਮੁਸ਼ਕਲ ਹੁੰਦਾ ਹੈ ਕਿ ਮਸ਼ੀਨ ਤੋਂ ਨਿਕਲ ਰਿਹਾ ਈਂਧਨ ਪਾਈਪ ਰਾਹੀਂ ਵਾਹਨ ਦੀ ਟੈਂਕੀ ਵਿੱਚ ਕਿਸ ਤਰ੍ਹਾਂ ਜਾ ਰਿਹਾ ਹੈ। ਉਨ੍ਹਾਂ ਪੈਟਰੋਲੀਅਮ ਮੰਤਰਾਲੇ ਤੋਂ ਮੰਗ ਕੀਤੀ ਕਿ ਪੈਟਰੋਲ ਪੰਪਾਂ 'ਤੇ ਪਾਰਦਰਸ਼ੀ ਪਾਈਪ ਲਗਾਉਣ ਸਬੰਧੀ ਸਪੱਸ਼ਟ ਨਿਯਮ ਬਣਾਏ ਜਾਣ ਅਤੇ ਮੌਜੂਦਾ ਪੰਪਾਂ 'ਤੇ ਵੀ ਇਸ ਨੂੰ ਲਾਗੂ ਕਰਨ ਦੀ ਸੰਭਾਵਨਾ 'ਤੇ ਵਿਚਾਰ ਕੀਤਾ ਜਾਵੇ।

ਰਾਏਕੋਟ ਵਿਖੇ ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 500 ਡਰੋਨਾਂ ਦਾ ਸ਼ਾਨਦਾਰ ਸ਼ੋਅ ਕਰਵਾਇਆ

ਰਾਏਕੋਟ, 22 ਸਤੰਬਰ (ਮਹੰਤ ਰਾਜਪਾਲ ਦਾਸ) : ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸੋਮਵਾਰ ਸ਼ਾਮ ਨੂੰ ਅਨਾਜ ਮੰਡੀ, ਰਾਏਕੋਟ ਵਿਖੇ ਸ਼ਾਨਦਾਰ ਡਰੋਨ ਸ਼ੋਅ ਕਰਵਾਇਆ ਗਿਆ। ਇਸ ਦੌਰਾਨ 500 ਡਰੋਨਾਂ ਨੇ ਅਸਮਾਨ ਵਿੱਚ ਰੌਸ਼ਨੀਆਂ ਦੀ ਮਨਮੋਹਕ ਪੇਸ਼ਕਾਰੀ ਰਾਹੀਂ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫਲਸਫ਼ੇ ਅਤੇ ਮਹਾਨ ਸਿੱਖਿਆਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ। ਭਾਰੀ ਗਿਣਤੀ ਵਿੱਚ ਮੌਜੂਦ ਸੰਗਤ ਨੇ ਇਸ ਵਿਲੱਖਣ ਪੇਸ਼ਕਾਰੀ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਦੇਖਿਆ। ਇਸ ਮੌਕੇ ਵਿਧਾਨ ਸਭਾ ਹਲਕਾ ਰਾਏਕੋਟ ਦੇ ਵਿਧਾਇਕ ਹਾਕਮ ਸਿੰਘ ਠੇਕੇਦਾਰ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਪੂਰੀ ਸ਼ਰਧਾ ਨਾਲ ਵੱਡੇ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਦੀ ਲੜੀ ਤਹਿਤ ਸੂਬੇ ਭਰ ਵਿੱਚ ਡ